7- NOV-PAGE-1.qxd 11/6/2024 10:36 PM Page 1

ਵੀਰਵਾਰ, 7 ਨਵੰਬਰ, 2024
22 ਕੱਤਕ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 157

ਨਵਾਂ ਜ਼ਮਾਨਾ

DAILY NAWAN ZAMANA • THURSDAY, 7 NOVEMBER, 2024 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

You Tube nawan zamana TV

ਟਰੰਪ ਅਮਰੀਕੀਆਂ ਨੂੰ ਕਮਲ਼ਾ ਕਰਨ 'ਚ ਸਫਲ

ਵਾਸ਼ਿੰਗਟਨ : ਡੋਨਾਲਡ ਟਰੰਪ ਬੁੱਧਵਾਰ ਮੁੜ ਅਮਰੀਕਾ ਦੇ ਰਾਸ਼ਟਰਪਤੀ ਚੁਣੇ ਗਏ। ਉਨ੍ਹਾ 50 ਰਾਜਾਂ ਦੀਆਂ 538 ਸੀਟਾਂ ਵਿੱਚੋਂ 277 ਸੀਟਾਂ ਹਾਸਲ ਕੀਤੀਆਂ, ਜੋ ਕਿ ਬਹੁਮਤ ਲਈ ਲੋੜੀਂਦੀਆਂ 270 ਨਾਲੋਂ 7 ਵੱਧ ਹਨ। ਡੈਮੋਕਰੇਟਿਕ ਪਾਰਟੀ ਦੀ ਉਮੀਦਵਾਰ ਕਮਲਾ ਹੈਰਿਸ ਸਖਤ ਟੱਕਰ ਦੇਣ ਦੇ ਬਾਵਜੂਦ 224 ਸੀਟਾਂ ਹੀ ਜਿੱਤ ਸਕੀ।

ਟਰੰਪ 2016 ਵਿੱਚ ਪਹਿਲੀ ਵਾਰ ਰਾਸ਼ਟਰਪਤੀ ਬਣੇ ਸਨ ਅਤੇ 2020 ਵਿੱਚ ਜੋਅ ਬਾਇਡੇਨ ਤੋਂ ਹਾਰ ਗਏ ਸਨ। ਟਰੰਪ ਦੂਜੀ ਸੰਸਾਰ ਜੰਗ ਤੋਂ ਬਾਅਦ ਪਹਿਲੇ ਆਗੂ ਹਨ, ਜਿਹੜੇ ਚਾਰ ਸਾਲ ਦੇ ਵਕਫੇ ਦੇ ਬਾਅਦ ਦੁਬਾਰਾ ਰਾਸ਼ਟਰਪਤੀ ਬਣੇ ਹਨ। ਅਮਰੀਕੀ ਇਤਿਹਾਸ 'ਚ ਟਰੰਪ ਪਹਿਲੇ ਆਗੂ ਹਨ, ਜਿਨ੍ਹਾ ਦੋਨੋਂ ਵਾਰ ਮਹਿਲਾ ਉਮੀਦਵਾਰਾਂ ਨੂੰ ਹਰਾਇਆ। ਦਿਲਚਸਪ ਤੱਥ ਇਹ ਵੀ ਹੈ ਕਿ 2016 ਤੇ 2024 ਦੇ ਇਲਾਵਾ ਕਦੇ ਕੋਈ ਮਹਿਲਾ ਨੇ ਰਾਸ਼ਟਰਪਤੀ ਦੀ ਚੋਣ ਨਹੀਂ ਲੜੀ। 2016 ਵਿੱਚ ਟਰੰਪ ਨੇ ਹਿਲੇਰੀ ਕਲਿੰਟਨ ਨੂੰ ਹਰਾਇਆ ਸੀ।

ਰਾਸ਼ਟਰਪਤੀ ਦੇ ਨਾਲ-ਨਾਲ ਸੰਸਦ ਦੇ ਦੋਹਾਂ ਸਦਨਾਂ—ਸੈਨੇਟ ਤੇ ਪ੍ਰਤੀਨਿਧ ਸਭਾ ਦੀਆਂ ਚੋਣਾਂ ਵੀ ਹੋਈਆਂ ਹਨ। ਉਪਰਲੇ ਸਦਨ ਸੈਨੇਟ ਦੀਆਂ 100 ਸੀਟਾਂ 'ਚ ਹਰੇਕ ਰਾਜ ਦੀ ਦੋ ਸੀਟਾਂ ਦੀ ਹਿੱਸੇਦਾਰੀ ਹੈ। ਇਸ ਦੀਆਂ ਇੱਕ-ਤਿਹਾਈ ਸੀਟਾਂ ਲਈ ਹਰ ਦੋ ਸਾਲ ਬਾਅਦ ਚੋਣਾਂ ਹੁੰਦੀਆਂ ਹਨ। ਇਸ ਵਾਰ 34 ਸੀਟਾਂ ਲਈ ਚੋਣਾਂ ਹੋਈਆਂ। ਤਾਜ਼ਾ ਨਤੀਜਿਆਂ ਤੋਂ ਬਾਅਦ ਟਰੰਪ ਦੀ ਰਿਪਬਲੀਕਨ ਪਾਰਟੀ ਦੀਆਂ ਸੈਨੇਟ ਵਿੱਚ 51 ਸੀਟਾਂ ਹੋ ਗਈਆਂ ਹਨ। ਪਹਿਲਾਂ 49 ਸਨ। ਸੈਨੇਟ ਵਿਚ ਬਹੁਮਤ ਨਾਲ ਟਰੰਪ ਨੂੰ ਆਪਣੀਆਂ ਨੀਤੀਆਂ ਲਾਗੂ ਕਰਾਉਣਾ ਆਸਾਨ ਹੋਵੇਗਾ। ਸੈਨੇਟ ਦਾ ਅਮਰੀਕਾ ਵਿੱਚ ਵੱਧ ਮਹੱਤਵ ਹੈ, ਕਿਉਂਕਿ ਸੈਨੇਟ ਨੂੰ ਮਹਾਂਦੋਸ਼ ਤੇ ਵਿਦੇਸ਼ੀ ਸਮਝੌਤਿਆਂ ਵਰਗੇ ਅਹਿਮ ਮਸਲਿਆਂ ਨੂੰ ਰੱਦ ਜਾਂ ਮਨਜ਼ੂਰ ਕਰਨ ਦਾ ਅਧਿਕਾਰ ਹੈ।



ਟਰੰਪ ਦੀ ਜਿੱਤ 'ਤੇ ਖੁਸ਼ੀ ਮਨਾਉਂਦੀ ਪਤਨੀ ਮੇਲਾਨੀਆ ਟਰੰਪ।

ਪ੍ਰਤੀਨਿਧ ਸਭਾ ਦੀਆਂ 435 ਸੀਟਾਂ ਲਈ ਹਰ ਦੋ ਸਾਲ ਬਾਅਦ ਚੋਣਾਂ ਹੁੰਦੀਆਂ ਹਨ। ਬਹੁਮਤ 218 ਸੀਟਾਂ ਦਾ ਹੈ। ਚੱਲ ਰਹੀ ਗਿਣਤੀ 'ਚ ਰਿਪਬਲੀਕਨ ਪਾਰਟੀ 195 ਤੇ ਡੈਮੋਕਰੇਟਿਕ 176 ਸੀਟਾਂ ਹਾਸਲ ਕਰ ਚੁੱਕੀਆਂ ਸਨ।

ਜਿੱਤ ਦੇ ਬਾਅਦ ਟਰੰਪ ਨੇ ਕਿਹਾ—ਇੱਕ ਵਾਰ ਅਮਰੀਕਾ ਨੂੰ ਮਹਾਨ ਬਣਾਵਾਂਗਾ। ਰੱਬ ਨੇ ਮੇਰੀ ਜਾਨ ਇਸੇ ਦਿਨ ਲਈ ਬਚਾਈ ਸੀ। (ਟਰੰਪ 'ਤੇ 13 ਜੁਲਾਈ ਨੂੰ ਪੈਨਸਿਲਵੇਨੀਆ ਵਿੱਚ ਹਮਲਾ ਹੋਇਆ ਸੀ। ਗੋਲੀ ਉਨ੍ਹਾ ਦੇ ਕੰਨ ਨੂੰ ਛੂਹ ਕੇ ਨਿਕਲ ਗਈ ਸੀ।) ਟਰੰਪ ਨੇ ਅੱਗੇ ਕਿਹਾ—ਅਸੀਂ ਉਹ ਕਰ ਵਿਖਾਇਆ ਹੈ, ਜੋ ਲੋਕਾਂ ਨੂੰ ਨਾਮੁਮਕਿਨ ਲੱਗ ਰਿਹਾ ਸੀ। ਇਹ ਅਮਰੀਕਾ ਦੇ ਇਤਿਹਾਸ ਦੀ ਸਭ ਤੋਂ ਸ਼ਾਨਦਾਰ ਜਿੱਤ ਹੈ। ਮੈਂ ਦੇਸ਼ ਦੇ ਸਾਰੇ ਮਸਲੇ ਹੱਲ ਕਰਾਂਗਾ, ਅਮਰੀਕੀ ਲੋਕਾਂ ਦੇ ਪਰਵਾਰਾਂ ਤੇ ਉਨ੍ਹਾਂ ਦੇ ਭਵਿੱਖ ਲਈ ਲੜਾਂਗਾ। ਅਗਲੇ ਚਾਰ ਸਾਲ ਅਮਰੀਕਾ ਲਈ ਅਹਿਮ ਹਨ।

ਟਰੰਪ ਨੇ ਐਲਨ ਮਸਕ ਦੀ ਤਾਰੀਫ ਕਰਦਿਆਂ ਕਿਹਾ—ਇਲੌਨ ਇਕ ਸਟਾਰ ਹਨ। ਚੋਣ ਪ੍ਰਚਾਰ ਵਿਚ ਉਨ੍ਹਾ ਰਾਕਟ ਦੀ ਤਰ੍ਹਾਂ ਉਡਾਣ ਭਰੀ।

ਕਮਲਾ ਹੈਰਿਸ ਸਵਿੰਗ ਸਟੇਟਾਂ ਵਿਚ ਪਛੜਨ ਕਰਕੇ ਹਾਰੀ। 43 ਰਾਜਾਂ ਬਾਰੇ ਸਪੱਸ਼ਟ ਹੁੰਦਾ ਹੈ ਕਿ ਕਿਹੜੀ ਪਾਰਟੀ ਨੇ ਜਿੱਤਣਾ ਹੈ। ਸੱਤ ਸਵਿੰਗ ਸਟੇਟਾਂ ਦੇ ਵੋਟਰ ਇ੧ਧਰ-ਉੱਧਰ ਹੋ ਕੇ ਉਮੀਦਵਾਰਾਂ ਦੀ ਖੇਡ ਵਿਗਾੜ ਦਿੰਦੇ ਹਨ। ਇਨ੍ਹਾਂ ਵਿੱਚੋਂ ਤਿੰਨ 'ਚ ਟਰੰਪ ਜਿੱਤ ਗਏ ਸਨ ਤੇ ਚਾਰ 'ਚ ਅੱਗੇ ਸਨ। ਪਿਛਲੀਆਂ ਚੋਣਾਂ ਵਿਚ ਟਰੰਪ ਸਿਰਫ ਇਕ ਸਵਿੰਗ ਸਟੇਟ ਕੈਰੋਲੀਨਾ ਵਿੱਚ ਜਿੱਤੇ ਸਨ। ਸਵਿੰਗ ਸਟੇਟਾਂ ਦੀਆਂ 93 ਸੀਟਾਂ ਹਨ। ਇਨ੍ਹਾਂ ਰਾਜਾਂ ਵਿਚ ਜਿੱਤ-ਹਾਰ ਦਾ ਫਰਕ ਬਹੁਤ ਘੱਟ ਰਹਿੰਦਾ ਹੈ।

ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਉਹ ਟਰੰਪ ਨਾਲ ਦੋਹਾਂ ਦੇਸ਼ਾਂ ਵਿਚਕਾਰ ਗਲੋਬਲ ਅਤੇ ਰਣਨੀਤਕ ਭਾਈਵਾਲੀ ਤਹਿਤ ਮਿਲਵਰਤਣ ਦੇ ਨਵੀਨੀਕਰਨ ਲਈ ਉਤਸੁਕ ਹਨ। ਮੋਦੀ ਨੇ ਟਰੰਪ ਨੂੰ ਵਧਾਈ ਦਿੰਦਿਆਂ ਕਿਹਾ—ਆਓ, ਆਪਣੇ ਲੋਕਾਂ ਦੀ ਬਿਹਤਰੀ ਲਈ ਅਤੇ ਵਿਸ਼ਵ ਸ਼ਾਂਤੀ, ਸਥਿਰਤਾ ਅਤੇ ਖੁਸ਼ਹਾਲੀ ਨੂੰ ਉਤਸ਼ਾਹਤ ਕਰਨ ਲਈ ਕੰਮ ਕਰੀਏ।

ਹਲਕੇ ਲਸੰਸ ਵਾਲੇ ਨਿੱਕੇ ਟਰੱਕ ਚਲਾਉਣ ਦੇ ਯੋਗ : ਸੁਪਰੀਮ ਕੋਰਟ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਬੁੱਧਵਾਰ ਦੁਹਰਾਇਆ ਕਿ ਲਾਈਟ ਮੋਟਰ ਵਹੀਕਲ (ਐੱਲ ਐੱਮ ਵੀ) ਲਾਇਸੈਂਸ ਧਾਰਕਾਂ ਨੂੰ ਐੱਲ ਐੱਮ ਵੀ ਕਲਾਸ ਦੇ ਟਰਾਂਸਪੋਰਟ ਵਾਹਨ ਚਲਾਉਣ ਲਈ ਕਿਸੇ ਵੱਖਰੇ ਪੱਤਰ ਦੀ ਲੋੜ ਨਹੀਂ ਹੈ। ਚੀਫ ਜਸਟਿਸ ਦੀ ਅਗਵਾਈ ਵਾਲੀ ਪੰਜ ਜੱਜਾਂ ਦੀ ਸੰਵਿਧਾਨਕ ਬੈਂਚ ਨੇ ਕਿਹਾ ਕਿ ਐੱਲ ਐੱਮ ਵੀ ਲਾਇਸੈਂਸ ਰੱਖਣ ਵਾਲਾ ਵਿਅਕਤੀ ਵੀ ਟਰਾਂਸਪੋਰਟ ਵਾਹਨ ਚਲਾ ਸਕਦਾ ਹੈ, ਜੇ ਵਾਹਨ ਦਾ ਕੁੱਲ ਵਜ਼ਨ 7,500 ਕਿੱਲੋ ਤੋਂ ਘੱਟ ਹੈ।

ਬੈਂਚ ਨੇ ਕਿਹਾ ਕਿ ਬੀਮਾ ਕੰਪਨੀਆਂ ਆਪਣੀਆਂ ਪਟੀਸ਼ਨਾਂ 'ਚ ਇਹ ਦਰਸਾਉਣ ਲਈ ਕੋਈ ਠੋਸ ਡਾਟਾ ਨਹੀਂ ਪੇਸ਼ ਕਰ ਸਕੀਆਂ ਕਿ ਟਰਾਂਸਪੋਰਟ ਵਾਹਨ ਚਲਾਉਣ ਵਾਲੇ ਐੱਲ ਐੱਮ ਵੀ ਲਾਇਸੈਂਸ ਧਾਰਕ ਭਾਰਤ 'ਚ ਸੜਕ ਹਾਦਸੇ ਵੱਧ ਕਰਦੇ ਹਨ।

ਮਹਿੰਦੀ ਫੈਕਟਰੀ 'ਚ ਧਮਾਕਾ, ਤਿੰਨ ਮਜ਼ਦੂਰ ਮਹਿਲਾਵਾਂ ਜ਼ਖਮੀ

ਬਠਿੰਡਾ : ਮੰਡੀ ਕਿਲਿਆਂਵਾਲੀ 'ਚ ਬੁੱਧਵਾਰ ਬਾਅਦ ਦੁਪਹਿਰ ਕਰੀਬ ਦੋ ਵਜੇ ਮਹਿੰਦੀ ਬਣਾਉਣ ਦੀ ਰਘੂਕੁਲ ਖਾਦੀ ਗ੍ਰਾਮ ਉਦਯੋਗ ਵਾਟਿਕਾ ਫੈਕਟਰੀ 'ਚ ਜ਼ੋਰਦਾਰ ਧਮਾਕੇ ਨਾਲ ਅੱਗ ਲੱਗ ਗਈ, ਜਿਸ ਕਾਰਨ ਤਿੰਨ ਮੁਲਾਜ਼ਮ ਔਰਤਾਂ ਗੰਭੀਰ ਰੂਪ ਵਿਚ ਝੁਲਸ ਗਈਆਂ, ਜਿਨ੍ਹਾਂ ਨੂੰ ਏਮਜ਼ ਬਠਿੰਡਾ ਵਿਖੇ ਇਲਾਜ ਲਈ ਲਿਆਂਦਾ ਗਿਆ ਹੈ। ਹਾਦਸਾ ਬੱਸ ਸਟੈਂਡ ਦੇ ਸਾਹਮਣੇ ਡਾਕਖਾਨੇ ਵਾਲੀ ਗਲੀ 'ਚ ਸਥਿਤ ਫੈਕਟਰੀ ਅੰਦਰ ਮਹਿੰਦੀ ਮਿਕਸਿੰਗ ਯੂਨਿਟ ਵਿਚ ਵਾਪਰਿਆ। ਫੈਕਟਰੀ 'ਚ ਡੇਢ ਦਰਜਨ ਤੋਂ ਪਰਵਾਸੀ ਮਜ਼ਦੂਰ ਔਰਤਾਂ ਕੰਮ ਕਰਦੀਆਂ ਹਨ।

ਸਜ ਗਿਆ ਮੇਲਾ ਗਦਰੀ ਬਾਬਿਆਂ ਦਾ

ਜਲੰਧਰ (ਕੇਸਰ) ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਬੁੱਧਵਾਰ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਦੱਸਿਆ ਕਿ ਦੇਸ਼ ਭਗਤ ਯਾਦਗਾਰ ਹਾਲ 'ਚ ਵੇਖਿਆਂ ਹੀ ਬਣਦਾ ਹੈ ਮੇਲੇ ਦਾ ਦਿਲਕਸ਼ ਨਜ਼ਾਰਾ। ਹਾਲ 'ਚ ਲੱਗੀ ਵਰਕਸ਼ਾਪ ਵਿੱਚ ਰਿਹਰਸਲਾਂ ਕਰ ਰਹੇ 100 ਦੇ ਕਰੀਬ ਮੁੰਡੇ-ਕੁੜੀਆਂ ਕਲਾਕਾਰ ਝੰਡੇ ਦਾ ਗੀਤ ਓਪੇਰਾ 'ਮੇਲਾ ਕੀ ਕਹਿੰਦੈ' 9 ਨਵੰਬਰ ਸਵੇਰੇ 10 ਵਜੇ ਝੰਡਾ ਲਹਿਰਾਉਣ ਉਪਰੰਤ ਅਜੀਤ ਸਿੰਘ ਪੰਡਾਲ 'ਚ ਪੇਸ਼ ਕਰਨਗੇ। ਕਮੇਟੀ ਮੈਂਬਰ ਅਮੋਲਕ ਸਿੰਘ ਦਾ ਲਿਖਿਆ ਝੰਡੇ ਦਾ ਗੀਤ ਸੱਤਪਾਲ ਬੰਗਾ (ਪਟਿਆਲਾ) ਦੀ ਨਿਰਦੇਸ਼ਨਾ 'ਚ ਅਨੇਕਾਂ ਮਹੱਤਵਪੂਰਨ ਸੁਨੇਹੇ ਦੇਵੇਗਾ।

ਹਾਲ ਦੇ ਪ੍ਰਵੇਸ਼ ਦੁਆਰ ਨੂੰ ਕਾਂਸ਼ੀ ਰਾਮ ਮੜੌਲੀ ਨਗਰ, ਪੁਸਤਕ ਪ੍ਰਦਰਸ਼ਨੀ ਨੂੰ 'ਜਿਊਲੀਅਸ ਫ਼ਿਊਚਿਕ ਯਾਦਗਾਰੀ ਪੰਡਾਲ' ਅਤੇ ਵਿਸ਼ਾਲ ਸਟੇਡੀਅਮ ਨੂੰ ਪਗੜੀ ਸੰਭਾਲ ਜੱਟਾ ਲਹਿਰ ਦੇ ਬਾਨੀ ਦੇ ਨਾਂਅ 'ਅਜੀਤ ਸਿੰਘ ਪੰਡਾਲ' ਨਾਂਅ ਨਾਲ ਸਜਾ ਦਿੱਤਾ ਗਿਆ ਹੈ। ਸਮੁੱਚਾ ਦੇਸ਼ ਭਗਤ ਯਾਦਗਾਰ ਹਾਲ ਲੜੀਆਂ, ਝੰਡਿਆਂ, ਟੂਕਾਂ ਅਤੇ ਫਲੈਕਸਾਂ ਨਾਲ ਸਜਿਆ ਦੇਸ਼-ਵਿਦੇਸ਼ ਤੇ ਪੰਜਾਬ ਭਰ ਤੋਂ ਆ ਰਹੇ ਮੇਲਾ ਪ੍ਰੇਮੀਆਂ ਨੂੰ ਬਾਹਵਾਂ ਫੈਲਾ ਕੇ ਜੀ ਆਇਆਂ ਆਖ ਰਿਹਾ ਹੈ। ਬੁੱਧਵਾਰ ਸਾਰਾ ਦਿਨ ਪੰਜਾਬ ਦੇ ਕੋਨੇ-ਕੋਨੇ ਤੋਂ ਨਾਮਵਰ ਚਿੱਤਰਕਾਰ, ਫੋਟੋਕਾਰ ਆਪਣੀਆਂ ਕਲਾ-ਕਿਰਤਾਂ ਲੈ ਕੇ ਚਾਈਂ-ਚਾਈਂ ਦੇਸ਼ ਭਗਤ ਹਾਲ ਆਉਂਦੇ ਰਹੇ। ਗੁਰਦੀਸ਼ ਜਲੰਧਰ, ਰਵਿੰਦਰ ਰਵੀ ਲੁਧਿਆਣਾ, ਗੁਰਪ੍ਰੀਤ ਬਠਿੰਡਾ, ਸੁਖਜੀਵਨ ਪਟਿਆਲਾ, ਇੰਦਰਜੀਤ ਮਾਨਸਾ, ਇੰਦਰਜੀਤ ਜਲੰਧਰ, ਵਰੁਨ ਟੰਡਨ, ਪਾਰਸ ਫਗਵਾੜਾ ਤੋਂ ਇਲਾਵਾ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਵੀ ਕਮੇਟੀ ਮੈਂਬਰ ਡਾ. ਸੈਲੇਸ਼ ਦੀ ਅਗਵਾਈ 'ਚ ਫ਼ਲਸਤੀਨ 'ਤੇ ਜੂਝਦੇ ਲੋਕਾਂ ਦੇ ਨਾਂਅ ਫੋਟੋ ਪ੍ਰਦਰਸ਼ਨੀ ਲਗਾਈ ਜਾ ਰਹੀ ਹੈ।

ਪੁਸਤਕ ਪ੍ਰਦਰਸ਼ਨੀ ਦਾ ਉਦਘਾਟਨ ਅਤੇ ਕਲਾਕਾਰ ਸ਼ਖਸੀਅਤਾਂ ਦਾ ਕਮੇਟੀ ਵੱਲੋਂ ਸਨਮਾਨ 7 ਨਵੰਬਰ ਦੁਪਹਿਰ 2 ਵਜੇ ਹੋਏਗਾ। ਜੂਲੀਅਸ ਫਿਊਚਿਕ ਪੁਸਤਕ ਪ੍ਰਦਰਸ਼ਨੀ ਪੰਡਾਲ ਵਿੱਚ ਸ਼ਾਮ 4 ਵਜੇ ਪੁਸਤਕ ਸੱਭਿਆਚਾਰ ਉਪਰ ਵਿਚਾਰ-ਚਰਚਾ ਹੋਏਗੀ ਅਤੇ ਇਸ ਤੋਂ ਪਹਿਲਾਂ ਬੀਤੇ ਦਿਨੀਂ ਵਿੱਛੜੀਆਂ ਸ਼ਖਸੀਅਤਾਂ ਸ੍ਰੀਮਤੀ ਕੈਲਾਸ਼ ਕੌਰ, ਡਾ. ਸੁਰਜੀਤ ਪਾਤਰ, ਇਕਬਾਲ ਖ਼ਾਨ, ਅਮਰਜੀਤ ਪ੍ਰਦੇਸੀ, ਹਰਬੰਸ ਹੀਓਂ, ਕੁਲਦੀਪ ਜਲੂਰ ਨੂੰ ਸਿਜਦਾ ਕੀਤਾ ਜਾਏਗਾ। ਪੁਸਤਕ ਪ੍ਰਦਰਸ਼ਨੀ ਵਿੱਚ ਦਿੱਲੀ, ਹਰਿਆਣਾ, ਰਾਜਸਥਾਨ, ਯੂ.ਪੀ. ਅਤੇ ਪੰਜਾਬ ਭਰ 'ਚੋਂ ਵੱਖ-ਵੱਖ ਭਾਸ਼ਾਵਾਂ ਅਤੇ ਵਿਧਾਵਾਂ ਦੀਆਂ ਪੁਸਤਕਾਂ 7 ਨਵੰਬਰ ਸ਼ਾਮ 4 ਵਜੇ ਤੋਂ ਪੁਸਤਕ ਪ੍ਰੇਮੀਆਂ ਦੀ ਨਜ਼ਰ ਹੋਣਗੀਆਂ ਅਤੇ 10 ਨਵੰਬਰ ਸਰਘੀ ਵੇਲੇ ਤੱਕ ਜਾਰੀ ਰਹੇਗੀ ਪੁਸਤਕ ਪ੍ਰਦਰਸ਼ਨੀ। ਚਿੱਤਰਕਲਾ ਪ੍ਰਦਰਸ਼ਨੀ ਨੂੰ ਅੰਤਿਮ ਛੋਹਾਂ ਦਿੰਦੇ ਹੋਏ ਡਾ. ਸੈਲੇਸ਼, ਵਿਜੈ ਬੰਬੇਲੀ, ਪਰਮਜੀਤ ਸਿੰਘ, ਸੁਰਿੰਦਰਪਾਲ, ਵਿਜੈ ਕੁਮਾਰ, ਗੁਰਦੀਪ ਸਿੰਘ ਸੰਧਰ, ਮਨਿੰਦਰ ਸਿੰਘ ਅਤੇ ਕੁਲਵੰਤ ਸਿੰਘ ਕਾਕਾ ਨੇ ਦੱਸਿਆ ਕਿ ਇਹ ਪ੍ਰਦਰਸ਼ਨੀ ਆਪਣੇ-ਆਪ ਵਿੱਚ ਮੇਲੇ ਦਾ ਹਾਸਲ ਹੈ।

ਰਾਤੋ-ਰਾਤ ਬੁਲਡੋਜ਼ਰ ਚਲਾ ਕੇ ਲੋਕਾਂ ਦੇ ਘਰ ਨਹੀਂ ਢਾਹ ਸਕਦੇ : ਸੁਪਰੀਮ ਕੋਰਟ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ 2019 'ਚ 'ਗੈਰ-ਕਾਨੂੰਨੀ' ਉਸਾਰੀਆਂ ਢਾਹੇ ਜਾਣ ਦੇ ਮਾਮਲੇ ਵਿਚ ਬੁੱਧਵਾਰ ਯੂ ਪੀ ਸਰਕਾਰ ਦੀ ਖਿਚਾਈ ਕਰਦਿਆਂ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਸੜਕਾਂ ਚੌੜੀਆਂ ਕਰਨ ਅਤੇ ਗੈਰ-ਕਾਨੂੰਨੀ ਉਸਾਰੀਆਂ ਨੂੰ ਢਾਹੇ ਜਾਣ ਦੌਰਾਨ ਅਪਣਾਈ ਜਾਣ ਵਾਲੀ ਪ੍ਰਕਿਰਿਆ ਬਾਰੇ ਸੇਧਾਂ ਜਾਰੀ ਕੀਤੀਆਂ ਹਨ।

ਇਹ ਹੁਕਮ ਜਾਰੀ ਕਰਦਿਆਂ ਚੀਫ ਜਸਟਿਸ ਡੀ ਵਾਈ ਚੰਦਰਚੂੜ, ਜਸਟਿਸ ਜੇ ਬੀ ਪਾਰਦੀਵਾਲਾ ਤੇ ਜਸਟਿਸ ਮਨੋਜ ਮਿਸ਼ਰਾ ਦੀ ਬੈਂਚ ਨੇ ਨਾਲ ਹੀ ਯੂ ਪੀ ਸਰਕਾਰ ਨੂੰ ਉਸ ਵਿਅਕਤੀ ਨੂੰ 25 ਲੱਖ ਰੁਪਏ ਦਾ ਮੁਆਵਜ਼ਾ ਦੇਣ ਦਾ ਵੀ ਹੁਕਮ ਦਿੱਤਾ, ਜਿਸ ਦਾ ਘਰ 2019 'ਚ ਸੜਕ ਚੌੜੀ ਕਰਨ ਦੇ ਪ੍ਰਾਜੈਕਟ ਲਈ ਢਾਹਿਆ ਗਿਆ ਸੀ।

ਬੈਂਚ ਨੇ ਯੂ ਪੀ ਸਰਕਾਰ ਦੀ ਨੁਮਾਇੰਦਗੀ ਕਰਨ ਵਾਲੇ ਵਕੀਲ ਨੂੰ ਕਿਹਾ—ਤੁਸੀਂ ਇੰਝ ਰਾਤੋ-ਰਾਤ ਬੁਲਡੋਜ਼ਰ ਲੈ ਕੇ ਨਹੀਂ ਆ ਸਕਦੇ ਅਤੇ ਉਸਾਰੀਆਂ ਢਾਹ ਨਹੀਂ ਸਕਦੇ। ਤੁਸੀਂ ਪਰਵਾਰਾਂ ਨੂੰ ਮਕਾਨ ਖਾਲੀ ਕਰਨ ਦਾ ਸਮਾਂ ਨਹੀਂ ਦਿੰਦੇ, ਘਰ ਅੰਦਰਲੇ ਘਰੇਲੂ ਸਾਮਾਨ ਬਾਰੇ ਨਹੀਂ ਸੋਚਦੇ

ਇਸ ਤੋਂ ਇਲਾਵਾ ਸੁਪਰੀਮ ਕੋਰਟ ਨੇ ਯੂ ਪੀ ਦੇ ਮੁੱਖ ਸਕੱਤਰ ਨੂੰ ਮਹਾਰਾਜਗੰਜ ਜ਼ਿਲ੍ਹੇ ਦੇ ਇੱਕ ਘਰ ਨਾਲ ਸੰਬੰਧਤ ਮਾਮਲੇ ਦੀ ਵੀ ਜਾਂਚ ਕਰਨ ਅਤੇ ਢੁਕਵੀਂ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਹਨ। ਬੈਂਚ ਨੇ ਉਨ੍ਹਾਂ ਕਦਮਾਂ ਬਾਰੇ ਵੀ ਤਫਸੀਲ ਨਾਲ ਦੱਸਿਆ ਹੈ, ਜਿਨ੍ਹਾਂ ਨੂੰ ਕਿਸੇ ਸੂਬੇ ਜਾਂ ਇਸ ਦੇ ਅਧਿਕਾਰੀਆਂ ਨੂੰ ਸੜਕ ਚੌੜੀ ਕਰਨ ਵਾਲੇ ਪ੍ਰੋਜੈਕਟਾਂ ਨੂੰ ਅਮਲ ਵਿਚ ਲਿਆਉਂਦਿਆਂ ਪੂਰਾ ਕਰਨਾ ਤੇ ਧਿਆਨ ਵਿਚ ਰੱਖਣਾ ਚਾਹੀਦਾ ਹੈ। ਇਸ ਅਨੁਸਾਰ ਸਿਖਰਲੀ ਅਦਾਲਤ ਨੇ ਰਾਜਾਂ ਨੂੰ ਰਿਕਾਰਡਾਂ ਜਾਂ ਨਕਸ਼ਿਆਂ ਦੇ ਰੂਪ 'ਚ ਸੜਕ ਦੀ ਮੌਜੂਦਾ ਚੌੜਾਈ ਦਾ ਪਤਾ ਲਗਾਉਣ ਅਤੇ ਇੱਕ ਸਰਵੇਖਣ ਕਰਨ ਲਈ ਕਿਹਾ, ਜਿਸ ਨਾਲ ਸੜਕ 'ਤੇ ਕਿਸੇ ਤਰ੍ਹਾਂ ਦੇ ਵੀ ਕਬਜ਼ੇ ਦਾ ਪਤਾ ਲਾਇਆ ਜਾ ਸਕੇ। ਕੋਈ ਕਬਜ਼ਾ ਪਾਏ ਜਾਣ ਦੀ ਸੂਰਤ ਵਿਚ ਸਿਖਰਲੀ ਅਦਾਲਤ ਨੇ ਕਿਹਾ ਕਿ ਸੂਬਾ ਸਰਕਾਰ ਨੂੰ ਕਬਜ਼ਾ ਹਟਾਉਣ ਲਈ ਕਾਬਜ਼ ਵਿਅਕਤੀ ਨੂੰ ਨੋਟਿਸ ਜਾਰੀ ਕਰਨਾ ਚਾਹੀਦਾ ਹੈ ਅਤੇ ਜੇ ਨੋਟਿਸ ਦੀ ਸ਼ੁੱਧਤਾ ਅਤੇ ਵਾਜਬੀਅਤ 'ਤੇ ਇਤਰਾਜ਼ ਕੀਤਾ ਜਾਂਦਾ ਹੈ, ਤਾਂ ਰਾਜ ਇਸ ਨੂੰ ਧਿਆਨ 'ਚ ਰੱਖਦਿਆਂ ਕੁਦਰਤੀ ਨਿਆਂ ਦੇ ਸਿਧਾਂਤ ਦਾ ਪਾਲਣ ਕਰਦੇ ਹੋਏ 'ਸਪੀਕਿੰਗ ਆਰਡਰ' (ਕਾਰਨਾਂ ਸਹਿਤ ਨੋਟਿਸ) ਜਾਰੀ ਕਰੇ।

ਇਸ 'ਚ ਕਿਹਾ ਗਿਆ ਹੈ ਕਿ ਇਤਰਾਜ਼ ਰੱਦ ਕੀਤੇ ਜਾਣ ਦੀ ਸਥਿਤੀ 'ਚ ਵੀ ਉਸ ਵਿਅਕਤੀ ਨੂੰ ਇੱਕ ਵਾਜਬ ਨੋਟਿਸ ਦਿੱਤਾ ਜਾਵੇ ਤਾਂ ਕਿ ਉਹ ਖੁਦ ਕਬਜ਼ੇ ਨੂੰ ਹਟਾ ਲਵੇ। ਬੈਂਚ ਨੇ ਅੱਗੇ ਕਿਹਾ ਕਿ ਜੇ ਸੰਬੰਧਤ ਵਿਅਕਤੀ

7- NOV-PAGE-1.qxd 11/6/2024 10:37 PM Page 2

ਨਵੇਂ ਥਾਣਾ ਮੁਖੀ ਨੇ ਥਾਣਾ ਚੀਮਾ ਦਾ ਚਾਰਜ ਸੰਭਾਲਿਆ

ਚੀਮਾ ਮੰਡੀ (ਰਵਿੰਦਰ ਚੀਮਾ)-ਸਬ ਇੰਸਪੈਕਟਰ ਸਰਬਜੀਤ ਸਿੰਘ ਨੇ ਬਤੌਰ ਥਾਣਾ ਮੁਖੀ ਚੀਮਾ ਦਾ ਚਾਰਜ ਸੰਭਾਲ ਲਿਆ ਹੈ। ਇਸ ਮੌਕੇ ਉਨ੍ਹਾਂ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਨਸ਼ਾ ਤਸਕਰਾਂ ਨੂੰ ਤਾੜਨਾ ਕੀਤੀ ਕਿ ਉਨ੍ਹਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਇਸ ਮੌਕੇ ਉਨ੍ਹਾਂ ਪੰਜਾਂ ਸਰਪੰਚਾਂ ਤੇ ਨੰਬਰਦਾਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਕਿਸੇ ਵੀ ਨਸ਼ਾ ਤਸਕਰ ਦੀ ਜ਼ਮਾਨਤ ਨਾ ਕਰਾਉਣ। ਉਨ੍ਹਾਂ ਕਿਹਾ ਕਿ ਥਾਣੇ ਵਿੱਚ ਆਉਣ ਵਾਲੇ ਹਰ ਇੱਕ ਵਿਅਕਤੀ ਦਾ ਸਤਿਕਾਰ ਕੀਤਾ ਜਾਵੇਗਾ ਅਤੇ ਉਨ੍ਹਾਂ ਨੂੰ ਬਣ ਦਾ ਮਾਣ ਸਨਮਾਨ ਦਿੱਤਾ ਜਾਵੇਗਾ। ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਕਿਉਂਕਿ ਇਸ ਨਾਲ ਹਵਾ ਵਿੱਚ ਪਦੂਸ਼ਣ ਵਧਦਾ ਹੈ ਤੇ ਸਾਡੇ ਸਰੀਰ ਨੂੰ ਕਈ ਭਿਆਨਕ ਬਿਮਾਰੀਆਂ ਲੱਗਣ ਦਾ ਖਤਰਾ ਬਣਿਆ ਰਹਿੰਦਾ ਹੈ। ਇਸ ਮੌਕੇ ਉਨ੍ਹਾਂ ਦੇ ਪਿੰਡਾਂ ਦੇ ਪੰਚਾਂ ਸਰਪੰਚਾਂ ਤੇ ਸ਼ਹਿਰ ਦੇ ਮੋਹਤਬਰ ਬੰਦਿਆਂ ਨਾਲ ਗੱਲਬਾਤ ਕੀਤੀ ਅਤੇ ਕਿਹਾ ਕਿ ਉਹ ਆਪਣੀਆਂ ਸਮੱਸਿਆਵਾਂ ਬੇਝਿਜਕ ਹੋ ਕੇ ਦੱਸ ਸਕਦੇ ਹਨ। ਉਨ੍ਹਾਂ ਕਿਹਾ ਕਿ ਜੇਕਰ ਨਸ਼ੇ ਨੂੰ ਠੱਲ੍ਹ ਪਾਉਣੀ ਹੈ ਤਾਂ ਉਸ ਲਈ ਲੋਕਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ।

ਚੋਰੀ ਦੀਆਂ ਵਾਰਦਾਤਾਂ ਕਰਨ ਵਾਲੇ 5 ਕਾਬੂ, 2 ਵਾਰਦਾਤਾਂ ਟਰੇਸ ਤੇ ਚੋਰੀਸ਼ੁਦਾ ਸਮਾਨ ਬਰਾਮਦ

ਸੰਗਰੂਰ (ਪ੍ਰਵੀਨ ਸਿੰਘ) ਸ੍ਰੀ ਸਰਤਾਜ ਸਿੰਘ ਚਾਹਲ ਐਸ.ਐਸ.ਪੀ. ਸੰਗਰੂਰ ਵੱਲੋਂ ਦੱਸਿਆ ਗਿਆ ਕਿ ਜ਼ਿਲ੍ਹਾ ਪੁਲਸ ਸੰਗਰੂਰ ਵੱਲੋਂ ਮਾੜੇ ਅਨਸਰਾਂ ਖਿਲਾਫ਼ ਚਲਾਈ ਗਈ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਥਾਣਾ ਸਿਟੀ ਸੰਗਰੂਰ ਦੇ ਏਰੀਆ ਵਿੱਚ ਦੁਕਾਨਾਂ ਵਿੱਚ ਹੋਈਆਂ ਚੋਰੀ ਦੀਆਂ ਵਾਰਦਾਤਾਂ ਨੂੰ ਟਰੇਸ ਕਰਕੇ 5 ਦੋਸ਼ੀਆਨ ਨੂੰ ਕਾਬੂ ਕੀਤਾ ਅਤੇ ਉਨ੍ਹਾਂ ਪਾਸੋਂ ਚੋਰੀਸ਼ੁਦਾ ਸਮਾਨ ਬਰਾਮਦ ਕਰਾਇਆ ਗਿਆ। ਸ੍ਰੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ 4 ਨਵੰਬਰ 2024 ਨੂੰ ਪ੍ਰਿੰਸ ਕੁਮਾਰ ਪੁੱਤਰ ਸੁਭਾਸ਼ ਚੰਦ ਵਾਸੀ ਪਟਿਆਲਾ ਗੇਟ, ਫਿਰਨੀ ਰੋਡ, ਸੰਗਰੂਰ ਨੇ ਇਤਲਾਹ ਦਿੱਤੀ ਸੀ ਕਿ ਉਸ ਦੀ ਪਟਿਆਲਾ ਗੇਟ ਸੰਗਰੂਰ ਵਿਖੇ ਨਿਊ ਪ੍ਰਿੰਸ ਬਰਤਨ ਸਟੋਰ ਦੀ ਦੁਕਾਨ ਹੈ।3 ਨਵੰਬਰ 2024 ਦੀ ਰਾਤ ਨੂੰ ਵਕਤ ਕਰੀਬ 11.00 ਪੀ.ਐਮ. ਪਰ ਦੁਕਾਨ ਦੀ ਛੱਤ ਰਾਹੀਂ ਦੋਸ਼ੀਆਨ ਵਿਨੋਦ ਕੁਮਾਰ ਉਰਫ ਗੋਰਾ ਪੁੱਤਰ ਬਾਬੂ ਰਾਮ ਵਾਸੀ ਅਜੀਤ ਨਗਰ ਸੰਗਰੂਰ ਤੇ ਸੀਪਾ ਪੁੱਤਰ ਬਲਵੀਰ ਸਿੰਘ ਵਾਸੀ ਅਜੀਤ ਨਗਰ ਸੰਗਰੂਰ ਨਾਲ ਦਾਖਲ ਹੋਏ ਤੇ ਗੱਲੇ ਵਿੱਚੋਂ ਕਰੀਬ 80-85 ਹਜ਼ਾਰ ਰੁਪਏ ਨਕਦੀ ਤੇ ਬਾਕੀ ਗੋਲਕਾਂ 'ਚੋਂ ਕਰੀਬ 20 ਹਜ਼ਾਰ ਰੁਪਏ ਨਕਦੀ, ਕਰੀਬ 50 ਹਜ਼ਾਰ ਰੁਪਏ ਦੀ ਕੀਮਤ ਦੇ ਭਾਂਡੇ ਤੇ ਕੇਬਲ ਵਾਲਾ ਡੱਬਾ ਚੋਰੀ ਕਰਕੇ ਲੈ ਗਏ, ਜਿਸ 'ਤੇ ਪ੍ਰਿੰਸ ਕੁਮਾਰ ਦੇ ਬਿਆਨ ਪਰ ਮੁਕੱਦਮਾ ਨੰਬਰ 238 ਮਿਤੀ 04-11-2024 ਅ/ਧ 331(4),305,317(2) 2 ਥਾਣਾ ਸਿਟੀ ਸੰਗਰੂਰ ਬਰਖਿਲਾਫ ਦੋਸ਼ੀਆਨ ਉਕਤ ਦਰਜ ਰਜਿਸਟਰ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ।

ਸ਼ਿਆਮ ਬਾਬਾ ਦਾ ਜਨਮ ਦਿਹਾੜਾ ਸ਼ਰਧਾ ਨਾਲ ਮਨਾਇਆ ਜਾਵੇਗਾ

ਸੁਨਾਮ, (ਅਸ਼ੋਕ ਬਾਂਸਲ, ਹਾਕਮ ਭੱਟੀ) ਸ਼੍ਰੀ ਬਾਲਾ ਜੀ ਖਾਟੂ ਸ਼ਿਆਮ ਮੰਦਰ ਵਿੱਚ ਸ਼ਿਆਮ ਬਾਬਾ ਦਾ ਜਨਮ ਦਿਹਾੜਾ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ।ਮੰਦਰ ਦੇ ਮੈਂਬਰ ਗੌਰਵ ਜਨਾਲੀਆ ਨੇ ਦੱਸਿਆ ਕਿ ਸ਼ਿਆਮ ਬਾਬਾ ਜੀ ਦਾ ਜਨਮ ਦਿਹਾੜਾ 12 ਨਵੰਬਰ ਨੂੰ ਸ਼੍ਰੀ ਬਾਲਾ ਜੀ ਖਾਟੂ ਸ਼ਿਆਮ ਮੰਦਰ ਵਿਖੇ ਬੜੀ ਸ਼ਰਧਾ ਅਤੇ ਧੂਮ-ਧਾਮ ਨਾਲ ਮਨਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਸ਼ਿਆਮ ਬਾਬਾ ਦਾ ਸ਼ਿੰਗਾਰ ਸਵੇਰੇ 5:15 ਵਜੇ ਕਲਕੱਤਾ ਦੇ ਫੁੱਲਾਂ ਨਾਲ ਆਰੰਭ ਕੀਤਾ ਜਾਵੇਗਾ ਤੇ ਸਵੇਰੇ 8:15 ਵਜੇ ਆਰਤੀ, ਭੋਗ ਪ੍ਰਸ਼ਾਦ ਤੋਂ ਬਾਅਦ ਸ਼ਰਧਾਲੂਆਂ ਲਈ ਦਰਸ਼ਨ ਸ਼ੁਰੂ ਹੋ ਜਾਣਗੇ ਤੇ ਮੰਦਰ ਦੇ ਪੱਟ ਸਾਰਾ ਦਿਨ ਖੁੱਲ੍ਹੇ ਰਹਿਣਗੇ।ਉਨ੍ਹਾਂ ਦੱਸਿਆ ਕਿ ਰਾਤ 8:15 ਵਜੇ ਸ਼ਿਆਮ ਬਾਬਾ ਦਾ ਜਾਗਰਣ ਹੋਵੇਗਾ, ਜਿਸ ਵਿੱਚ ਬੋਹਾ ਦੇ ਭਜਨ ਗਾਇਕ ਆਸ਼ੂ ਸਿੰਗਲਾ ਤੇ ਸੁਨਾਮ ਦੇ ਮੁਨੀਸ਼ ਅਰੋੜਾ ਸ਼ਰਧਾਲੂਆਂ ਨੂੰ ਸ਼ਿਆਮ ਬਾਬਾ ਦੇ ਭਜਨ ਸੁਣਾ ਕੇ ਨਿਹਾਲ ਕਰਨਗੇ।ਉਨ੍ਹਾਂ ਦੱਸਿਆ ਕਿ ਸ਼ਿਆਮ ਬਾਬਾ ਦੇ ਸਿੰਗਾਰ ਦੇ ਨਾਲ-ਨਾਲ ਭੋਲੇ ਬਾਬਾ ਦਾ ਸ਼ਿੰਗਾਰ ਤੇ ਮੰਦਰ ਦੀ ਸਜਾਵਟ ਦੇਖਣ ਯੋਗ ਹੋਵੇਗੀ।ਉਨ੍ਹਾਂ ਦੱਸਿਆ ਕਿ ਸ਼੍ਰੀ ਬਾਲਾ ਜੀ ਟਰੱਸਟ ਵੱਲੋਂ ਆਉਣ ਵਾਲੀਆਂ ਸੰਗਤਾਂ ਲਈ ਰਾਤ ਸਮੇਂ ਭੰਡਾਰੇ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾਵੇਗਾ।ਮੰਦਰ ਦੇ ਸਾਰੇ ਮੈਂਬਰ ਸ਼ਿਆਮ ਬਾਬਾ ਦੇ ਮੇਲੇ ਦੀਆਂ ਤਿਆਰੀਆਂ 'ਚ ਜੁਟੇ ਹੋਏ ਹਨ।

ਗਰਿਮਾ ਨੇ ਵੇਦ ਪ੍ਰਕਾਸ਼ ਮੰਡਲ ਦੇ ਭਾਸ਼ਣ ਮੁਕਾਬਲੇ 'ਚ ਕਮਾਲ ਕੀਤੀ

ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ) ਸਟੀਫਨ ਇੰਟਰਨੈਸ਼ਨਲ ਸਕੂਲ ਦੀ ਵਿਦਿਆਰਥਣ ਗਰਿਮਾ ਨੇ ਵਸੰਤ ਵੈਲੀ ਪਬਲਿਕ ਸਕੂਲ ਵਿੱਚ ਹੋਏ ਵੇਦ ਪ੍ਰਕਾਸ਼ ਮੰਡਲ ਅੰਤਰ-ਸਕੂਲ ਭਾਸ਼ਣ ਮੁਕਾਬਲੇ ਵਿੱਚ ਤੀਜਾ ਸਥਾਨ ਹਾਸਲ ਕੀਤਾ।ਮੁਕਾਬਲੇ ਵਿੱਚ 19 ਹੋਰ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ।ਗਰਿਮਾ ਦੀ ਪ੍ਰਾਪਤੀ ::ਤੇ ਟਿੱਪਣੀ ਕਰਦੇ ਹੋਏ ਸਕੂਲ ਦੀ ਡਾਇਰੈਕਟਰ ਪ੍ਰਿੰਸੀਪਲ ਸ਼੍ਰੀਮਤੀ ਮੋਨਿਕਾ ਸ਼ਰਮਾ ਨੇ ਕਿਹਾ ਕਿ ਗਰਿਮਾ ਦੀ ਸਫ਼ਲਤਾ ਸਾਡੇ ਸਕੂਲ ਵਿੱਚ ਸਿੱਖਿਆ ਦੀ ਗੁਣਵੱਤਾ ਦਾ ਪ੍ਰਮਾਣ ਹੈ।ਸਾਨੂੰ ਗਰਿਮਾ ਅਤੇ ਉਸਦੇ ਅਧਿਆਪਕ ਸ਼੍ਰੀ ਜਸਵਿੰਦਰ ਕੁਮਾਰ 'ਤੇ ਮਾਣ ਹੈ।ਇਸ ਮੌਕੇ ਸੰਗਰੂਰ ਦੇ ਡਿਪਟੀ ਕਮਿਸ਼ਨਰ ਸ੍ਰੀ ਸੰਦੀਪ ਰਿਸ਼ੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਉਨ੍ਹਾਂ ਗਰਿਮਾ ਨੂੰ ਸਨਮਾਨਿਤ ਕੀਤਾ ਤੇ ਉਸ ਦੀ ਪ੍ਰਾਪਤੀ ਲਈ ਵਧਾਈ ਦਿੱਤੀ।ਗਰਿਮਾ ਨੂੰ ਉਸ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਪੁਰਸਕਾਰ ਵੀ ਮਿਲਿਆ।ਵੇਦ ਪ੍ਰਕਾਸ਼ ਮੰਡਲ ਵੱਲੋਂ ਕਰਵਾਏ ਗਏ ਇਸ ਮੁਕਾਬਲੇ ਦਾ ਉਦੇਸ਼ ਵਿਦਿਆਰਥੀਆਂ ਵਿੱਚ ਅਮੂਰਤ ਵਿਚਾਰਾਂ ਤੇ ਰਚਨਾਤਮਕਤਾ ਨੂੰ ਉਤਸ਼ਾਹਤ ਕਰਨਾ ਹੈ।

ਝੋਨਾ ਵੱਧ ਤੋਲੇ ਜਾਣ ਦੇ ਮਾਮਲੇ 'ਚ ਫਰਮ ਮਾਲਕ ਤੇ ਤੋਲੇ ਨੂੰ ਜੁਰਮਾਨਾ

ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ) ਦਾਣਾ ਮੰਡੀ ਕਰਮਗੜ੍ਹ (ਬਰਨਾਲਾ) ਵਿਖੇ ਇੱਕ ਫਰਮ ਉਪਰ ਝੋਨੇ ਦੀ ਫਸਲ ਵੱਧ ਤੋਲੇ ਜਾਣ ਨੂੰ ਲੈ ਕੇ ਆੜ੍ਹਤੀਏ ਤੇ ਤੋਲੇ ਨੂੰ ਅਧਿਕਾਰੀਆਂ ਵੱਲੋਂ ਜੁਰਮਾਨਾ ਕੀਤੇ ਜਾਣ ਦੀ ਖਬਰ ਮਿਲੀ ਹੈ। ਸਰਪੰਚ ਹਰਪ੍ਰੀਤ ਕੌਰ, ਹਰਕੇਸ ਸਿੰਘ ਕਰਮਗੜ੍ਹ, ਸਹਿਕਾਰੀ ਸੁਸਾਇਟੀ ਦੇ ਪ੍ਰਧਾਨ ਜਸਵੀਰ ਸਿੰਘ, ਮੀਤ ਪ੍ਰਧਾਨ ਸ਼ਿਗਾਰਾ ਸਿੰਘ ਆਦਿ ਦੀ ਅਗਵਾਈ ਹੇਠ ਕਿਸਾਨਾਂ ਤੇ ਪਿੰਡ ਵਾਸੀਆਂ ਵੱਲੋਂ ਖਰੀਦ ਕੇਂਦਰ ਕਰਮਗੜ੍ਹ 'ਚ ਝੋਨਾ ਵੱਧ ਤੋਲੇ ਜਾਣ ਦਾ ਮਾਮਲਾ ਸਾਹਮਣੇ ਆਉਣ 'ਤੇ ਕਿਸਾਨਾਂ ਵੱਲੋਂ ਰੋਸ ਪ੍ਰਦਰਸ਼ਨ ਕੀਤਾ। ਇਸ ਮੌਕੇ ਮਾਰਕੀਟ ਕਮੇਟੀ ਬਰਨਾਲਾ ਦੇ ਸਕੱਤਰ ਕੁਲਵਿੰਦਰ ਸਿੰਘ ਭੁੱਲਰ ਨੇ ਝੋਨੇ ਦੇ ਭਰੇ ਗੱਟਿਆਂ ਦੀ ਪੜਤਾਲ ਕਰਕੇ ਵੱਧ ਤੋਲੇ ਜਾਣ 'ਤੇ ਇੱਕ ਆੜ੍ਹਤੀਏ ਅਤੇ ਤੋਲੇ ਨੂੰ ਜੁਰਮਾਨਾ ਕੀਤਾ ਗਿਆ। ਸਕੱਤਰ ਨੇ ਦੱਸਿਆ ਕਿ ਨਗਰ ਪੰਚਾਇਤ ਅਤੇ ਕਿਸਾਨਾਂ ਵੱਲੋਂ ਅਨਾਜ ਮੰਡੀ 'ਚ ਇੱਕ ਫਰਮ ਉੱਪਰ ਝੋਨੇ ਦੇ ਗੱਟੇ ਮਗਰ ਵੱਧ ਤੋਲੇ ਜਾਣ ਦੀ ਮਿਲੀ ਸ਼ਿਕਾਇਤ ਦੇ ਅਧਾਰ 'ਤੇ ਉਨ੍ਹਾਂ ਦੀ ਟੀਮ ਵੱਲੋਂ ਪੰਚਾਇਤ ਅਤੇ ਪੀੜਤ ਕਿਸਾਨਾਂ ਦੀ ਹਾਜ਼ਰੀ 'ਚ ਕੀਤੀ ਚੈਕਿੰਗ ਦੌਰਾਨ ਗੱਟਿਆਂ 'ਚ ਝੋਨਾ ਵੱਧ ਤੋਲਿਆ ਸਾਬਤ ਹੋਇਆ। ਸੈਕਟਰੀ ਕੁਲਵਿੰਦਰ ਸਿੰਘ ਭੁੱਲਰ ਨੇ ਦੱਸਿਆ ਕਿ ਫ਼ਸਲ ਵੱਧ ਤੋਲਣ ਦੇ ਜੁਰਮ ਹੇਠ ਫਰਮ ਮਾਲਕ ਨੂੰ 8000 ਰੁਪਏ ਤੇ ਤੋਲਣ ਵਾਲੇ ਤੋਲੇ ਨੂੰ 1500 ਰੁਪਏ ਜੁਰਮਾਨਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਸਖਤ ਹਦਾਇਤਾਂ ਅਨੁਸਾਰ ਝੋਨੇ ਦੀ ਖਰੀਦ ਦੇ ਮਾਮਲੇ 'ਚ ਕੁਤਾਹੀ ਕਰਨ ਵਾਲੇ ਕਿਸੇ ਨੂੰ ਵੀ ਬਖ਼ਸ਼ਿਆ ਨਹੀਂ ਜਾਵੇਗਾ।

ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ 'ਚ ਪਲੇਸਮੈਂਟ ਕੈਂਪ ਭਲਕੇ

ਮਾਨਸਾ, (ਆਤਮਾ ਸਿੰਘ ਪਮਾਰ) ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਤੇ ਸਿਖਲਾਈ ਅਫ਼ਸਰ ਮਾਨਸਾ ਸ਼੍ਰੀ ਰਵਿੰਦਰ ਸਿੰਘ ਨੇ ਦੱਸਿਆ ਕਿ 8 ਨਵੰਬਰ ਨੂੰ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ, ਮਾਨਸਾ ਵਿਖੇ ਕੈਪੀਟਲ ਟਰੱਸਟ ਲਿਮਟਿਡ ਵੱਲੋਂ ਫੀਲਡ ਸਟਾਫ਼, ਕਰੈਡਿਟ ਵੈਰੀਫਿਕੇਸ਼ਨ ਅਫ਼ਸਰ ਅਤੇ ਬਰਾਂਚ ਹੈਡ ਦੀ ਭਰਤੀ ਲਈ ਪਲੇਸਮੈਂਟ ਕੈਂਪ ਲਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇਸ ਪਲੇਸਮੈਟ ਕੈਂਪ ਵਿੱਚ ਘੱਟੋ-ਘੱਟ ਯੋਗਤਾ 12ਵੀਂ ਪਾਸ ਮੁੰਡਿਆਂ ਦੀ ਲੋੜ ਹੈ।ਪ੍ਰਾਰਥੀ ਦੀ ਉਮਰ ਸੀਮਾ 18 ਤੋਂ 30 ਸਾਲ ਤੱਕ ਅਤੇ ਪ੍ਰਾਰਥੀ ਸਰੀਰਕ ਤੌਰ 'ਤੇ ਫਿੱਟ ਹੋਣਾ ਚਾਹੀਦਾ ਹੈ।ਕੈਂਪ ਵਿੱਚ ਭਾਗ ਲੈਣ ਦੇ ਚਾਹਵਾਨ ਪ੍ਰਾਰਥੀ ਆਪਣੇ ਸਰਟੀਫਿਕੇਟ ਦੀਆਂ ਫੋਟੋ ਸਟੇਟ ਕਾਪੀਆ ਅਤੇ ਰਜ਼ਿਊਮ ਲੈ ਕੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਦਫ਼ਤਰ, ਨੇੜੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਮਾਨਸਾ ਵਿਖੇ ਕੈਂਪ ਵਾਲੇ ਦਿਨ ਸਵੇਰੇ 10:00 ਵਜੇ ਪਹੁੰਚਣ।

ਭਗਵਾਨ ਸ੍ਰੀ ਵਿਸ਼ਵਕਰਮਾ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ

ਸ੍ਰੀ ਫਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ) ਗੁਰਦੁਆਰਾ ਸ੍ਰੀ ਅਕਾਲ ਬੁੰਗਾ ਸਾਹਿਬ ਹਿਮਾਂਯੂੰਪੁਰਾ ਸਰਹਿੰਦ ਵਿਖੇ ਭਗਵਾਨ ਸ੍ਰੀ ਵਿਸਵਕਰਮਾ ਜੀ ਦਾ ਜਨਮ ਦਿਹਾੜਾ ਮਨਾਇਆ ਗਿਆ। ਸਮਾਗਮ ਵਿੱਚ ਹਾਂ ਦਾ ਨਾਅਰਾ ਚੇਤਨਾ ਮੰਚ ਦੇ ਸਰਪ੍ਰਸਤ ਤੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਡਾਕਟਰ ਹਰਬੰਸ ਲਾਲ ਸਾਬਕਾ ਮੰਤਰੀ ਨੇ ਆਪਣੇ ਸਾਥੀਆਂ ਸਮੇਤ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਪ੍ਰੈਸ ਨੂੰ ਸੰਬੋਧਨ ਕਰਦੇ ਹੋਏ ਸਾਰੇ ਭਾਰਤ ਦੇਸ ਵਾਸੀਆਂ ਨੂੰ ਭਗਵਾਨ ਵਿਸ਼ਵਕਰਮਾ ਜੀ ਦੇ ਪ੍ਰਕਾਸ਼ ਦਿਹਾੜੇ ਦੀਆਂ ਲੱਖ-ਲੱਖ ਮੁਬਾਰਕਾਂ ਦਿੱਤੀਆਂ ਅਤੇ ਕਿਹਾ ਕਿ ਅੱਜ ਦੁਨੀਆਂ ਅੰਦਰ ਜੋ ਵੀ ਮੰਜ਼ਲ ਮੁਨਾਰੇ ਨਜ਼ਰ ਆ ਰਹੇ ਹਨ, ਇਹ ਸਾਰੀ ਸ੍ਰਿਸ਼ਟੀ ਭਗਵਾਨ ਵਿਸ਼ਕਰਮਾ ਜੀ ਦੀ ਹੀ ਦੇਣ ਹੈ। ਅਸੀਂ ਅੱਜ ਜੋ ਵੀ ਸੂਈ ਤੋਂ ਲੈ ਕੇ ਹਵਾਈ ਜਹਾਜ਼ ਤੱਕ ਜੋ ਵੀ ਬਣਿਆ ਹੈ, ਇਹ ਸਾਰੀ ਭਗਵਾਨ ਵਿਸ਼ਵਕਰਮਾ ਜੀ ਦੇ ਔਜਾਰਾਂ ਦੀ ਹੀ ਦੇਣ ਹੈ।ਉਨ੍ਹਾਂ ਦੇ ਜਨਮ ਦਿਹਾੜੇ ਤੇ ਸਮੇਂ-ਸਮੇਂ ਦੀਆਂ ਸਰਕਾਰਾਂ ਨੂੰ ਮਜਦੂਰਾਂ ਕਿਰਤੀਆਂ ਕਾਮਿਆਂ, ਕਾਰੀਗਰਾਂ, ਸ਼ਿਲਪਕਾਰਾ ਤੇ ਮਕੈਨਿਕਾਂ ਦਾ ਭਵਿੱਖ ਉੱਜਵਲ ਕਰਨ ਲਈ ਵੱਡੇ-ਵੱਡੇ ਕਦਮ ਚੁੱਕਣ ਦੀ ਲੋੜ ਹੈ, ਜਿੰਨੇ ਕੁ ਮਿਹਨਤ ਅੱਜ ਇਨ੍ਹਾਂ ਸਾਰਿਆਂ ਨੂੰ ਮਿਲਦੀ ਹੈ, ਉਹ ਬਹੁਤ ਘੱਟ ਹੈ। ਸਮੇਂ ਦੀਆਂ ਸਰਕਾਰਾਂ ਇਨ੍ਹਾਂ ਦੇ ਭਵਿੱਖ ਵੱਲ ਰੱਤੀ ਭਰ ਵੀ ਧਿਆਨ ਨਹੀਂ ਹੈ। ਮਜ਼ਦੂਰਾਂ ਦੇ ਸਿਰਾਂ ਦੇ ਇੱਟਾਂ ਚੱਕ ਕੇ ਵੱਡੀਆਂ ਵੱਡੀਆਂ ਬਿਲਡਿੰਗਾਂ ਬਣਾਈਆਂ ਜਾਂਦੀਆਂ ਹਨ। ਇਸ ਮੌਕੇ ਡਾਕਟਰ ਹਰਬੰਸ ਲਾਲ ਸਾਬਕਾ ਮੰਤਰੀ ਦਾ ਉਨ੍ਹਾਂ ਦੇ ਸਾਥੀਆਂ ਸਮੇਤ ਇਲਾਕੇ ਦੇ ਨਿਵਾਸੀਆਂ ਨੇ ਸਿਰੋਪੇ ਭੇਟ ਕਰਕੇ ਸਨਮਾਨ ਕੀਤਾ।

ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਪਰਾਲੀ ਸਾੜਨ ਤੋਂ ਰੋਕਿਆ

ਮਾਨਸਾ/ਬੋਹਾ (ਆਤਮਾ ਸਿੰਘ ਪਮਾਰ) ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਵੱਲੋਂ ਕਿਸਾਨਾਂ ਨੂੰ ਵਾਤਾਵਰਨ ਬਚਾਉਣ ਸਬੰਧੀ ਪ੍ਰੇਰਤ ਕਰਨ ਲਈ ਬੋਹਾ ਖੇਤਰ ਦਾ ਵਿਸ਼ੇਸ਼ ਦੌਰਾ ਕੀਤਾ ਗਿਆ। ਖੇਤਰ ਦੇ ਪਿੰਡਾਂ ਮੱਲ ਸਿੰਘ ਵਾਲਾ, ਉੱਡਤ ਸੈਦੇਵਾਲਾ, ਮਲਕੋਂ, ਦਲੇਲਵਾਲਾ, ਅੱਕਾਂਵਾਲੀ ਆਦਿ ਵਿੱਚ ਕਿਸਾਨ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਿਸਾਨਾਂ ਵੱਲੋਂ ਝੋਨੇ ਦੀ ਪਰਾਲੀ ਦੀ ਰਹਿੰਦ-ਖੂੰਹਦ ਨੂੰ ਨਸ਼ਟ ਕਰਨ ਲਈ ਖੇਤਾਂ ਵਿੱਚ ਲਾਈ ਜਾ ਰਹੀ ਅੱਗ ਨਾਲ ਜਿੱਥੇ ਧਰਤੀ ਦੇ ਖੁਰਾਕੀ ਤੱਤ ਪੂਰੀ ਤਰ੍ਹਾਂ ਨਸ਼ਟ ਹੋ ਰਹੇ ਹਨ, ਉੱਥੇ ਵਾਤਾਵਰਣ ਨਾਲ ਵੀ ਬਹੁਤ ਵੱਡਾ ਖਿਲਵਾੜ ਹੋ ਰਿਹਾ ਹੈ। ਇਸ ਮੌਕੇ ਉਨ੍ਹਾਂ ਪਿੰਡ ਦਲੇਲਵਾਲਾ ਤੇ ਮਲਕੋਂ ਦੇ ਖੇਤਾਂ ਵਿੱਚ ਅੱਗ ਲਗਾਉਣ ਦੀ ਤਿਆਰੀ ਕਰ ਰਹੇ ਕਿਸਾਨਾਂ ਨੂੰ ਰੋਕਿਆ। ਉਨ੍ਹਾਂ ਦੱਸਿਆ ਕਿ ਸਮੁੱਚਾ ਸਿਵਲ ਤੇ ਪੁਲਸ ਪ੍ਰਸ਼ਾਸਨ ਪਿੰਡ-ਪਿੰਡ ਕਿਸਾਨ ਮਿਲਣੀਆਂ ਕਰਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਅਪੀਲ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਮਾਣਯੋਗ ਸੁਪਰੀਮ ਕੋਰਟ, ਹਾਈਕੋਰਟ ਤੇ ਨੈਸ਼ਨਲ ਗਰੀਨ ਟ੍ਰਿਬਿਊਨਲ ਵਿੱਚ ਪੰਜਾਬ ਦੇ ਪ੍ਰਦੂਸ਼ਿਤ ਹੁੰਦੇ ਵਾਤਾਵਰਣ ਸਬੰਧੀ ਚੱਲ ਰਹੇ ਕੇਸ ਵਿਚ ਪੰਜਾਬ ਦਾ ਪੱਖ ਮਜਬੂਤੀ ਨਾਲ ਪੇਸ਼ ਕਰਨ ਲਈ ਜ਼ਰੂਰੀ ਹੈ ਕਿ ਕਿਸਾਨ ਕਿਸੇ ਵੀ ਹਾਲਤ ਵਿੱਚ ਪਰਾਲੀ ਨੂੰ ਅੱਗ ਨਾ ਲਾਉਣ।

ਪੁਰਾਣੀ ਪੈਨਸ਼ਨ ਬਹਾਲੀ ਲਈ ਗਿੱਦੜਬਾਹਾ 'ਚ ਕੱਢਿ

7-Nov-PAGE-3.qxd 11/6/2024 10:40 PM Page 1

ਮਾਨ ਸਰਕਾਰ ਤੋਂ ਕਿਸਾਨ ਤੇ ਹੋਰ ਵੀ ਸਾਰੇ ਵਰਗ ਦੁਖੀ : ਸਰਕਾਰੀਆ, ਸੱਚਰ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)- ਪਿਛਲੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੇ ਗੁਮਰਾਹਕੁੰਨ ਪ੍ਰਚਾਰ ਕਰਕੇ ਪੰਜਾਬ ਦੇ ਲੋਕਾਂ ਨਾਲ ਬਦਲਾਅ ਦੇ ਨਾਮ ਤੇ ਝੂਠੇ ਵਾਅਦੇ ਕਰਕੇ ਤੇ ਕਈ ਸਬਜਬਾਗ ਵਿਖਾ ਕੇ 92 ਸੀਟਾਂ ਦੇ ਵੱਡੇ ਫਰਕ ਨਾਲ ਜਿੱਤ ਕੇ ਸਰਕਾਰ ਬਣਾ ਲਈ ਪਰ ਇਸ ਸਰਕਾਰ ਨੇ ਲੋਕਾਂ ਦਾ ਕਚੂੰਮਰ ਕੱਢ ਕੇ ਰੱਖ ਦਿੱਤਾ। ਅੱਜ ਹਰ ਵਰਗ ਦੁਹੱਥੜਾਂ ਮਾਰਕੇ ਰੋ ਰਿਹਾ ਹੈ ਜਿਸਦੀ ਤਾਜ਼ਾ ਮਿਸਾਲ ਪੰਜਾਬ ਦੇ ਕਿਸਾਨਾਂ ਦੀ ਸ਼ਰੇਆਮ ਮੰਡੀਆਂ ਵਿੱਚ ਹੋ ਰਹੀ ਲੁੱਟ ਹੈ ਜਿਸ ਨਾਲ ਪੰਜਾਬ ਦੀ ਮਾਲੀ ਹਾਲਤ ਬਹੁਤ ਹੀ ਖਰਾਬ ਹੋਣ ਜਾ ਰਹੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਾਬਕਾ ਮੰਤਰੀ ਤੇ ਵਿਧਾਇਕ ਸੁੱਖਬਿੰਦਰ ਸਿੰਘ ਸਰਕਾਰੀਆ ਤੇ ਮਜੀਠਾ ਹਲਕੇ ਦੇ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਨੇ ਡੇਰਾ ਬਾਬਾ ਨਾਨਕ ਦੀ ਜ਼ਿਮਨੀ ਚੋਣ ਵਿੱਚ ਕਾਂਗਰਸੀ ਉਮੀਦਵਾਰ ਜਤਿੰਦਰ ਕੌਰ ਰੰਧਾਵਾ ਦੇ ਹੱਕ ਵਿੱਚ ਪ੍ਰਚਾਰ ਕਰਨ ਉਪਰੰਤ ਕੱਥੂਨੰਗਲ ਵਿਖੇ ਸੱਚਰ ਪੈਟਰੋਲ ਪੰਪ ਤੇ ਗੱਲਬਾਤ ਕਰਦਿਆਂ ਕੀਤਾ। ਇਨ੍ਹਾਂ ਆਗੂਆਂ ਨੇ ਕਿਹਾ ਕਿ ਇਹ ਸਰਕਾਰ ਹਰ ਫਰੰਟ ਤੇ ਫੇਲ ਸਾਬਿਤ ਹੋਈ ਹੈ ਤੇ ਇਸ ਵਾਰ ਪੰਜਾਬ ਵਿੱਚ ਹੋ ਰਹੀ ਕਿਸਾਨਾਂ ਦੀ ਚਿੱਟੇ ਦਿਨ ਲੁੱਟ ਖਸੁੱਟ ਨੇ ਕਿਸਾਨਾਂ ਨੂੰ ਰੋਲ ਕੇ ਰੱਖ ਦਿੱਤਾ ਹੈ। ਸਾਰੇ ਪੰਜਾਬ ਵਿੱਚ ਹਾਹਾਕਾਰ ਮੱਚੀ ਪਈ ਹੈ ਪਰ ਸੂਬੇ ਦਾ ਮੁੱਖ ਮੰਤਰੀ ਮਜ਼ੇ ਨਾਲ ਅਰਾਮ ਫਰਮਾ ਰਿਹਾ ਹੈ। ਉਸਨੇ ਕਿਸੇ ਵੀ ਮੰਡੀ ਵਿੱਚ ਜਾ ਕੇ ਪੁੱਛਣ ਦੀ ਕੋਸ਼ਿਸ਼ ਨਹੀਂ ਕੀਤੀ ਕਿ ਸਾਰਾ ਕੁਝ ਕਿਉਂ ਹੋ ਰਿਹਾ ਹੈ, ਪਰ ਪੰਜਾਬ ਦੇ ਲੋਕ ਇਸ ਧੱਕੇਸ਼ਾਹੀ ਦਾ ਜਵਾਬ ਇਨ੍ਹਾਂ ਜ਼ਿਮਨੀ ਚੋਣਾਂ ਵਿੱਚ ਇਨ੍ਹਾਂ ਦੇ ਵਿਰੁੱਧ ਤੇ ਕਾਂਗਰਸ ਪਾਰਟੀ ਦੇ ਹੱਕ ਵਿੱਚ ਵੋਟਾਂ ਪਾ ਕੇ ਦੇਣਗੇ। ਪੱਤਰਕਾਰਾਂ ਵੱਲੋ ਡੇਰਾ ਬਾਬਾ ਨਾਨਕ ਦੀ ਜ਼ਿਮਨੀ ਚੋਣ ਬਾਰੇ ਪੁੱਛੇ ਜਾਣਤੇ ਸਰਕਾਰੀਆ ਨੇ ਕਿਹਾ ਕਿ ਵੱਡੇ ਫਰਕ ਨਾਲ ਇਹ ਸੀਟ ਜਿੱਤ ਕੇ ਕਾਂਗਰਸ ਪਾਰਟੀ ਦੀ ਝੋਲੀ ਵਿੱਚ ਪਾਵਾਂਗੇ ਤੇ ਸਾਰਿਆਂ ਦੇ ਭਰਮ ਭੁਲੇਖੇ ਦੂਰ ਹੋ ਜਾਣਗੇ ਇਸ ਮੌਕੇ ਸਾਬਕਾ ਵਿਧਾਇਕ ਹਰਪ੍ਰਤਾਪ ਸਿੰਘ ਅਜਨਾਲਾ, ਸਾਬਕਾ ਵਿਧਾਇਕ ਤਰਸੇਮ ਸਿੰਘ ਡੀਸੀ, ਕੰਵਰ ਅਜਨਾਲਾ, ਗੁਰਪਾਲ ਸਿੰਘ ਸਿੰਧੀ ਵੀ ਨਾਲ ਸਨ।

ਸਰਕਾਰਾਂ ਦੀ ਘਟੀਆ ਰਣਨੀਤੀ ਨੇ ਕਿਸਾਨਾਂ ਨੂੰ ਮੰਡੀਆਂ ਤੇ ਸੜਕਾਂ 'ਤੇ ਰੋਲਿਆ : ਬਲਜੀਤ ਸੰਧੂ

ਗੁਰਦਾਸਪੁਰ, (ਜਨਕ ਮਹਾਜਨ)- ਨੌਜਵਾਨ ਅਕਾਲੀ ਆਗੂ ਬਲਜੀਤ ਸਿੰਘ ਸੰਧੂ ਜਨਰਲ ਸਕੱਤਰ ਪੰਜਾਬ ਨੇ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਦੀ ਘਟੀਆ ਰਣਨੀਤੀ ਨੇ ਕਿਸਾਨਾਂ ਨੂੰ ਮੰਡੀਆਂ ਅਤੇ ਸੜਕਾਂ 'ਤੇ ਰੋਲ ਕੇ ਰੱਖ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਕਿਸਾਨਾਂ ਦੀ ਝੋਨੇ ਫ਼ਸਲ ਨੂੰ ਸਾਂਭਣ ਲਈ ਕੇਂਦਰ ਸਰਕਾਰ ਨਾਲ ਮਿਲ ਕੇ ਪਹਿਲਾਂ ਝੋਨੇ ਦੇ ਗੋਦਾਮਾਂ ਨੂੰ ਖਾਲੀ ਨਹੀਂ ਕਰਵਾਇਆ ਜਿਸ ਕਾਰਨ ਅੱਜ ਮੰਡੀਆਂ ਵਿਚ ਝੋਨੇ ਦੇ ਅੰਬਾਰ ਲੱਗ ਚੁੱਕੇ ਹਨ। ਝੋਨੇ ਦੀਆਂ ਬੋਰੀਆਂ ਮੰਡੀਆਂ ਵਿਚ ਖੁਲੇ ਅਸਮਾਨ ਹੇਠ ਪਈਆਂ ਹਨ ਜਿਸ ਕਿਸੇ ਸਮੇਂ ਵਿਚ ਮੌਸਮੀ ਦੀ ਖ਼ਰਾਬੀ ਕਾਰਨ ਵੱਡੀ ਪੱਧਰ 'ਤੇ ਝੋਨੇ ਦੀ ਫ਼ਸਲ ਮੰਡੀਆਂ ਵਿਚ ਖ਼ਰਾਬ ਹੋ ਸਕਦੀ ਹੈ ਜਿਸ ਦਾ ਕੋਈ ਵੀ ਜ਼ਿੰਮੇਵਾਰ ਨਹੀਂ। ਉਨ੍ਹਾਂ ਕਿਹਾ ਆੜ ਤੀ ਅਤੇ ਸ਼ੈਲਰ ਮਾਲਕਾਂ ਦੀ ਮਿਲੀ ਭੁਗਤ ਨਾਲ ਕਿਸਾਨਾਂ ਦੀ ਅੰਨ੍ਹੀ ਲੁਟ ਹੋ ਰਹੀ ਹੈ ਅਤੇ ਇਸ ਕਾਰਜ ਵਿਚ ਖ਼ਰੀਦ ਏਜੰਸੀਆਂ ਦੇ ਇੰਸਪੈਕਟਰ ਦੀ ਰਲੇ ਹੋਏ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦਾ ਸਰਕਾਰੀ ਰੇਟ 2320 ਰੁਪਏ ਪ੍ਰਤੀ ਕੁਇੰਟਲ ਹੈ ਜਦੋਂਕਿ ਕਿਸਾਨਾਂ ਦਾ ਝੋਨੇ ਪ੍ਰਾਈਵੇਟ ਖ਼ਰੀਦਣ ਦੇ ਬਾਵਜੂਦ ਵੀ ਸਰਕਾਰੀ ਬੋਰੀਆਂ ਵਿਚ ਪਾ ਕੇ ਆੜ ਤੀਆਂ ਨੂੰ ਪੂਰੇ ਪੈਸੇ ਦਿੱਤੇ ਜਾ ਰਹੇ ਹਨ। ਕਿਸਾਨਾਂ ਪਾਸੋਂ ਝੋਨਾ 200 ਰੁਪਏ ਤੋਂ ਲੈ ਕੇ 300 ਰੁਪਏ ਤੱਕ ਦਾ ਕੱਟ ਲਗਾ ਕੇ ਸਿੱਧ 'ਤੇ ਬੇਇਨਸਾਫ਼ੀ ਕੀਤੀ ਜਾ ਰਹੀ ਹੈ। ਦੂਜੇ ਪਾਸੇ ਡੀ.ਏ.ਪੀ. ਖ਼ਾਦ ਕਿਸਾਨਾਂ ਨੂੰ ਕਣਕ ਦੀ ਬਿਜਾਈ ਲਈ ਨਹੀਂ ਮਿਲ ਰਹੀ ਅਤੇ ਖ਼ਾਦ ਡੀਲਰ ਖੇਤੀਬਾੜੀ ਵਿਭਾਗ ਦੀ ਮਿਲੀਭੁਗਤ ਨਾਲ ਸ਼ਰੇਆਮ ਬਲੈਕ ਵਿਚ ਵੇਚ ਰਹੇ ਹਨ। ਉਨ੍ਹਾਂ ਕੇਂਦਰ ਅਤੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਮੰਡੀਆਂ ਵਿਚ ਝੋਨੇ ਦੀ ਖ਼ਰੀਦ ਅਤੇ ਲਿਫਟਿੰਗ ਜਲਦ ਤੋਂ ਜਲਤ ਕਰਵਾਉਣ ਤੋਂ ਇਲਾਵਾ ਲਗਾਏ ਜਾ ਰਹੇ ਕੱਟ ਬੰਦ ਕਰਕੇ ਕਿਸਾਨਾਂ ਨੂੰ ਪੂਰਾ-ਪੂਰਾ ਰੇਟ ਦੇਣ ਦੇ ਨਾਲ ਕਣਕ ਦੀ ਬਿਜਾਈ ਲਈ ਵੀ ਡੀ.ਏ.ਪੀ. ਖ਼ਾਦ ਸਮੇਂ ਸਿਰ ਮੁਹੱਈਆ ਕਰਵਾਈ ਜਾਵੇ ਤਾਂ ਜੋ ਕਿਸਾਨ ਕਣਕ ਦੀ ਬਿਜਾਈ ਸਮੇਂ ਸਿਰ ਕਰ ਸਕਣ।

ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਕਰਵਾਇਆ ਜਾਵੇਗਾ ਪਿੰਡ ਦਾ ਵਿਕਾਸ : ਹਰਭਜਨ ਕੌਰ/ਜੋਗਿੰਦਰ ਸਿੰਘ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਬੀਤੇ ਦਿਨੀਂ ਹੋਈਆਂ ਪੰਚਾਇਤੀ ਚੋਣਾਂ ਦੌਰਾਨ ਹਲਕਾ ਕਾਦੀਆਂ ਅਧੀਨ ਆਉਂਦੇ ਪਿੰਡ ਠੇਸੀਆਂ ਤੋਂ ਹਰਭਜਨ ਕੌਰ ਪਤਨੀ ਜੋਗਿੰਦਰ ਸਿੰਘ ਨੇ ਸਰਪੰਚੀ ਜਿੱਤ ਕੇ ਕਿਹਾ ਕਿ ਪਾਰਟੀਬਾਜ਼ੀ ਤੋਂ ਉਪਰ ਉਠ ਕੇ ਪਿੰਡ ਦਾ ਵਿਕਾਸ ਕਰਵਾਇਆ ਜਾਵੇਗਾ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪਿੰਡ ਦੀ ਸਰਪੰਚਨੀ ਹਰਭਜਨ ਕੌਰ ਤੇ ਉਨ੍ਹਾਂ ਦੇ ਪਤੀ ਜੋਗਿੰਦਰ ਸਿੰਘ ਨੇ ਸਾਂਝੇ ਤੌਰ ਤੇ ਦੱਸਿਆ ਕਿ ਉਨਾਂ ਦੇ ਪਿੰਡ ਵਿੱਚ ਕੁੱਲ 550 ਵੋਟਾਂ ਸਨ ਜਿਸ ਵਿੱਚੋਂ 380 ਪੋਲ ਹੋਈਆਂ ਅਤੇ 24 ਵੋਟਾਂ ਦੀ ਲੀਡ ਨਾਲ ਉਹ ਜੇਤੂ ਰਹੇ।ਉਨ੍ਹਾਂ ਦੇ ਨਾਲ ਗੁਰਬਖਸ਼ ਸਿੰਘ, ਸੁਰਜੀਤ ਸਿੰਘ ਤੇ ਲਵਪ੍ਰੀਤ ਕੌਰ ਮੈਂਬਰ ਚੁਣੇ ਗਏ।ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਪਹਿਲਾ ਮਕਸਦ ਹੈ ਕਿ ਪਿੰਡ ਦਾ ਵਿਕਾਸ ਕਰਵਾਉਣਾ ਅਤੇ ਹਰ ਪਿੰਡ ਵਾਸੀ ਦੇ ਦੁੱਖ-ਸੁੱਖ ਦੇ ਵਿੱਚ ਭਾਈਵਾਲ ਬਣਨਾ ਅਤੇ ਪਿੰਡ ਦੇ ਅੰਦਰ ਲੋਕਾਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ।ਪਿੰਡ ਵਾਸੀਆਂ ਤੇ ਵੋਟਰਾਂ ਵੱਲੋਂ ਦਿੱਤੇ ਗਏ ਪਿਆਰ ਹਮੇਸ਼ਾ ਯਾਦ ਰੱਖਿਆ ਜਾਵੇਗਾ ਅਤੇ ਹਰੇਕ ਪਿੰਡ ਵਾਸੀ ਦੀ ਮੁਸ਼ਕਿਲ ਦਾ ਪਹਿਲ ਦੇ ਅਧਾਰ ਤੇ ਹੱਲ ਕੀਤਾ ਜਾਵੇਗਾ ਅਤੇ ਸਰਕਾਰ ਵੱਲੋਂ ਮਿਲਣ ਵਾਲੀਆਂ ਸਹੂਲਤਾਂ ਉਹਨਾਂ ਨੂੰ ਮੁਹੱਈਆ ਕਰਵਾਈਆਂ ਜਾਣਗੀਆਂ।ਇਸ ਮੌਕੇ ਉਨ੍ਹਾਂ ਦੇ ਨਾਲ ਬੂਟਾ ਸਿੰਘ, ਜੋਗਾ ਸਿੰਘ, ਗਿਆਨ ਸਿੰਘ, ਸਤਨਾਮ ਸਿੰਘ ਸਾਬਕਾ ਸਰਪੰਚ, ਗੁਰਮੀਤ ਸਿੰਘ, ਭਜਨ ਸਿੰਘ, ਸੁੱਚਾ ਸਿੰਘ, ਸਰਵਨ ਸਿੰਘ, ਮਲੂਕ ਸਿੰਘ, ਗਿਆਨ ਸਿੰਘ, ਬਲਦੇਵ ਸਿੰਘ, ਦਰਬਾਰਾ ਸਿੰਘ, ਇੰਦਰ ਸਿੰਘ, ਸੰਤੋਖ ਸਿੰਘ, ਸਦਾਗਰ ਸਿੰਘ, ਬਲਵਿੰਦਰ ਸਿੰਘ, ਬਲਕਾਰ ਸਿੰਘ, ਮਹਿੰਦਰ ਸਿੰਘ, ਹਰਜਿੰਦਰ ਸਿੰਘ, ਸੋਨੂ, ਸਰੂਪ ਸਿੰਘ, ਸਤਨਾਮ ਸਿੰਘ, ਗੁਰਬਖਸ਼ ਸਿੰਘ, ਸਵਰਨ ਸਿੰਘ ਫੌਜੀ, ਮੋਤਾ ਸਿੰਘ, ਸ਼ਿੰਗਾਰਾ ਸਿੰਘ ਸਾਬਕਾ ਸਰਪੰਚ, ਮਨਜੀਤ ਸਿੰਘ, ਅਮਰੀਕ ਸਿੰਘ, ਲਖਵਿੰਦਰ ਸਿੰਘ, ਪਿਆਰਾ ਸਿੰਘ, ਹਰਭਜਨ ਸਿੰਘ, ਭਾਨ ਸਿੰਘ, ਗੁਰਮੀਤ ਸਿੰਘ, ਗਿਆਨ ਸਿੰਘ, ਸੁਰਜੀਤ ਸਿੰਘ, ਦਲਬੀਰ ਸਿੰਘ, ਦਿਲਬਾਗ ਸਿੰਘ, ਆਕਾਸ਼, ਗਗਨਦੀਪ, ਰਣਜੀਤ ਸਿੰਘ, ਸੁੱਚਾ ਸਿੰਘ, ਹਰਜੀਤ ਸਿੰਘ, ਕਸ਼ਮੀਰ ਸਿੰਘ ਫੌਜੀ, ਜੋਗਾ ਸਿੰਘ, ਹਰੀ ਸਿੰਘ, ਸੁਖਵਿੰਦਰ ਸਿੰਘ, ਨਾਜਰ ਸਿੰਘ ਆਦਿ ਹਾਜ਼ਰ ਸਨ।

ਕਾਂਸੀ ਦਾ ਤਮਗਾ ਜਿੱਤਣ ਵਾਲੇ ਪ੍ਰਭਜੋਤ ਸਿੰਘ ਦਾ ਮਜੀਠੀਆ ਵੱਲੋਂ ਸਨਮਾਨ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਮਜੀਠਾ ਹਲਕਾ ਦੇ ਪਿੰਡ ਭੀਲੋਵਾਲ ਤੋਂ ਹੋਣਹਾਰ ਖਿਡਾਰੀ ਪ੍ਰਭਜੋਤ ਸਿੰਘ ਜਿਸ ਨੇ ਫਿਲੀਪੀਨਸ ਵਿੱਚ ਹੋਏ ਡਰੈਗਨ ਬੋਟ ਵਰਡ ਚੈਂਪੀਅਨਸ਼ਿਪ ਵਿੱਚ ਕਾਸ਼ੀ ਦਾ ਤਮਗਾ ਜਿੱਤ ਕੇ ਦੇਸ਼ ਦਾ ਨਾਮ ਰੌਸ਼ਨ ਕੀਤਾ ਹੈ, ਵੱਲੋਂ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਦੇ ਗ੍ਰਹਿ ਵਿਖੇ ਪੁੱਜ ਕੇ ਉਨ੍ਹਾਂ ਕੋਲੋਂ ਅਸ਼ੀਰਵਾਦ ਲਿਆ। ਇਸ ਮੌਕੇ ਗੱਲਬਾਤ ਕਰਦਿਆਂ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਕਿ ਇਹ ਮੇਰੀ ਖੁਸ਼ਕਿਸਮਤੀ ਹੈ ਕਿ ਪ੍ਰਭਜੋਤ ਸਿੰਘ ਅੱਜ ਮੇਰੇ ਗ੍ਰਹਿ ਵਿਖੇ ਮਿਲਣ ਆਇਆ। ਜਿੱਥੇ ਇਸ ਨੌਜਵਾਨ ਨੂੰ ਮਿਲ ਕੇ ਬਹੁਤ ਮਾਣ ਮਹਿਸੂਸ ਹੋਇਆ ਉਥੇ ਹੀ ਉਸਦੇ ਚੰਗੇ ਭਵਿੱਖ ਦੀ ਕਾਮਨਾ ਕਰਦਾ ਹਾਂ ਅਤੇ ਨੌਜਵਾਨ ਖਿਡਾਰੀ ਦੀ ਪ੍ਰਤਿਭਾ ਨੂੰ ਨਿਖਾਰਨ ਵਾਲੇ ਕੋਚ ਅਮਨਦੀਪ ਸਿੰਘ ਖਹਿਰਾ ਦੇ ਬਹੁਤ ਸ਼ੁਕਰਗੁਜ਼ਾਰ ਹਾਂ ਜਿਨ੍ਹਾਂ ਸਦਕਾ ਨੌਜਵਾਨ ਬੁਲੰਦੀਆਂ ਛੂਹ ਰਿਹਾ ਹੈ।ਮਜੀਠੀਆ ਵੱਲੋਂ ਆਪਣੇ ਗ੍ਰਹਿ ਵਿਖੇ ਪਹੁੰਚਣ 'ਤੇ ਖਿਡਾਰੀ ਪ੍ਰਭਜੋਤ ਸਿੰਘ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ, ਸੁਖਦੇਵ ਸਿੰਘ ਪਟਵਾਰੀ, ਫਤਿਹ ਸਿੰਘ ਲਾਲਕਾ, ਜੋਗਿੰਦਰ ਸਿੰਘ ਭੀਲੋਵਾਲ ਅਤੇ ਹੋਰ ਆਗੂ ਵੀ ਹਾਜ਼ਰ ਸਨ।

ਪੇਂਡੂ ਬੇਰੁਜ਼ਗਾਰ ਨੌਜਵਾਨਾਂ ਲਈ ਡੇਅਰੀ ਫਾਰਮਿੰਗ ਦਾ ਸਿਖਲਾਈ ਕੋਰਸ 11 ਤੋਂ

ਗੁਰਦਾਸਪੁਰ, (ਜਨਕ ਮਹਾਜਨ)-ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਿਤ ਪੇਂਡੂ ਬੇਰੁਜ਼ਗਾਰ ਨੌਜਵਾਨ ਲੜਕੇ/ਲੜਕੀਆਂ, ਜੋ ਡੇਅਰੀ ਦਾ ਕਿੱਤਾ ਸ਼ੁਰੂ ਕਰਨਾ ਚਾਹੁੰਦੇ ਹਨ ਉਹ ਡੇਅਰੀ ਸਿਖਲਾਈ ਕੋਰਸ ਵਾਸਤੇ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਬਲਾਕ-ਬੀ, ਚੌਥੀ ਮੰਜਿਲ ਕਮਰਾ ਨੰ:508 ਵਿਖੇ 11 ਨਵੰਬਰ 2024 ਤੱਕ ਅਰਜੀਆਂ ਦੇ ਸਕਦੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਵਰਿਆਮ ਸਿੰਘ ਨੇ ਦੱਸਿਆ ਕਿ ਖੇਤੀ ਵਿੱਚ ਵਿਭਿੰਨਤਾ ਲਿਆਉਣ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਲਈ ਡੇਅਰੀ ਦੇ ਕਿੱਤੇ ਨੂੰ ਸਹਾਇਕ ਧੰਦੇ ਵਜੋਂ ਅਪਨਾਉਣ ਲਈ 2 ਹਫਤੇ ਦੀ ਡੇਅਰੀ ਸਿਖਲਾਈ 11 ਨਵੰਬਰ 2024 ਤੋਂ ਡੇਅਰੀ ਸਿਖਲਾਈ ਤੇ ਵਿਸਥਾਰ ਕੇਂਦਰ, ਵੇਰਕਾ (ਜ਼ਿਲਾ ਅੰਮ੍ਰਿਤਸਰ) ਵਿਖੇ ਕਰਵਾਈ ਜਾਣੀ ਹੈ। ਇਸ ਸਿਖਲਾਈ ਕੋਰਸ ਵਿੱਚ ਜ਼ਿਲਾ ਗੁਰਦਾਸਪੁਰ ਨਾਲ ਸਬੰਧਤ ਬੇਰੁਜਗਾਰ ਨੌਜਵਾਨ ਲੜਕੇ/ਲੜਕੀਆਂ, ਜੋ ਘੱਟੋ ਘੱਟ 5ਵੀਂ ਪਾਸ ਹੋਣ, ਉਮਰ 18 ਤੋਂ 55 ਸਾਲ ਦਰਮਿਆਨ ਹੋਵੇ, ਪੇਂਡੂ ਖੇਤਰ ਨਾਲ ਸਬੰਧਤ ਹੋਣ, ਇਸ ਸਿਖਲਾਈ ਵਿੱਚ ਭਾਗ ਲੈ ਸਕਦੇ ਹਨ। ਉਨ੍ਹਾਂ ਅੱਗੇ ਦੱਸਿਆ ਕਿ ਸਿਖਲਾਈ ਉਪਰੰਤ ਵਿਭਾਗ ਵੱਲੋਂ ਸਬੰਧਤਾਂ ਨੂੰ ਵੱਖ-ਵੱਖ ਬੈਂਕਾਂ ਤੋਂ ਡੇਅਰੀ ਕਰਜੇ ਦੀ ਸੁਵਿਧਾ ਰਾਹੀਂ 2 ਤੋਂ 20 ਪਸ਼ੂਆਂ ਦੇ ਡੇਅਰੀ ਯੂਨਿਟ ਸਥਾਪਤ ਕਰਵਾ ਕੇ 25% ਜਨਰਲ ਅਤੇ 33% ਅ.ਜਾਤੀ. ਲਈ ਸਬਸਿਡੀ ਮੁਹੱਈਆ ਕਰਵਾਈ ਜਾਵੇਗੀ। ਚਾਹਵਾਨ ਲੜਕੇ/ਲੜਕੀਆਂ ਇਸ ਸਬੰਧੀ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਨਾਲ ਆਪਣੇ ਅਸਲ ਯੋਗਤਾ ਸਰਟੀਫਿਕੇਟ ਅਤੇ ਪਾਸਪੋਰਟ ਸਾਈਜ਼ ਫੋਟੋ ਅਤੇ ਆਧਾਰ ਕਾਰਡ ਲੈ ਕੇ ਫਾਰਮ ਭਰਵਾ ਸਕਦੇ ਹਨ।

ਕੈਨੇਡਾ ਦੀ ਕਿਸਮਤ ਇਕ ਦਿਨ ਪਾਕਿਸਤਾਨ ਵਰਗੀ ਹੋਵੇਗੀ : ਨਈਅਰ

ਬਟਾਲਾ (ਤਰਲੋਕ ਬੱਗਾ)-ਸ਼ਿਵ ਸੈਨਾ ਉਧਵ ਬਾਲਾ ਸਾਹਿਬ ਠਾਕਰੇ ਦੀ ਇਕ ਹੰਗਾਮੀ ਮੀਟਿੰਗ ਪੰਜਾਬ ਦੇ ਵਾਈਸ ਪ੍ਰਧਾਨ ਰਾਮੇਸ਼ ਨਈਅਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਨਈਅਰ ਨੇ ਕੈਨੇਡਾ ਦੇ ਸਹਿਰ (ਬਰੈਂਪਟਨ) ਵਿੱਚ ਹਿੰਦੂ ਮਹਾਸਭਾ ਦੇ ਮੰਦਰ 'ਤੇ ਕੱਟੜਪੰਥੀਆਂ ਵੱਲੋਂ ਕੀਤੇ ਗਏ ਹਮਲੇ ਦੀ ਸਖਤ ਨਿਖੇਧੀ ਕੀਤੀ ਹੈ। ਉਨ੍ਹਾਂ ਜਸਟਿਨ ਟਰੂਡੋ ਦੀ ਉਥੋਂ ਦੀ ਸਰਕਾਰ ਨੂੰ ਭਾਰਤ ਵਿਰੋਧੀ ਗਤੀਵਿਧੀਆਂ ਤੇ ਰੋਕ ਨਾ ਲਗਾਉਣ ਨੂੰ ਵੀ ਗਲਤ ਕਰਾਰ ਦਿੱਤਾ। ਨਈਅਰ ਨੇ ਕਿਹਾ ਕਿ ਕੈਨੇਡਾ 'ਚ ਖੁੱਲੇ ਆਮ ਭਾਰਤ ਵਿਰੋਧੀ ਗਤੀਵਿਧੀਆਂ ਚੱਲ ਰਹੀਆਂ ਹਨ। ਹੁਣ ਉਥੋਂ ਦੇ ਹਿੰਦੂ ਭਾਈਚਾਰੇ ਨੂੰ ਨਿਸਾਨਾ ਬਣਾਇਆ ਜਾ ਰਿਹਾ ਹੈ। ਉਥੋਂ ਦੇ ਮੰਦਰਾਂ ਅਤੇ ਨਾਗਰਿਕਾਂ ਤੇ ਗਰਮ ਖਿਆਲੀ ਲੋਕਾਂ ਵੱਲੋਂ ਹਮਲੇ ਕੀਤੇ ਜਾ ਰਹੇ ਹਨ, ਜੋ ਕਿ ਅਸਹਿ ਹੈ। ਉਨ੍ਹਾਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਹੈ ਕਿ ਉਹ ਕੈਨੇਡੀਅਨ ਸਰਕਾਰ 'ਤੇ ਦਬਾਅ ਪਾਵੇ ਅਤੇ ਉਥੇ ਭਾਰਤੀ ਭਾਈਚਾਰੇ ਅਤੇ ਹਿੰਦੂ ਮੰਦਰਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਵੇ। ਉਨ੍ਹਾਂ ਕਿਹਾ ਕਿ ਕੈਨੇਡਾ 'ਚ ਜਸਟਿਨ ਟਰੂਡੋ ਦੀ ਸਰਕਾਰ ਇਨ੍ਹਾਂ ਭਾਰਤ ਵਿਰੋਧੀ ਲੋਕਾਂ ਦੇ ਜ਼ੋਰ ਤੇ ਬਣੀ ਹੋਈ ਹੈ, ਇਸ ਲਈ ਉਨ੍ਹਾਂ ਖਿਲਾਫ ਕਾਰਵਾਈ ਨਹੀਂ ਕੀਤੀ ਜਾ ਰਹੀ। ਉਨ੍ਹਾਂ ਕਿਹਾ ਕਿ ਇਕ ਦਿਨ ਕੈਨੇਡਾ ਦਾ ਵੀ ਪਾਕਿਸਤਾਨ ਵਰਗਾ ਹਸ਼ਰ ਹੋਵੇਗਾ, ਜਿਸ ਨੇ ਅੱਤਵਾਦ ਦਾ ਸਮਰਥਨ ਕੀਤਾ ਸੀ। ਕੈਨੇਡਾ ਵਿੱਚ ਭਾਰਤੀ ਭਾਈਚਾਰੇ ਦੀ ਤਾਰੀਫ ਕਰਦਿਆਂ ਨਈਅਰ ਨੇ ਕਿਹਾ ਕਿ ਉਥੋਂ ਦਾ ਭਾਰਤੀ ਸਮਾਜ ਇੱਕਜੁੱਟ ਹੋ ਕੇ ਇਨ੍ਹਾਂ ਭਾਰਤ ਵਿਰੋਧੀ ਲੋਕਾਂ ਨੂੰ ਮੂੰਹ ਤੋੜਵਾਂ ਜ

7-Nov-PAGE-4.qxd 11/6/2024 10:41 PM Page 1

ਨਵਾਂ ਜ਼ਮਾਨਾ
ਵੀਰਵਾਰ, 7 ਨਵੰਬਰ 2024

ਹਿੰਦੂ-ਮੁਸਲਿਮ ਏਜੰਡਾ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਝਾਰਖੰਡ ਅਸੰਬਲੀ ਚੋਣਾਂ ਲਈ ਆਪਣੀਆਂ ਰੈਲੀਆਂ 'ਚ ਘੁਸਪੈਠ ਦਾ ਜ਼ੋਰ-ਸ਼ੋਰ ਨਾਲ ਜ਼ਿਕਰ ਕਰ ਰਹੇ ਹਨ। ਕਹਿਣ ਨੂੰ ਉਹ ਸ਼ਬਦ 'ਘੁਸਪੈਠੀਏ' ਵਰਤ ਰਹੇ ਹਨ, ਪਰ ਸਭ ਲੋਕ ਜਾਣਦੇ ਹਨ ਕਿ ਨਿਸ਼ਾਨੇ 'ਤੇ ਉਨ੍ਹਾ ਦੇ ਆਮ ਮੁਸਲਮਾਨ ਹਨ। ਉਨ੍ਹਾ ਆਪਣੀ ਤਕਰੀਰ 'ਚ ਕਿਹਾ ਕਿ ਘੁਸਪੈਠੀਏ ਝਾਰਖੰਡ ਦੇ ਲੋਕਾਂ ਦੀ ਰੋਟੀ ਖੋਹ ਰਹੇ ਹਨ, ਬੇਟੀ ਖੋਹ ਰਹੇ ਹਨ ਤੇ ਮਾਟੀ ਵੀ ਹੜੱਪ ਰਹੇ ਹਨ। ਪ੍ਰਧਾਨ ਮੰਤਰੀ ਨੇ ਸਿਆਸੀ ਭਾਸ਼ਾ ਦਾ ਪੱਧਰ ਏਨਾ ਡੇਗ ਦਿੱਤਾ ਹੈ ਕਿ ਉਸ ਦੀ ਭਰਪਾਈ ਛੇਤੀ ਨਹੀਂ ਹੋਣੀ। ਉਹ ਆਪਣੀ ਕੁਰਸੀ ਤੇ ਸੱਤਾ ਦੇ ਲਾਲਚ 'ਚ ਬਿਲਕੁਲ ਅੰਨ੍ਹੇ ਹੋ ਗਏ ਹਨ। ਇਕ ਸਭਿਆ ਸਮਾਜ ਨੂੰ ਅਸਭਿਆ ਬਣਾਉਣ 'ਚ ਕਸਰ ਨਹੀਂ ਛੱਡ ਰਹੇ। ਦਰਅਸਲ ਦਸ ਸਾਲਾਂ ਦੇ ਮੋਦੀ ਰਾਜ ਦੌਰਾਨ ਕੇਂਦਰ ਸਰਕਾਰ ਦਾ ਜੋ ਰਵੱਈਆ ਰਿਹਾ ਹੈ, ਉਸ ਦਾ ਹਿਸਾਬ-ਕਿਤਾਬ ਲਾ ਕੇ ਲੋਕ ਇਹ ਸਮਝ ਚੁੱਕੇ ਹਨ ਕਿ ਇਹ ਇਕ ਨਾਕਾਮ ਸਰਕਾਰ ਹੈ, ਜਿਹੜੀ ਸਾਰੇ ਮੋਰਚਿਆਂ 'ਤੇ ਫੇਲ੍ਹ ਹੋ ਚੁੱਕੀ ਹੈ। ਉਸ ਕੋਲ ਦੇਣ ਲਈ ਜੁਮਲਿਆਂ ਤੋਂ ਬਿਨਾਂ ਕੁਝ ਨਹੀਂ। ਉਲਟਾ ਉਹ ਕਿਸੇ ਨਾ ਕਿਸੇ ਤਰੀਕੇ ਲੋਕਾਂ ਦਾ ਖੂਨ ਚੂਸਣ 'ਤੇ ਉਤਾਰੂ ਹੈ, ਜਿਸ ਦਾ ਵੱਡਾ ਹਿੱਸਾ ਉਹ ਆਪਣੇ ਚਹੇਤੇ ਕਾਰਪੋਰੇਟ ਘਰਾਣਿਆਂ ਨੂੰ ਦੇ ਰਹੀ ਹੈ। ਅਜਿਹੇ ਵਿਚ ਭਾਜਪਾ ਤੇ ਆਰ ਐੱਸ ਐੱਸ ਆਪਣੇ ਨੰਗੇ ਰੂਪ ਵਿੱਚ ਸਾਹਮਣੇ ਆ ਗਏ ਹਨ ਅਤੇ ਫਿਰਕਾਪ੍ਰਸਤੀ ਦੇ ਰੱਥ 'ਤੇ ਸਵਾਰ ਹੋ ਕੇ ਦੇਸ਼ ਤੇ ਸਮਾਜ 'ਚ ਨਾ ਸਿਰਫ ਹਿੰਸਾ ਭੜਕਾ ਰਹੇ ਹਨ, ਸਗੋਂ ਉਸ 'ਚ ਨਫਰਤ ਦਾ ਜ਼ਹਿਰ ਘੋਲ ਰਹੇ ਹਨ। ਪੂਰਾ ਸੰਘ ਗਰੋਹ ਇਸੇ ਇੱਕ ਸੂਤਰੀ ਮੁਹਿੰਮ 'ਚ ਜੁਟ ਗਿਆ ਹੈ। ਹੁਣ ਤੱਕ ਜਿਹੜੀ ਕੁਝ ਲੋਕ-ਲਾਜ ਤੇ ਮਰਿਆਦਾ ਸੀ, ਪ੍ਰਧਾਨ ਮੰਤਰੀ ਨੇ ਝਾਰਖੰਡ ਚੋਣਾਂ ਵਿਚ ਉਸ ਨੂੰ ਵੀ ਲਾਹ ਸੁੱਟਿਆ ਹੈ। ਝਾਰਖੰਡ ਦੀ ਇਹ ਪਹਿਲੀ ਚੋਣ ਹੈ, ਜਿਸ 'ਚ ਭਾਜਪਾ ਫਿਰਕਾਪ੍ਰਸਤੀ ਨੂੰ ਕੇਂਦਰੀ ਏਜੰਡਾ ਬਣਾ ਰਹੀ ਹੈ। ਸੂਬੇ ਨੂੰ ਬਣੇ 24 ਸਾਲ ਹੋ ਗਏ ਹਨ, ਅਜੇ ਤੱਕ ਭਾਜਪਾ ਇਸ ਦੀ ਹਿੰਮਤ ਨਹੀਂ ਕਰ ਸੀ ਸਕੀ। ਆਦਿਵਾਸੀਆਂ ਲਈ ਬਣੇ ਸੂਬੇ ਵਿਚ ਆਦਿਵਾਸੀਆਂ ਦਾ ਹੀ ਏਜੰਡਾ ਹੁੰਦਾ ਸੀ। ਜੇ ਭਾਜਪਾ ਇਸ ਮੁਹਿੰਮ ਵਿਚ ਕਾਮਯਾਬ ਹੋ ਗਈ ਤਾਂ ਲੋਕਾਂ ਦੇ ਬੁਨਿਆਦੀ ਮੁੱਦੇ ਹਮੇਸ਼ਾ-ਹਮੇਸ਼ਾ ਲਈ ਹਾਸ਼ੀਏ 'ਤੇ ਚਲੇ ਜਾਣਗੇ ਅਤੇ ਫਿਰ ਮੌਜੂਦਾ ਹੀ ਨਹੀਂ, ਸਗੋਂ ਭਵਿੱਖ ਵਿੱਚ ਵੀ ਭਾਜਪਾ ਲਈ ਹਿੰਦੂ-ਮੁਸਲਮਾਨ ਕਰਕੇ ਚੋਣਾਂ ਜਿੱਤਣਾ ਬੇਹੱਦ ਆਸਾਨ ਹੋ ਜਾਵੇਗਾ। ਤਸਵੀਰ ਕੁਝ ਅਜਿਹੀ ਬਣੇਗੀ ਕਿ ਇਕ ਪਾਸੇ ਲੋਕ ਆਪਸ ਵਿੱਚ ਲੜ ਰਹੇ ਹੋਣਗੇ ਤੇ ਦੂਜੇ ਪਾਸੇ ਕਾਰਪੋਰੇਟ ਘਰਾਣੇ ਉਨ੍ਹਾਂ ਦੇ ਕੁਦਰਤੀ ਵਸੀਲਿਆਂ ਨੂੰ ਟੱਕ ਲਾ ਰਹੇ ਹੋਣਗੇ, ਜਦਕਿ ਸਚਾਈ ਇਹ ਹੈ ਕਿ ਕਿਸੇ ਵੀ ਸੂਬੇ ਵਿਚ ਘੁਸਪੈਠ ਨਾ ਤਾਂ ਏਨੀ ਵੱਡੀ ਸਮੱਸਿਆ ਹੈ ਤੇ ਨਾ ਹੀ ਉਹ ਕਿਸੇ ਹਿੱਸੇ ਨੂੰ ਪ੍ਰੇਸ਼ਾਨ ਕਰ ਰਹੀ ਹੈ।

ਦਰਅਸਲ ਦੇਸ਼ ਭਰ ਵਿਚ ਜਾਤ ਆਧਾਰਤ ਜਨਗਣਨਾ ਦੀ ਮੰਗ ਜ਼ੋਰ ਫੜ ਰਹੀ ਹੈ, ਜਿਹੜੀ ਭਾਜਪਾ ਨੂੰ ਸੱਤਾ ਤੋਂ ਬੇਦਖਲ ਕਰ ਸਕਦੀ ਹੈ। ਇਸੇ ਕਰਕੇ ਉਹ ਮੁਸਲਮਾਨਾਂ ਦਾ ਡਰ ਦਿਖਾ ਕੇ ਹਿੰਦੂਆਂ ਦੀ ਧਰਮ ਦੇ ਆਧਾਰ 'ਤੇ ਕਤਾਰਬੰਦੀ ਕਰਨ ਲੱਗੀ ਹੋਈ ਹੈ। ਦੇਸ਼ ਵਾਸੀਆਂ ਨੂੰ ਸੋਚਣਾ ਪਵੇਗਾ ਕਿ ਦੇਸ਼ ਦੀ ਵੰਡ ਸਮੇਂ ਹਿੰਦੂ-ਮੁਸਲਿਮ ਦੇ ਨਾਅਰੇ ਨੇ ਕਿੰਨਾ ਨੁਕਸਾਨ ਕੀਤਾ ਸੀ ਤੇ ਜੇ ਉਹ ਭਾਜਪਾ ਦੇ ਝਾਂਸੇ ਵਿੱਚ ਆ ਗਏ ਤਾਂ ਕੀ ਹਾਲ ਹੋਵੇਗਾ।

ਮਹਾਨ ਰੂਸੀ ਕ੍ਰਾਂਤੀ : ਅਜੋਕੇ ਵਿਸ਼ਵ ਅਤੇ ਭਾਰਤ ਲਈ ਇਸ ਦੇ ਸਬਕ

ਡੀ ਰਾਜਾ ਜਨਰਲ ਸਕੱਤਰ ਸੀ ਪੀ ਆਈ
ਅਨੁ : ਐੱਮ ਐੱਸ ਭਾਟੀਆ

ਅਜੋਕੇ ਸਮੇਂ ਵਿੱਚ ਦੁਨੀਆ ਦੀਆਂ ਵੱਖ-ਵੱਖ ਥਾਵਾਂ 'ਤੇ ਯੁੱਧ ਚੱਲ ਰਹੇ ਹਨ ਅਤੇ ਕਈ ਕਿਸਮ ਦੇ ਗੁੱਟ ਬਣ ਕੇ ਸਾਹਮਣੇ ਆ ਰਹੇ ਹਨ। ਇਹਨਾਂ ਹਾਲਤਾਂ ਵਿੱਚ ਅਮਰੀਕਨ ਸਾਮਰਾਜਵਾਦ ਅਸਥਿਰਤਾ ਫੈਲਾਉਣ ਵਿੱਚ ਵੱਡੀ ਭੂਮਿਕਾ ਨਿਭਾਅ ਰਿਹਾ ਹੈ।ਇਸ ਦੀ ਦਖਲ-ਅੰਦਾਜ਼ੀ ਵਾਲੀ ਵਿਦੇਸ਼ ਨੀਤੀ ਜੋ ਫੌਜੀ ਦਖਲਅੰਦਾਜ਼ੀ, ਆਰਥਿਕ ਪਾਬੰਦੀਆਂ ਅਤੇ ਸੱਤਾ ਪਰਿਵਰਤਣ ਨੂੰ ਉਤਸ਼ਾਹਿਤ ਕਰਨ ਵਾਲੀ ਨੀਤੀ ਹੈ ਨੇ ਖੇਤਰੀ ਅਸਥਿਰਤਾਵਾਂ, ਖਾਸ ਤੌਰ 'ਤੇ ਮੱਧ ਪੂਰਬ ਅਤੇ ਦੱਖਣੀ ਏਸ਼ੀਆ ਵਿੱਚ ਵਧਾਇਆ ਹੈ।

ਇਹ ਸਾਮਰਾਜਵਾਦੀ ਪਹੁੰਚ ਅੰਤਰਰਾਸ਼ਟਰੀ ਭੂ-ਰਾਜਨੀਤਿਕ ਦ੍ਰਿਸ਼ਟੀਕੋਣ ਨੂੰ ਗੁੰਝਲਦਾਰ ਬਣਾਉਂਦੀ ਹੈ ਅਤੇ ਸੰਯੁਕਤ ਰਾਸ਼ਟਰ ਦੀ ਭੂਮਿਕਾ ਨੂੰ ਕਮਜ਼ੋਰ ਕਰਦੀ ਹੈ।ਇਹ ਇੱਕ ਬਹੁਧਰੁਵੀ ਸੰਸਾਰ ਵਿੱਚ ਤਣਾਅ ਨੂੰ ਵੀ ਵਧਾਉਂਦੀ ਹੈ ਅਤੇ ਇੱਕ ਸਥਿਰ ਅਤੇ ਨਿਰਪੱਖ ਵਿਸ਼ਵ ਵਿਵਸਥਾ ਨੂੰ ਚੁਣੌਤੀ ਦਿੰਦੀ ਹੈ ।

ਇਸ ਸੰਦਰਭ ਵਿੱਚ 1917 ਦੀ ਰੂਸੀ ਕ੍ਰਾਂਤੀ ਦੇ ਸਬਕ ਅੰਤਰ-ਰਾਸ਼ਟਰੀ ਅਤੇ ਘਰੇਲੂ ਮਾਮਲਿਆਂ ਵਿੱਚ, ਖਾਸ ਕਰਕੇ ਭਾਰਤ ਵਿੱਚ ਸ਼ਾਂਤੀ, ਸਥਿਰਤਾ, ਆਪਸੀ ਸਨਮਾਨ ਅਤੇ ਸਦਭਾਵਨਾ ਲਿਆਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦੇ ਹਨ।ਸ਼ਾਂਤੀ ਬਾਰੇ ਲੈਨਿਨ ਦਾ 26 ਨਵੰਬਰ, 1917 ਨੂੰ ਜਾਰੀ ਕੀਤਾ ਗਿਆ ਫ਼ਰਮਾਨ, ਪਹਿਲੇ ਵਿਸ਼ਵ ਯੁੱਧ ਅਤੇ ਵਿਆਪਕ ਅੰਤਰਰਾਸ਼ਟਰੀ ਰਾਜਨੀਤਿਕ ਦ੍ਰਿਸ਼ ਦੇ ਸੰਦਰਭ ਵਿੱਚ ਇੱਕ ਮਹੱਤਵਪੂਰਨ ਪਲ ਸੀ।

ਬੋਲਸ਼ੇਵਿਕ ਕ੍ਰਾਂਤੀ ਤੋਂ ਉੱਭਰ ਕੇ ਇਸ ਫ਼ਰਮਾਨ ਨੇ ਦੁਸ਼ਮਣੀ ਨੂੰ ਤੁਰੰਤ ਖਤਮ ਕਰਨ ਦੀ ਮੰਗ ਕੀਤੀ ਅਤੇ ਬਿਨਾਂ ਕਿਸੇ ਸ਼ਮੂਲੀਅਤ ਜਾਂ ਮੁਆਵਜ਼ੇ ਦੇ ਸ਼ਾਂਤੀ ਵਾਰਤਾ ਦੀ ਵਕਾਲਤ ਕੀਤੀ।

ਇਹ ਮਨੁੱਖਤਾ 'ਤੇ ਪਹਿਲੇ ਵਿਸ਼ਵ ਯੁੱਧ ਦੇ ਬੇਰਹਿਮ ਕਤਲੇਆਮ ਦਾ ਸਿੱਧਾ ਅਤੇ ਦਲੇਰਾਨਾ ਜਵਾਬ ਸੀ, ਜੋ ਕਿ ਯੁੱਧ ਨੂੰ ਖਤਮ ਕਰਨ ਦੀ ਵਿਆਪਕ ਇੱਛਾ ਨੂੰ ਦਰਸਾਉਂਦਾ ਹੈ।

ਲੈਨਿਨ ਨੇ ਆਪਣੇ-ਆਪ ਨੂੰ ਅਤੇ ਪਾਰਟੀ ਨੂੰ ਲੋਕਾਂ ਦੀਆਂ ਚਿੰਤਾਵਾਂ ਦੇ ਨਾਲ ਸ਼ਾਂਤੀ ਦੇ ਚੈਂਪੀਅਨ ਵਜੋਂ ਸਥਾਪਤ ਕਰਕੇ, ਯੁੱਧ ਵਿੱਚ ਸ਼ਾਮਲ ਦੂਜੀਆਂ ਸ਼ਕਤੀਆਂ ਦੀਆਂ ਸਾਮਰਾਜਵਾਦੀ ਇੱਛਾਵਾਂ ਦਾ ਤਿੱਖਾ ਵਿਰੋਧ ਕਰਦੇ ਹੋਏ ਬਾਲਸ਼ਵਿਕਾਂ ਲਈ ਭਾਰੀ ਸਮਰਥਨ ਇਕੱਠਾ ਕੀਤਾ।

ਲੈਨਿਨ ਨੇ ਪੂੰਜੀਵਾਦ ਦੇ ਸਾਮਰਾਜੀ ਪੜਾਅ ਦਾ ਵਿਸ਼ਲੇਸ਼ਣ ਕੀਤਾ ਅਤੇ ਦੱਸਿਆ ਕਿ ਸਮਾਜਵਾਦ ਹੀ ਇਸ ਦਾ ਬਦਲ ਹੈ।

ਸਮਾਜਵਾਦ ਵਿਸ਼ਵ ਵਿੱਚ ਸ਼ਾਂਤੀ ਅਤੇ ਵਿਕਾਸ ਅਤੇ ਸਾਰਿਆਂ ਲਈ ਸਾਂਝੇ ਭਲੇ ਅਤੇ ਖੁਸ਼ਹਾਲੀ ਲਈ ਹੈ।ਇਹ ਹਰ ਤਰ੍ਹਾਂ ਦੇ ਸ਼ੋਸ਼ਣ ਅਤੇ ਗੁਲਾਮੀ ਨੂੰ ਖਤਮ ਕਰਦਾ ਹੈ ਅਤੇ ਲੋਕਾਂ ਨੂੰ ਸਾਰੇ ਵਿਤਕਰੇ ਅਤੇ ਅਨਿਆਂ ਤੋਂ ਮੁਕਤ ਕਰਦਾ ਹੈ।

ਉਸ ਸਮੇਂ ਦੌਰਾਨ ਬਸਤੀਵਾਦੀ ਦੇਸ਼ਾਂ ਵਿੱਚ, ਜਿਨ੍ਹਾਂ ਦੇ ਸਰੋਤਾਂ ਅਤੇ ਆਬਾਦੀ ਦਾ ਯੂਰਪੀਅਨ ਸ਼ਕਤੀਆਂ ਦੇ ਫਾਇਦੇ ਲਈ ਸ਼ੋਸ਼ਣ ਕੀਤਾ ਗਿਆ ਸੀ, ਵਿਸ਼ਵਵਿਆਪੀ ਯੁੱਧ ਦੇ ਨਾਲ ਵਿਆਪਕ ਨਿਰਾਸ਼ਾ ਦੁਆਰਾ ਚਿੰਨ੍ਹਿਤ ਕੀਤਾ ਗਿਆ ਸੀ, ਖਾਸ ਤੌਰ 'ਤੇ ਸ਼ਾਂਤੀ ਦਾ ਸੱਦਾ ਨਾ ਸਿਰਫ਼ ਰੂਸ ਵਿੱਚ, ਸਗੋਂ ਵੱਖ-ਵੱਖ ਗੁਲਾਮ ਦੇਸ਼ਾਂ ਵਿੱਚ ਵੀ ਗੂੰਜਿਆ, ਜਿੱਥੇ ਸਾਮਰਾਜ ਵਿਰੋਧੀ ਸੰਘਰਸ਼ ਵਧ ਰਹੇ ਸਨ।

ਲੈਨਿਨ ਦੇ ਫ਼ਰਮਾਨ ਨੇ ਬਸਤੀਵਾਦੀ ਲੋਕਾਂ ਵਿੱਚ ਉਮੀਦ ਜਗਾਈ ਕਿ ਉਹ ਸਵੈ-ਨਿਰਣੇ ਅਤੇ ਆਜ਼ਾਦੀ ਦੀ ਮੰਗ ਕਰਨ ਲਈ ਸਾਮਰਾਜੀ ਸ਼ਕਤੀਆਂ ਦੇ ਕਮਜ਼ੋਰ ਹੋਣ ਦਾ ਲਾਭ ਉਠਾ ਸਕਦੇ ਹਨ।

ਸੋਵੀਅਤਾਂ ਦੇ ਸਾਮਰਾਜ ਵਿਰੋਧੀ ਰੁਖ ਅਤੇ ਸ਼ਾਂਤੀ ਲਈ ਵਕਾਲਤ ਦਾ ਏਸ਼ੀਆ, ਅਫਰੀਕਾ ਅਤੇ ਮੱਧ ਪੂਰਬ ਵਿੱਚ ਇੱਕ ਵਿਆਪਕ ਇਨਕਲਾਬੀ ਲਹਿਰ ਨੂੰ ਮਜ਼ਬੂਤ ਕਰਨ ਅਤੇ ਬਸਤੀਵਾਦੀ ਸ਼ਾਸਨ ਨੂੰ ਤੋੜਨ ਲਈ ਯਤਨਸ਼ੀਲ ਕਈ ਦੇਸ਼ਾਂ ਦੀਆਂ ਇੱਛਾਵਾਂ 'ਤੇ ਡੂੰਘਾ ਪ੍ਰਭਾਵ ਪਿਆ।ਲੈਨਿਨ ਦੇ ਫ਼ਰਮਾਨ ਦੇ ਪ੍ਰਭਾਵ ਰੂਸ ਤੋਂ ਬਹੁਤ ਦੂਰ ਤੱਕ ਫੈਲ ਗਏ ਅਤੇ ਅੰਤਰ-ਰਾਸ਼ਟਰੀ ਰਾਜਨੀਤੀ ਨੂੰ ਮਹੱਤਵਪੂਰਨ ਤਰੀਕਿਆਂ ਨਾਲ ਪ੍ਰਭਾਵਿਤ ਕੀਤਾ।

ਬਸਤੀਵਾਦੀ ਦੇਸ਼ਾਂ ਦੇ ਨਾਗਰਿਕਾਂ ਨੇ ਸ਼ਾਂਤੀ ਅਤੇ ਸਵੈ-ਨਿਰਣੇ ਦੇ ਸੱਦੇ ਨੂੰ ਆਪਣੇ ਸੰਘਰਸ਼ਾਂ ਵਜੋਂ ਸਮਝਣਾ ਸ਼ੁਰੂ ਕੀਤਾ।ਇਸ ਨੇ ਵਿਸ਼ਵ ਭਰ ਵਿੱਚ ਰਾਸ਼ਟਰਵਾਦੀ ਅੰਦੋਲਨਾਂ ਦੇ ਉਭਾਰ ਵਿੱਚ ਯੋਗਦਾਨ ਪਾਇਆ।

ਭਾਰਤ ਅਤੇ ਮਿਸਰ ਵਰਗੇ ਦੇਸ਼ਾਂ ਨੇ ਕ੍ਰਾਂਤੀਕਾਰੀ ਤਬਦੀਲੀ ਦੇ ਬੋਲਸ਼ੇਵਿਕ ਮਾਡਲ ਨੂੰ ਅਪਨਾ ਕੇ ਬਸਤੀਵਾਦ ਵਿਰੋਧੀ ਸਰਗਰਮੀ ਵਿੱਚ ਵਾਧਾ ਦੇਖਿਆ।

ਇਸ ਤੋਂ ਇਲਾਵਾ ਸਵੈ-ਨਿਰਣੇ ਦੀ ਧਾਰਨਾ ਨੇ ਜੰਗ ਤੋਂ ਬਾਅਦ ਦੇ ਬੰਦੋਬਸਤ ਵਿੱਚ, ਖਾਸ ਤੌਰ 'ਤੇ ਪੈਰਿਸ ਸ਼ਾਂਤੀ ਕਾਨਫਰੰਸ ਵਿੱਚ ਜਾਨ ਪਾਈ, ਹਾਲਾਂਕਿ ਸਾਮਰਾਜੀ ਸ਼ਕਤੀਆਂ ਨੇ ਇਹਨਾਂ ਕੋਸ਼ਿਸ਼ਾਂ ਨੂੰ ਕਮਜ਼ੋਰ ਕਰਨ ਦਾ ਪੂਰਾ ਜ਼ੋਰ ਲਾਇਆ ।

ਇਸ ਤਰ੍ਹਾਂ, ਸ਼ਾਂਤੀ ਬਾਰੇ ਲੈਨਿਨ ਦੇ ਫ਼ਰਮਾਨ ਨੇ ਨਾ ਸਿਰਫ਼ ਰੂਸੀ ਇਤਿਹਾਸ ਨੂੰ ਬਦਲਿਆ, ਸਗੋਂ ਇੱਕ ਪਰਿਵਰਤਨਸ਼ੀਲ ਲਹਿਰ ਵੀ ਸਥਾਪਤ ਕੀਤੀ, ਜਿਸ ਨੇ ਸੰਸਾਰ ਭਰ ਵਿੱਚ ਬਸਤੀਵਾਦ ਦੀਆਂ ਬੁਨਿਆਦਾਂ ਨੂੰ ਚੁਣੌਤੀ ਦਿੱਤੀ ਅਤੇ ਸਾਮਰਾਜਵਾਦੀ ਹਫੜਾ-ਦਫੜੀ ਅਤੇ ਸ਼ੋਸ਼ਣ ਦੇ ਵਿਚਕਾਰ ਵਿਸ਼ਵ ਸ਼ਾਂਤੀ ਦੀ ਉਮੀਦ ਜਗਾਈ।

ਉਸੇ ਸਮੇਂ ਰਾਸ਼ਟਰੀ ਸਵੈ-ਨਿਰਣੇ ਲਈ ਲੈਨਿਨ ਦਾ ਸੱਦਾ ਬਸਤੀਵਾਦੀ ਦੇਸ਼ਾਂ ਵਿੱਚ ਗੂੰਜਿਆ, ਬਸਤੀਵਾਦੀ ਸ਼ਾਸਨ ਤੋਂ ਆਜ਼ਾਦੀ ਦੀ ਮੰਗ ਕਰਨ ਵਾਲੀਆਂ ਅਤੇ ਬਸਤੀਵਾਦੀ ਵਿਰੋਧੀ ਲਹਿਰਾਂ ਲਈ ਇੱਕ ਸ਼ਕਤੀਸ਼ਾਲੀ ਮਾਡਲ ਪੇਸ਼ ਕੀਤਾ।

ਰਾਸ਼ਟਰਾਂ ਦੇ ਆਪਣੀ ਕਿਸਮਤ ਦਾ ਫੈਸਲਾ ਆਪ ਕਰਨ ਦੇ ਅਧਿਕਾਰ 'ਤੇ ਲੈਨਿਨ ਦੇ ਜ਼ੋਰ ਨੇ ਏਸ਼ੀਆ ਅਤੇ ਅਫਰੀਕਾ ਦੇ ਬਹੁਤ ਸਾਰੇ ਨੇਤਾਵਾਂ ਅਤੇ ਕਾਰਕੁਨਾਂ ਨੂੰ ਪ੍ਰੇਰਿਤ ਕੀਤਾ, ਜੋ ਉਸ ਦੇ ਵਿਚਾਰਾਂ ਨੂੰ ਬਸਤੀਵਾਦੀ ਜ਼ੁਲਮ ਵਿਰੁੱਧ ਆਪਣੇ ਸੰਘਰਸ਼ਾਂ ਦੀ ਪ੍ਰਮਾਣਿਕਤਾ ਵਜੋਂ ਦੇਖਦੇ ਸਨ।ਭਾਰਤ ਵਿੱਚ ਇਸ ਭਾਵਨਾ ਨੂੰ ਵੱਖ-ਵੱਖ ਅੰਦੋਲਨਾਂ ਵਿੱਚ ਪ੍ਰਗਟ ਕੀਤਾ ਗਿਆ।ਭਾਰਤੀ ਸੁਤੰਤਰਤਾ ਅੰਦੋਲਨ ਦੇ ਵਿਚਾਰਧਾਰਕ ਵਿਕਾਸ ਵਿੱਚ ਲੈਨਿਨ ਦੇ ਸਿਧਾਂਤ ਦਾ ਪ੍ਰਭਾਵ ਸਪੱਸ਼ਟ ਸੀ।

ਜਵਾਹਰ ਲਾਲ ਨਹਿਰੂ ਵਰਗੇ ਨੇਤਾਵਾਂ ਨੇ ਵੱਖ-ਵੱਖ ਭਾਰਤੀ ਭਾਈਚਾਰਿਆਂ ਵਿੱਚ ਏਕਤਾ ਦੀ ਮਹੱਤਤਾ ਨੂੰ ਪਛਾਣਦੇ ਹੋਏ, ਆਪਣੇ ਸਿਆਸੀ ਏਜੰਡੇ ਵਿੱਚ ਸਵੈ-ਨਿਰਣੇ ਅਤੇ ਸਾਮਰਾਜ ਵਿਰੋਧੀ ਵਿਚਾਰਾਂ ਨੂੰ ਸ਼ਾਮਲ ਕਰਨਾ ਸ਼ੁਰੂ ਕਰ ਦਿੱਤਾ।

1925 ਵਿੱਚ ਭਾਰਤੀ ਕਮਿਊਨਿਸਟ ਪਾਰਟੀ ਦਾ ਉਭਾਰ ਲੋਕਾਂ ਵਿੱਚ ਲੈਨਿਨਵਾਦੀ ਵਿਚਾਰਾਂ ਦੇ ਪ੍ਰਭਾਵ ਨੂੰ ਦਰਸਾਉਂਦਾ ਹੈ, ਕਿਉਂਕਿ ਇਸ ਨੇ ਭਾਰਤ ਦੀ ਆਜ਼ਾਦੀ ਦੇ ਸੰਘਰਸ਼ ਨੂੰ ਵਿਸ਼ਵ ਦੀ ਇਨਕਲਾਬੀ ਲਹਿਰ ਨਾਲ ਜੋੜਨ ਦੀ ਕੋਸ਼ਿਸ਼ ਕੀਤੀ ਸੀ। ਇਹ ਅੰਦੋਲਨ ਅਤੇ ਉਨ੍ਹਾਂ ਦੇ ਆਗੂ ਨਾ ਸਿਰਫ਼ ਲੈਨਿਨ ਦੇ ਸੱਦੇ ਤੋਂ ਪ੍ਰਭਾਵਿਤ ਹੋਏ ਸਨ, ਸਗੋਂ ਉਹਨਾਂ ਨੇ ਵਿਰੋਧ ਦੇ ਇੱਕ ਵਿਆਪਕ ਬਿਰਤਾਂਤ ਵਿੱਚ ਵੀ ਯੋਗਦਾਨ ਪਾਇਆ ਸੀ ਜੋ ਆਖਿਰਕਾਰ 1947 ਵਿੱਚ ਭਾਰਤ ਦੀ ਆਜ਼ਾਦੀ ਵਿੱਚ ਸਮਾਪਤ ਹੋਇਆ।ਇਹ ਬਸਤੀਵਾਦੀ ਸੰਦਰਭ ਵਿੱਚ ਰਾਸ਼ਟਰੀ ਸਵੈ-ਨਿਰਣੇ ਬਾਰੇ ਲੈਨਿਨ ਦੇ ਵਿਚਾਰਾਂ ਦੀ ਪਰਿਵਰਤਨਸ਼ੀਲ ਸ਼ਕਤੀ ਨੂੰ ਉਜਾਗਰ ਕਰਦਾ ਹੈ।

ਸੋਵੀਅਤ ਗਣਰਾਜ ਦੀ ਧਾਰਨਾ ਇਸ ਵਿਭਿੰਨਤਾ ਨੂੰ ਧਿਆਨ ਵਿਚ ਰੱਖ ਕੇ ਕੀਤੀ ਗਈ ਸੀ।ਕੌਮੀਅਤਾਂ ਦੇ ਮੁੱਦੇ 'ਤੇ ਲੈਨਿਨ ਦੀ ਪਹੁੰਚ ਨੇ ਵੱਖ-ਵੱਖ ਨਸਲੀ ਸਮੂਹਾਂ ਦੇ ਸਵੈ-ਨਿਰਣੇ ਦੇ ਅਧਿਕਾਰ 'ਤੇ ਜ਼ੋਰ ਦਿੱਤਾ, ਜੋ ਭਾਰਤ ਵਰਗੇ ਬਹੁ-ਭਾਸ਼ਾਈ, ਬਹੁ-ਨਸਲੀ ਦੇਸ਼ ਲਈ ਮਹੱਤਵਪੂਰਨ ਪ੍ਰਸੰਗਿਕਤਾ ਰੱਖਦਾ ਹੈ।

ਭਾਰਤ ਕਈ ਭਾਸ਼ਾਵਾਂ, ਧਰਮਾਂ ਅਤੇ ਨਸਲੀ ਪਿਛੋਕੜਾਂ ਨੂੰ ਸ਼ਾਮਲ ਕਰਨ ਵਾਲੀ ਇਸ ਦੀ ਵਿਭਿੰਨ ਆਬਾਦੀ ਦੇ ਨਾਲ, ਇਹ ਵਿਚਾਰ ਇੱਕ ਮਜ਼ਬੂਤ ਸੰਘੀ ਢਾਂਚੇ ਦੀ ਆਗਿਆ ਦਿੰਦੇ ਹੋਏ ਏਕਤਾ ਨੂੰ ਉਤਸ਼ਾਹਿਤ ਕਰਨ ਲਈ ਇੱਕ ਮਾਰਗ ਦਰਸ਼ਕ ਸਿਧਾਂਤ ਵਜੋਂ ਕੰਮ ਕਰ ਸਕਦਾ ਹੈ।

ਦੱਬੀਆਂ-ਕੁਚਲੀਆਂ ਕੌਮੀਅਤਾਂ ਦੇ ਅਧਿਕਾਰਾਂ ਲਈ ਲੈਨਿਨ ਦੀ ਵਕਾਲਤ ਇੱਕ ਢਾਂਚੇ ਨੂੰ ਉਤਸ਼ਾਹਿਤ ਕਰਦੀ ਹੈ, ਜਿੱਥੇ ਘੱਟ-ਗਿਣਤੀਆਂ ਦੀਆਂ ਆਵਾਜ਼ਾਂ ਸੁਣੀਆਂ ਜਾ ਸਕਦੀਆਂ ਹਨ ਅਤੇ ਸ਼ਾਸਨ ਪ੍ਰਕਿਰਿਆ ਵਿੱਚ ਸ਼ਾਮਲ ਕੀਤੀਆਂ ਜਾ ਸਕਦੀਆਂ ਹਨ, ਜਿਸ ਨਾਲ ਤਣਾਅ ਨੂੰ ਘੱਟ ਕੀਤਾ ਜਾ ਸਕਦਾ ਹੈ ਅਤੇ ਵੱਖ-ਵੱਖ ਭਾਈਚਾਰਿਆਂ ਵਿੱਚ ਆਪਸੀ ਸਾਂਝ ਦੀ ਭਾਵਨਾ ਪੈਦਾ ਹੁੰਦੀ ਹੈ।

ਇੱਕ ਵਿਆਪਕ ਰਾਸ਼ਟਰੀ ਢਾਂਚੇ ਦੇ ਅੰਦਰ ਸਥਾਨਕ ਪਛਾਣਾਂ ਦੀ ਮਹੱਤਤਾ ਦੀ ਕਦਰ ਕਰਦੇ ਹੋਏ, ਭਾਰਤ ਇੱਕ ਹੋਰ ਸਮਾਵੇਸ਼ੀ ਸਮਾਜ ਵੱਲ ਕੰਮ ਕਰ ਸਕਦਾ ਹੈ, ਜੋ ਨਾ ਸਿਰਫ਼ ਆਪਣੀ ਵਿਭਿੰਨਤਾ ਨੂੰ ਸਵੀਕਾਰ ਕਰਦਾ ਹੈ, ਸਗੋਂ ਇਸ ਨੂੰ ਭਰਪੂਰ ਮਾਨਤਾ ਵੀ ਦਿੰਦਾ ਹੈ।

ਕੌਮੀਅਤਾਂ ਬਾਰੇ ਲੈਨਿਨ ਦੀ ਸੂਝ ਇਸ ਤਰ੍ਹਾਂ ਇੱਕ ਇਤਿਹਾਸਕ ਸਮਝ ਪ੍ਰਦਾਨ ਕਰਦੀ ਹੈ, ਜਿਸ ਰਾਹੀਂ ਭਾਰਤ ਆਪਣੀ ਗੁੰਝਲਦਾਰ ਪਛਾਣ ਨੂੰ ਬਰਕਰਾਰ ਰੱਖਦੇ ਹੋਏ ਵਿਭਿੰਨਤਾ ਵਿੱਚ ਏਕਤਾ ਦੇ ਟੀਚੇ ਨੂੰ ਅ

7-NOV-PAGE-5.qxd 11/6/2024 10:51 PM Page 1

ਮੁਲਜ਼ਮਾਂ ਦੀ ਗ੍ਰਿਫਤਾਰੀ ਦੀ ਮੰਗ ਨੂੰ ਲੈ ਕੇ ਲਾਸ਼ ਚੌਕ 'ਚ ਰੱਖ ਕੇ ਪ੍ਰਦਰਸ਼ਨ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ) ਦੀਵਾਲੀ ਦੀ ਰਾਤ ਗਲੀ ਵਿੱਚ ਬੁਲਟ ਮੋਟਰਸਾਈਕਲ 'ਤੇ ਪਟਾਕੇ ਵਜਾਏ ਜਾਣ ਨੂੰ ਲੈ ਕੇ ਹੋਈ ਲੜਾਈ ਦੌਰਾਨ ਗੰਭੀਰ ਰੂਪ ਵਿੱਚ ਜ਼ਖਮੀ ਹੋਏ ਇੱਕ ਵਿਅਕਤੀ ਦੀ ਇਲਾਜ ਦੌਰਾਨ ਹੋਈ ਮੌਤ ਮਗਰੋਂ ਕਥਿਤ ਦੋਸ਼ੀਆਂ ਦੀ ਗ੍ਰਿਫ਼ਤਾਰੀ ਦੀ ਮੰਗ ਨੂੰ ਲੈ ਕੇ ਪੀੜਤ ਪਰਵਾਰ ਅਤੇ ਰਿਸ਼ਤੇਦਾਰਾਂ ਵੱਲੋਂ ਦਿੱਲੀ ਸੰਗਰੂਰ ਕੌਮੀ ਮੁੱਖ ਮਾਰਗ ਉੱਤੇ ਸ਼ਹਿਰ ਦੇ ਸ਼ਹੀਦ ਭਗਤ ਸਿੰਘ ਚੌਕ ਵਿੱਚ ਮ੍ਰਿਤਕ ਵਿਅਕਤੀ ਦੀ ਲਾਸ਼ ਰੱਖ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ।

ਰੋਸ ਪ੍ਰਦਰਸ਼ਨ ਕਰ ਰਹੇ ਮ੍ਰਿਤਕ ਦੇ ਪੁੱਤਰ ਸਨੀ ਕੁਮਾਰ ਵਾਸੀ ਮਹੇਸ਼ ਨਗਰ ਨੇ ਦੱਸਿਆ ਕਿ ਦਿਵਾਲੀ ਦੀ ਰਾਤ ਉਸਦੇ ਘਰ ਦੇ ਸਾਹਮਣੇ ਗਲੀ ਵਿੱਚ ਮੁਹੱਲੇ ਦਾ ਰਹਿਣ ਵਾਲਾ ਇੱਕ ਵਿਅਕਤੀ ਬੁਲੇਟ ਮੋਟਰਸਾਈਕਲ ਦੇ ਪਟਾਖੇ ਵਜਾ ਰਿਹਾ ਸੀ। ਉਸ ਦੇ ਪਿਤਾ ਤੇ ਭਰਾ ਨੇ ਜਦੋਂ ਉਸ ਨੂੰ ਸਮਝਾਉਣਾ ਚਾਹਿਆ ਤਾਂ ਇਸ ਦੌਰਾਨ ਉਹ ਗਾਲੀ ਗਲੋਚ ਕਰਨ ਲੱਗਾ।ਆਵਾਜ਼ ਸੁਣ ਕੇ ਜਦੋਂ ਪਰਵਾਰਕ ਮੈਂਬਰ ਬਾਹਰ ਆਏ ਤਾਂ ਕਈ ਵਿਅਕਤੀਆਂ ਨੇ ਉਹਨਾਂ ਉੱਤੇ ਲੋਹੇ ਦੇ ਰਾਡਾਂ, ਕਿਰਪਾਨਾਂ ਤੇ ਡੰਡਿਆਂ ਨਾਲ ਹਮਲਾ ਕਰ ਦਿੱਤਾ, ਜਿਸ ਦੌਰਾਨ ਜ਼ਖ਼ਮੀ ਹੋਏ ਉਸਦੇ ਪਿਤਾ ਤੇ ਭਰਾ ਨੂੰ ਰਜਿੰਦਰਾ ਹਸਪਤਾਲ ਪਟਿਆਲਾ ਦਾਖਲ ਕਰਾਇਆ ਗਿਆ।ਉਨ੍ਹਾਂ ਦੱਸਿਆ ਕਿ ਉਸ ਦੇ ਪਿਤਾ ਨੂੰ ਦੋ ਨਵੰਬਰ ਨੂੰ ਹਸਪਤਾਲ ਤੋਂ ਛੁੱਟੀ ਹੋਣ ਤੇ ਜਦੋਂ ਉਹ ਘਰੇ ਆਏ ਤਾਂ ਅਗਲੇ ਹੀ ਦਿਨ ਉਸ ਦੀ ਹਾਲਤ ਵਿਗੜ ਗਈ।ਤਿੰਨ ਨਵੰਬਰ ਨੂੰ ਹਸਪਤਾਲ ਲਿਜਾਂਦੇ ਸਮੇਂ ਰਸਤੇ ਵਿੱਚ ਉਸਦੇ ਪਿਤਾ ਦੀ ਮੌਤ ਹੋ ਗਈ ਜਦੋਂਕਿ ਉਸ ਦੇ ਭਰਾ ਹਾਲੇ ਵੀ ਹਸਪਤਾਲ ਵਿੱਚ ਜ਼ਿੰਦਗੀ ਮੌਤ ਦੀ ਲੜਾਈ ਲੜ ਰਿਹਾ ਹੈ।ਉਨ੍ਹਾਂ ਮੰਗ ਕੀਤੀ ਕਿ ਹਮਲੇ ਲਈ ਜ਼ਿੰਮੇਵਾਰ ਕਥਿਤ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ ਸਖਤ ਸਜ਼ਾ ਦਿੱਤੀ ਜਾਵੇ।

ਮੌਕੇ ਉੱਤੇ ਪਹੁੰਚ ਕੇ ਪ੍ਰਦਰਸ਼ਨਕਾਰੀਆਂ ਨੂੰ ਸ਼ਾਂਤ ਕਰਦਿਆਂ ਥਾਣਾ ਮੁਖੀ ਪਾਤੜਾਂ ਯਸਪਾਲ ਸ਼ਰਮਾ ਨੇ ਮ੍ਰਿਤਕ ਦੇ ਪੁੱਤਰ ਦੇ ਬਿਆਨਾਂ ਦੇ ਅਧਾਰ ਤੇ ਅੱਠ ਵਿਅਕਤੀਆਂ ਮੋਨੂ, ਨੀਰਜ, ਗੁਰਪ੍ਰੀਤ ਕੌਰ, ਜਸਵੀਰ ਕੌਰ, ਗੁਰਵੀਰ ਸਿੰਘ ਵਾਸੀ ਮਹੇਸ਼ ਨਗਰ ਪਾਤੜਾਂ, ਰੋਮੀ ਤੇ ਕਰਨ ਵਾਸੀ ਧਾਨਕ ਬਸਤੀ ਪਾਤੜਾਂ ਤੇ ਮਨਜੀਤ ਸਿੰਘ ਵਾਸੀ ਸੁੰਦਰ ਬਸਤੀ ਪਾਤੜਾਂ ਸਮੇਤ ਪੰਜ ਛੇ ਨਾਮਾਲੂਮ ਵਿਅਕਤੀਆਂ ਖਿਲਾਫ਼ ਕੇਸ ਦਰਜ ਕਰਕੇ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।ਉਨ੍ਹਾਂ ਦਾਅਵਾ ਕੀਤਾ ਕਿ ਕਥਿਤ ਦੋਸ਼ੀਆਂ ਨੂੰ ਜਲਦੀ ਕਾਬੂ ਕਰ ਲਿਆ ਜਾਵੇਗਾ।

ਬੇਅਦਬੀ ਮਾਮਲਿਆਂ ਦੇ ਦੋਸ਼ੀ ਨੂੰ ਪੰਜ-ਪੰਜ ਸਾਲ ਦੀ ਕੈਦ

ਸ੍ਰੀ ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)-ਅਕਤੂਬਰ 2020 ਵਿੱਚ ਸਰਹਿੰਦ ਨੇੜਲੇ ਪਿੰਡ ਤਰਖਾਣਮਾਜਰਾ ਅਤੇ ਪਿੰਡ ਜੱਲ੍ਹਾ ਦੇ ਗੁਰਦੁਆਰਾ ਸਾਹਿਬਾਨ 'ਚ ਬੇਅਦਬੀ ਦੀਆਂ ਘਟਨਾਵਾਂ ਨੂੰ ਅੰਜਾਮ ਦੇਣ ਦੇ ਦੋਸ਼ 'ਚ ਥਾਣਾ ਸਰਹਿੰਦ ਦੀ ਪੁਲਸ ਵੱਲੋਂ ਗ੍ਰਿਫ਼ਤਾਰ ਕੀਤੇ ਗਏ ਸਹਿਜਵੀਰ ਨਾਮਕ ਵਿਅਕਤੀ ਨੂੰ ਅੱਜ ਇੱਥੋਂ ਦੀ ਇੱਕ ਅਦਾਲਤ ਵੱਲੋਂ ਦੋਵੇਂ ਮਾਮਲਿਆਂ 'ਚ ਦੋਸ਼ੀ ਕਰਾਰ ਦਿੰਦੇ ਹੋਏ ਪੰਜ-ਪੰਜ ਸਾਲ ਕੈਦ ਦੀ ਸਜ਼ਾ ਸੁਣਾ ਦਿੱਤੀ ਗਈ। ਮਾਮਲੇ 'ਚ ਪੰਥਕ ਧਿਰਾਂ ਵਜੋਂ ਪੇਸ਼ ਹੋਏ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਅਤੇ ਸੀਨੀਅਰ ਐਡਵੋਕੇਟ ਅਮਰਦੀਪ ਸਿੰਘ ਧਾਰਨੀ ਨੇ ਪੱਤਰਕਾਰਾਂ ਨੂੰ ਦੱਸਿਆ ਕਿ 12 ਅਕਤੂਬਰ 20 ਨੂੰ ਇੱਕ ਗਿਣੀ ਮਿਥੀ ਸਾਜਿਸ਼ ਤਹਿਤ ਸਹਿਜਵੀਰ ਵਾਸੀ ਪਿੰਡ ਬਿਰੜਵਾਲ ਥਾਣਾ ਨਾਭਾ (ਪਟਿਆਲਾ) ਵੱਲੋਂ ਪਹਿਲਾਂ ਪਿੰਡ ਜੱਲ੍ਹਾ ਦੇ ਗੁਰਦੁਆਰਾ ਸਾਹਿਬ ਵਿੱਚ ਦਾਖਲ ਹੋ ਕੇ ਬੇਅਦਬੀ ਦੀ ਘਟਨਾ ਨੂੰ ਅੰਜਾਮ ਦਿੱਤਾ ਗਿਆ ਜਿਸ ਤੋਂ ਤੁਰੰਤ ਬਾਅਦ ਉਕਤ ਵਿਅਕਤੀ ਪਿੰਡ ਤਰਖਾਣਮਾਜਰਾ ਦੇ ਗੁਰਦੁਆਰਾ ਸਾਹਿਬ 'ਚ ਦਾਖਲ ਹੋ ਕੇ ਬੇਅਬਦੀ ਕਰਨ ਲੱਗ ਪਿਆ, ਜਿਸ ਨੂੰ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘ ਅਤੇ ਸੰਗਤ ਵੱਲੋਂ ਮੌਕੇ 'ਤੇ ਹੀ ਕਾਬੂ ਕਰਕੇ ਥਾਣਾ ਸਰਹਿੰਦ ਦੀ ਪੁਲਸ ਦੇ ਹਵਾਲੇ ਕਰ ਦਿੱਤਾ ਗਿਆ ਸੀ। ਬੇਅਦਬੀ ਦੇ ਉਕਤ ਦੋਵੇਂ ਕੇਸਾਂ ਦੀ ਸੁਣਵਾਈ ਪੂਰੀ ਹੋਣ 'ਤੇ ਫ਼ਤਹਿਗੜ੍ਹ ਸਾਹਿਬ ਦੀ ਅਦਾਲਤ ਨੇ ਸਹਿਜਵੀਰ ਨੂੰ ਦੋਵਾਂ ਮੁਕੱਦਮਿਆਂ 'ਚ ਦੋਸ਼ੀ ਮੰਨਦੇ ਹੋਏ ਤਿੰਨ-ਤਿੰਨ ਸਾਲ ਕੈਦ, ਅ/ਧ 504 ਆਈ.ਪੀ.ਸੀ. ਤਹਿਤ ਦੋਸ਼ੀ ਮੰਨਦੇ ਹੋਏ ਦੋ-ਦੋ ਸਾਲ ਕੈਦ ਅਤੇ ਪੰਜ-ਪੰਜ ਹਜ਼ਾਰ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ। ਐਡਵੋਕੇਟ ਧਾਰਨੀ ਨੇ ਦੱਸਿਆ ਕਿ ਅਦਾਲਤ ਨੇ ਆਪਣੇ ਹੁਕਮਾਂ ਵਿੱਚ ਸਪਸ਼ਟ ਕੀਤਾ ਕਿ ਦੋਸ਼ੀ ਕਰਾਰ ਦਿੱਤੇ ਗਏ ਉਕਤ ਵਿਅਕਤੀ ਨੂੰ ਵੱਖ-ਵੱਖ ਧਾਰਾਵਾਂ ਤਹਿਤ ਸੁਣਾਈਆਂ ਗਈਆਂ ਤਿੰਨ ਸਾਲ ਅਤੇ ਦੋ ਸਾਲ ਕੈਦ ਦੀਆਂ ਸਜ਼ਾਵਾਂ ਨਾਲੋ ਨਾਲ ਨਹੀਂ ਚੱਲਣਗੀਆਂ ਸਗੋਂ ਇਸ ਨੂੰ ਪਹਿਲਾਂ ਅ/ਧ 295ਏ ਆਈ.ਪੀ.ਸੀ. ਤਹਿਤ ਸੁਣਾਈ ਗਈ ਤਿੰਨ ਸਾਲ ਦੀ ਕੈਦ ਕੱਟਣੀ ਪਵੇਗੀ, ਜਿਸ ਦੇ ਖਤਮ ਹੋਣ ਤੋਂ ਬਾਅਦ ਹੀ ਅ/ਧ 504 ਆਈ.ਪੀ.ਸੀ. ਤਹਿਤ ਸੁਣਾਈ ਗਈ ਦੋ ਸਾਲ ਦੀ ਕੈਦ ਸ਼ੁਰੂ ਹੋਵੇਗੀ। ਇਸ ਤਰ੍ਹਾਂ ਉਕਤ ਵਿਅਕਤੀ ਨੂੰ ਕੁੱਲ ਪੰਜ ਸਾਲ ਦੀ ਕੈਦ ਕੱਟਣੀ ਪਵੇਗੀ।

ਮੁਹੱਲਾ ਆਨੰਦ ਨਗਰ ਵਾਸੀਆਂ ਨੇ ਅਣਮਿੱਥੇ ਸਮੇਂ ਲਈ ਧਰਨਾ ਲਾਉਣ ਦਾ ਕੀਤਾ ਨਿਰਣਾ

ਕੋਟਕਪੂਰਾ, (ਰਛਪਾਲ ਭੁੱਲਰ) ਮੁਹੱਲਾ ਆਨੰਦ ਨਗਰ ਦੇ ਵਾਸੀਆਂ ਵੱਲੋਂ ਆਮ ਮੁਹੱਲੇ ਦੀਆ ਮੁੱਖ ਸਮੱਸਿਆਵਾਂ ਸੰਬੰਧੀ ਆਮ ਇਜਲਾਸ ਕੀਤਾ ਗਿਆ, ਜਿਸ ਵਿੱਚ ਮੁੱਖ ਸਮੱਸਿਆ ਮਹੱਲੇ ਨੂੰ ਜਾਂਦੇ ਰਸਤੇ ਸੰਬੰਧੀ, ਜੋ ਪਿਛਲੇ 9 ਸਾਲ ਤੋਂ ਰੇਲਵੇ ਪੁਲ਼ ਬਨਣ ਕਾਰਨ ਬੰਦ ਹੋ ਗਿਆ ਸੀ, ਬਾਰੇ ਗੰਭੀਰਤਾ ਨਾਲ ਵਿਚਾਰ ਕੀਤਾ।ਇਹ ਰਸਤਾ ਕੇਵਲ ਮੁਹੱਲਾ ਆਨੰਦ ਨਗਰ ਨੂੰ ਹੀ ਲਿੰਕ ਨਹੀਂ ਕਰਦਾ, ਸਗੋਂ ਇਹ ਰਸਤਾ ਇੱਥੇ ਚੱਲਦੇ ਮਸ਼ਹੂਰ ਦਸ਼ਮੇਸ਼ ਗਲੋਬਲ ਸਕੂਲ ਨੂੰ ਵੀ ਜਾਂਦਾ ਹੈ, ਜਿਸ ਵਿੱਚ ਤਕਰੀਬਨ 4000 ਬੱਚੇ ਜੋ ਵੱਖ-ਵੱਖ ਪਿੰਡਾਂ ਤੋਂ ਤੇ ਸ਼ਹਿਰ ਤੋਂ ਸਿੱਖਿਆ ਪ੍ਰਾਪਤ ਕਰਨ ਲਈ ਵੱਖ-ਵੱਖ ਸਾਧਨਾਂ ਰਾਹੀ ਇਸੇ ਰਸਤੇ ਹੀ ਆਉਂਦੇ ਹਨ।

ਇਸ ਤੋਂ ਇਲਾਵਾ ਇਹ ਰਸਤਾ ਮਹੱਲੇ ਦੇ ਤਕਰੀਬਨ 350 ਘਰਾਂ ਨੂੰ ਜਾਂਦਾ ਹੈ, ਜੋ ਇਸ ਰਸਤੇ ਤੋਂ ਸਿਵਾਏ ਇਸ ਮੁਹੱਲੇ ਨੂੰ ਹੋਰ ਕੋਈ ਵੀ ਰਸਤਾ ਸ਼ਹਿਰ ਨੂੰ ਆਉਣ ਜਾਣ ਲਈ ਲਿੰਕ ਨਹੀਂ ਕਰਦਾ।ਇਸ ਰਾਸਤੇ ਤੋਂ ਸਕੂਲ ਦੀਆਂ ਵੈਨਾਂ, ਮੁਹੱਲਾ ਵਾਸੀਆਂ ਦੇ 300-350 ਵਹੀਕਲ ਹਰ ਰੋਜ਼ ਲੰਘਦੇ ਹਨ।ਦੱਸਣਾ ਜ਼ਰੂਰੀ ਹੈ ਕਿ ਇਹ ਰਸਤਾ ਬਹੁਤ ਸਾਰੇ ਜ਼ਿੰਮੀਦਾਰਾਂ ਦੇ ਖੇਤਾਂ ਨੂੰ ਵੀ ਜਾਂਦਾ ਹੈ। ਇਨ੍ਹਾਂ ਕਿਸਾਨਾਂ ਨੇ ਦੱਸਿਆ ਕਿ ਇਕ ਪਾਸੇ ਸਰਕਾਰ ਦਾ ਹੁਕਮ ਹੈ ਕਿ ਵਾਤਾਵਰਣ ਨੂੰ ਸਾਫ਼ ਰੱਖਣ ਲਈ ਕੋਈ ਵੀ ਜ਼ਿੰਮੀਦਾਰ ਆਪਣੇ ਖੇਤ ਵਿੱਚ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਾਵੇ ਤਾਂ ਦੱਸੋ ਕਿ ਅਸੀਂ ਆਪਣੇ ਖੇਤਾਂ ਵਿੱਚ ਪਰਾਲੀ ਕੱਟ ਕੇ ਪੰਡਾਂ ਬਣਾ ਕੇ ਰੱਖੀਆਂ ਹਨ, ਪਰ ਜਦੋਂ ਇਸ ਨੂੰ ਲਿਜਾਣ ਵਾਸਤੇ ਖੇਤਾਂ ਨੂੰ ਕੋਈ ਰਸਤਾ ਹੀ ਨਹੀਂ ਲੱਗਦਾ ਤਾਂ ਇਸ ਨੂੰ ਅੱਗ ਲਾਉਣ ਤੋਂ ਬਿਨਾਂ ਸਾਡੇ ਕੋਲ ਹੋਰ ਕੋਈ ਤਰੀਕਾ ਨਹੀਂ ਹੈ, ਕਿਉਂਕਿ ਜਿਸ ਕੰਪਨੀ ਨੇ ਪਰਾਲੀ ਲੈ ਕੇ ਜਾਣੀ ਹੈ, ਉਹ ਡਰਦੇ ਹਨ ਕਿ ਰਸਤਾ ਓਬੜ ਖਾਬੜ ਹੋਣ ਕਰਕੇ ਉਨ੍ਹਾਂ ਦੇ ਟਰੈਕਟਰ ਟਰਾਲੀਆਂ ਨਾਲ ਕੋਈ ਵੀ ਘਟਨਾ ਹੀ ਨਾ ਵਾਪਰ ਜਾਵੇ। ਮੁਹੱਲਾ ਵਾਸੀਆਂ ਵੱਲੋ ਕੋਈ ਹੱਲ ਨਾ ਨਿਕਲਦਾ ਦੇਖ ਕੇ ਫੈਸਲਾ ਕੀਤਾ ਗਿਆ ਕਿ ਅੰਨ੍ਹੇ ਬੋਲੇ ਅਧਿਕਾਰੀਆਂ ਨੂੰ ਗੂੜ੍ਹੀ ਨੀਂਦ ਤੋਂ ਜਗਾਉਣ ਲਈ 12/11/24 ਨੂੰ ਨਗਰ ਕੌਂਸਲ ਦੇ ਦਫਤਰ ਵਿਖੇ ਅਣਮਿੱਥੇ ਸਮੇ ਲਈ ਰੋਸ ਧਰਨਾ ਦੇਣ ਦਾ ਫੈਸਲਾ ਕੀਤਾ ਹੈ, ਜੇਕਰ ਫਿਰ ਵੀ ਅਧਿਕਾਰੀਆਂ ਨੇ ਜਲਦੀ ਹੱਲ ਨਾ ਕੀਤਾ ਤਾਂ ਅੱਗੋਂ ਲਈ ਸਖ਼ਤ ਐਕਸ਼ਨ ਕਰਨ ਲਈ ਸਮਾਜ ਦੀਆਂ ਸਾਰੀਆਂ ਭਰਾਤਰੀ ਜਥੇਬੰਦੀਆਂ, ਕਿਸਾਨ ਜਥੇਬੰਦੀਆ ਤੇ ਸਮਾਜ ਸੇਵੀਆਂ ਨੂੰ ਨਾਲ ਲੈ ਕੇ ਅਗਲੇ ਪ੍ਰੋਗਰਾਮ ਦੀ ਰੂਪ ਰੇਖਾ ਤਿਆਰ ਕੀਤੀ ਜਾਵੇਗੀ।

ਕਿਸਾਨਾਂ ਨੂੰ ਖਾਦਾਂ ਦੀ ਲੋੜ ਮੁਤਾਬਕ ਵਰਤੋਂ ਕਰਨ ਦੀ ਅਪੀਲ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਮੁੱਖ ਖੇਤੀਬਾੜੀ ਅਫਸਰ ਡਾ. ਸੰਦੀਪ ਰਿਣਵਾ ਨੇ ਕਿਸਾਨਾਂ ਨੂੰ ਖਾਦਾਂ ਦੀ ਲੋੜ ਮੁਤਾਬਿਕ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਸਿਫਾਰਸ਼ਾਂ ਅਨੁਸਾਰ ਵਰਤੋਂ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਖਾਦਾਂ ਦੀ ਬੇਲੋੜੀ ਵਰਤੋਂ ਕਰਨ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ 'ਤੇ ਪ੍ਰਤੀਕੂਲ ਪ੍ਰਭਾਵ ਪੈਂਦਾ ਹੈ। ਉਨ੍ਹਾਂ ਡੀ. ਏ. ਪੀ. ਦੀ ਵਰਤੋਂ ਵੀ ਮਾਹਰਾਂ ਵੱਲੋਂ ਦੱਸੀ ਮਾਤਰਾ ਅਨੁਸਾਰ ਹੀ ਕਰਨ ਲਈ ਆਖਿਆ ਤੇ ਕਿਹਾ ਕਿ ਫਾਸਫੋਰਸ ਦੇ ਬਦਲ ਵਜੋਂ ਐੱਨ. ਪੀ. ਕੇ ਤੇ ਹੋਰ ਖਾਦਾਂ ਦੀ ਵਰਤੋਂ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਫਸਲਾਂ ਦੀ ਰਹਿੰਦ-ਖੂੰਹਦ ਨੂੰ ਜ਼ਮੀਨ 'ਚ ਵਾਹ ਕੇ ਵੀ ਖਾਦਾਂ ਦੀ ਵਰਤੋਂ ਨੂੰ ਘਟਾਇਆ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਖੇਤੀਬਾੜੀ ਵਿਭਾਗ ਦੀਆਂ ਵੱਖ ਵੱਖ ਟੀਮਾਂ ਦਾ ਵੀ ਗਠਨ ਕੀਤਾ ਗਿਆ ਹੈ, ਜੋ ਕਿ ਵੱਖ-ਵੱਖ ਥਾਵਾਂ 'ਤੇ ਚੈਕਿੰਗ ਕਰ ਰਹੀਆਂ ਹਨ ਤਾਂ ਜੋ ਕੋਈ ਵੀ ਖਾਦ ਵਿਕਰੇਤਾ ਡੀ.ਏ.ਪੀ. ਖਾਦ ਜਾਂ ਹੋਰ ਖਾਦਾਂ ਨਾਲ ਕਿਸਾਨਾਂ ਨੂੰ ਕੋਈ ਹੋਰ ਗੈਰ ਜ਼ਰੂਰੀ ਖਾਦਾਂ/ਦਵਾਈਆਂ ਨਾ ਦੇਵੇ। ਉਨ੍ਹਾਂ ਦੱਸਿਆ ਕਿ ਡੀ ਏ ਪੀ ਖਾਦ ਦੇ ਬਦਲ ਵੱਜੋਂ ਕਿਸਾਨ ਖਾਦ ਅਤੇ ਟ੍ਰਿਪਲ ਸੁਪਰ ਫਾਸਫੇਟ ਖਾਦ, ਸਿੰਗਲ ਸੁਪਰ ਫਾਸਫੇਟ ਅਤੇ ਹੋਰ ਫਾਸਫੈਟਿਕ ਖਾਦਾਂ ਦੀ ਵੀ ਵਰਤੋਂ ਕਰ ਸਕਦੇ ਹਨ। ਇਸ ਤੋਂ ਇਲਾਵਾ ਬਾਜ਼ਾਰ ਵਿੱਚ ਮੌਜੂਦ ਹੋਰ ਫਾਸਫੈਟਿਕ ਖਾਦਾਂ ਵੀ ਵਰਤੀਆਂ ਜਾ ਸਕਦੀਆਂ ਹਨ। ਉਨ੍ਹਾਂ ਸਮੂਹ ਡੀਲਰਾਂ ਨੂੰ ਹਦਾਇਤ ਕੀਤੀ ਕਿ ਉਹ ਆਪਣੇ ਲਾਇਸੰਸ ਅਤੇ ਹੋਰ ਜ਼ਰੂਰੀ ਦਸਤਾਵੇਜ਼ ਪੂਰੇ ਕਰਕੇ ਰੱਖਣ ਅਤੇ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਨਾ ਵਰਤੀ ਜਾਵੇ ਅਤੇ ਸਟਾਕ ਬੋਰਡ ਉੱਪਰ ਰੋਜ਼ਾਨਾ ਖਾਦ ਦਾ ਸਟਾਕ ਅਤੇ ਰੇਟ ਲਿਖਿਆ ਜਾਵੇ। ਉਨ੍ਹਾ ਕਿਹਾ ਕਿ ਡੀਲਰਾਂ ਵੱਲੋਂ ਕਿਸਾਨਾਂ ਨੂੰ ਜੋ ਵੀ ਖੇਤੀ ਸਮੱਗਰੀ ਦੀ ਵਿਕਰੀ ਕੀਤੀ ਜਾਂਦੀ ਹੈ, ਉਸ ਦਾ ਪੱਕਾ ਬਿੱਲ ਕੱਟ ਕੇ ਦਿੱਤਾ ਜਾਵੇ ਅਤੇ ਕੇਵਲ ਲੋੜੀਂਦੀ ਖੇਤੀ ਸਮੱਗਰੀ ਹੀ ਕਿਸਾਨਾਂ ਨੂੰ ਵਿਕਰੀ ਕੀਤੀ ਜਾਵੇ ਅਤੇ ਕੋਈ ਹੋਰ ਬੇਲੋੜੀਆਂ ਵਸਤਾਂ ਕਿਸਾਨਾਂ ਨੂੰ ਨਾ ਦਿੱਤੀਆਂ ਜਾਣ। ਉਨ੍ਹਾਂ ਕਿਹਾ ਕਿ ਚੈਕਿੰਗ ਦੌਰਾਨ ਜੇਕਰ ਕੋਈ ਦੁਕਾਨਦਾਰ ਬਗੈਰ ਬਿੱਲ ਤੋਂ ਖਾਦ, ਦਵਾਈ ਜਾਂ ਬੀਜ ਵੇਚਦਾ ਪਾਇਆ ਗਿਆ ਤਾਂ ਉਸ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਕਾਤਰਾਂ

ਅੱਜ 10 ਵਜੇ ਤੋਂ 12 ਵਜੇ ਤੱਕ ਬਿਜਲੀ ਸਪਲਾਈ ਬੰਦ

ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰ ਪਾਲ)- 66 ਕੇ ਵੀ ਲਾਈਨ ਫਰਮ 132 ਕੇ ਵੀ ਸ੍ਰੀ ਮੁਕਤਸਰ ਸਾਹਿਬ ਅਧੀਨ ਚੱਲਦੇ ਫੀਡਰਾਂ ਫੱਤਣਵਾਲਾ, ਗੁਲਾਬੇ ਵਾਲਾ ਅਤੇ ਟਿੱਬੀ ਸਾਹਿਬ ਰੋਡ ਸ੍ਰੀ ਮੁਕਤਸਰ ਸਾਹਿਬ ਖੇਤਰ ਵਿੱਚ 7 ਨਵੰਬਰ ਨੂੰ ਸਵੇਰੇ 10 ਵਜੇ ਤੋਂ 12 ਵਜੇ ਤੱਕ ਬਿਜਲੀ ਦੀ ਸਪਲਾਈ ਬੰਦ ਰਹੇਗੀ, ਕਿਉਂਕਿ ਆਨਲਾਈਨ ਟਾਵਰਾਂ ਦੀ ਉਸਾਰੀ ਦਾ ਕੰਮ ਕੀਤਾ ਜਾਣਾ ਹੈ ।

ਅਮਲੋਹ ਸ਼ਹਿਰ ਦੀਆਂ ਸੀਵਰੇਜ ਦਿੱਕਤਾਂ ਹੋਣਗੀਆਂ ਦੂਰ : ਕਾਰਜ ਸਾਧਕ ਅਫਸਰ

ਅਮਲੋਹ/ ਫਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)- ਅਮਲੋਹ ਵਿਖੇ ਮਾਘੀ ਮੈਮੋਰੀਅਲ ਕਾਲਜ, ਲੜਕੀਆਂ ਨੇੜੇ ਸੜਕ ਉੱਤੇ ਸੀਵਰੇਜ ਦੇ ਓਵਰਫਲੋ ਹੋਣ ਕਾਰਨ ਗੰਦਾ ਪਾਣੀ ਖੜ੍ਹਾ ਹੋ ਗਿਆ ਸੀ, ਜਿਸ ਕਾਰਨ ਲੋਕਾਂ ਨੂੰ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਪਤਾ ਲੱਗਣ 'ਤੇ ਨਗਰ ਕੌਂਸਲ, ਅਮਲੋਹ ਨੇ ਇਸ ਸਬੰਧੀ ਕਾਰਵਾਈ ਆਰੰਭ ਦਿੱਤੀ ਹੈ ਤੇ ਪਾਣੀ ਦੀ ਨਿਕਾਸੀ ਕਰਵਾ ਕੇ ਇਹ ਮੁਸ਼ਕਲ ਹੱਲ ਕਰ ਦਿੱਤੀ ਜਾਵੇਗੀ। ਸ਼ਹਿਰ ਦੀਆਂ ਸੀਵਰੇਜ ਸਬੰਧੀ ਦਿੱਕਤਾਂ ਦੂਰ ਕਰਨ ਲਈ ਨਗਰ ਕੌਂਸਲ ਲਗਾਤਾਰ ਕੰਮ ਕਰ ਰਹੀ ਹੈ। ਇਹ ਜਾਣਕਾਰੀ ਸਾਂਝੀ ਕਰਦਿਆਂ ਕਾਰਜ ਸਾਧਕ ਅਫਸਰ, ਨਗਰ ਕੌਂਸਲ, ਅਮਲੋਹ ਬਲਜਿੰਦਰ ਸਿੰਘ ਨੇ ਦੱਸਿਆ ਕਿ ਵੱਖ-ਵੱਖ ਕਾਰਨਾਂ ਕਰ ਕੇ ਸੀਵਰੇਜ ਓਵਰਫਲੋ ਹੋ ਗਿਆ ਤੇ ਪਾਣੀ ਸੜਕ ਉੱਤੇ ਖੜ੍ਹਾ ਹੋ ਗਿਆ। ਉਨ੍ਹਾਂ ਦੱਸਿਆ ਕਿ ਜਿਵੇਂ ਹੀ ਇਹ ਮੁਸ਼ਕਲ ਉਨ੍ਹਾਂ ਦੇ ਧਿਆਨ ਵਿੱਚ ਆਈ, ਉਨ੍ਹਾਂ ਨੇ ਇਸ ਸਬੰਧੀ ਕਾਰਵਾਈ ਆਰੰਭ ਦਿੱਤੀ ਤੇ ਮੁਸ਼ਕਲ ਦਾ ਹੱਲ ਕੀਤਾ ਜਾ ਰਿਹਾ ਹੈ।

ਡਿਪਟੀ ਕਮਿਸ਼ਨਰ ਨੇ ਕੀਤਾ ਹਲਕਾ ਮਹਿਲ ਕਲਾਂ ਦੇ ਪਿੰਡਾਂ ਦਾ ਦੌਰਾ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਖੇਤਾਂ ਵਿੱਚ ਝੋਨੇ ਦੀ ਪਰਾਲੀ ਨੂੰ ਅੱਗ ਲੱਗਣ ਤੋਂ ਰੋਕਣ ਲਈ ਡਿਪਟੀ

7 -November - Page - 6.qxd 11/6/2024 10:41 PM Page 1

ਅੱਜ ਬਿਜਲੀ ਬੰਦ ਰਹੇਗੀ

ਰਾਹੋਂ, (ਕੁਲਵਿੰਦਰ ਸਿੰਘ ਰਾਹੋਂ) 66 ਕੇ.ਵੀ ਰਾਹੋਂ ਤੋਂ ਚੱਲਦੇ 11 ਕੇ.ਵੀ ਸ਼ਹਿਰੀ ਫੀਡਰ ਨੰਬਰ 1 ਰਾਹੋਂ ਦੀ ਮੇਨ ਲਾਈਨਾਂ ਦੀ ਸ਼ਡਿਊਲ ਮੈਨਟੀਨੈਂਸ ਦੋਰਾਨ ਜਰੂਰੀ ਮੁਰੰਮਤ ਕਰਨ ਲਈ ਮਿਤੀ 07/10/2024 ਦਿਨ ਵੀਰਵਾਰ ਨੂੰ ਸਵੇਰੇ 10:00 ਵਜੇ ਤੋਂ ਲੈ ਕੇ ਸ਼ਾਮ 04:00 ਵਜੇ ਤੱਕ ਸਬ ਡਵੀਜਨ ਰਾਹੋਂ ਅਧੀਨ ਪੈਂਦੇ ਸ਼ਹਿਰ ਦੇ ਮੁੱਹਲੇ, ਫਿਲੋਰ ਰੋਡ, ਮੁਹੱਲਾ ਜੈਨੀਆ, ਮੁਹੱਲਾ ਖੋਸਲਾ, ਮੁੱਹਲਾ ਰੋਤਾਂ, ਆਰਨਹਾਲੀ, ਕੁਰਾਲਾਂ,ਰਾਜ ਪੂਤਾਂ, ਘੱਕੇਵਾਲ ਰੋਡ, ਜਾਡਲਾ ਰੋਡ, ਨਵਾਸ਼ਹਿਰ ਰੋਡ ਅਤੇ ਮੇਨ ਬਜ਼ਾਰ ਦੇ ਆਸ ਪਾਸ ਦੇ ਇਲਾਕਿਆ ਦੇ ਘਰਾਂ, ਦੁਕਾਨਾਂ, ਸਕੂਲਾਂ, ਕਾਲਜਾਂ, ਦਫਤਰਾਂ, ਹਸਪਤਾਲਾਂ, ਮੋਟਰਾਂ/ਟਿਊਬਵੈਲ ਅਤੇ ਬਾਕੀ ਅਦਾਰਿਆ ਦੀ ਬਿਜਲੀ ਦੀ ਸਪਲਾਈ ਬੰਦ ਰਹੇਗੀ। ਇਹ ਜਾਣਕਾਰੀ ਸਬ ਡਵੀਜ਼ਨ ਰਾਹੋਂ ਦੇ ਉਪ ਮੰਡਲ ਅਫਸਰ ਰਾਹੋਂ ਵੱਲੋਂ ਦਿੱਤੀ ਗਈ ਹੈ।

COURT NOTICE

In the Court of
Sh. Balkar Singh
Judicial Magistrate-1st Class-1, Nabha
CNR No. PBPTB1-002668-2020
Next Date :- 22-11-2024
Hardam Singh
Vs.
Jaspreet Singh
Publication Issued to :
Jaspreet Singh
Father : Avtar Singh, H. No. 64, Kartar Colony, Teh. Nabha Distt. Patiala

In above titled case, the accused could not be served. It is ordered that accused should appear in person or through counsel on 22.11.2024 at 10:00 A.M.

For details logon to https://highcourtchd.gov.in/?trs=district_notice&district=Patiala

Judicial Magistrate-1st Class-1, Nabha
Dated, this day of 06.11.2024

COURT NOTICE

(U/o 5 Rule 20 CPC)
In The Court of
Sh. Amandeep Singh
Civil Judge, (Senior Division)
Tarn Taran
CNR No. PBTT02-000810-2024
Next Date : 17.12.2024
Next Date, Purpose of Case, Orders and Judgments as well as other case information is available on http://districts.ecourts.gov.in
Bakshish Singh
Vs
General Public
Publication Issued To:
General Public
: Tarn Taran

In above titled case, the defendant (s)/respondent (s) could not be served. It is ordered that defendant (s) respondant (s) should appear in person or through counsel on 17.12.2024 at 10:00 A.M.

For details logon to https://highcourtchd.gov.in/?trs=district_notice&district=Tarn Taran

Civil Judge, (Senior Division)
Tarn Taran
Dated this day of 21-10-2024

COURT NOTICE

(U/o 5 Rule 20 CPC)
In the Court of
Hasan Deep Singh Bajwa
Additional Civil Judge (Senior Division), Kharar
CNR No. PBSAA0-001494-2024
Next Date 30.11.2024
SUCC/27/2024
Shankuntla Devi D/o Lachhman Dass, R/o H. No. 890, Ranjit Naar, Sector 11, Kharar, Distt. SAS Nagar Mohali
Vs.
General Public And others
Publication Issued to :
General Public
General Public

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 30.11.2024 at 10:00 A.M.

For details logon to https://highcourtchd.gov.in/?trs=district_notice&district=SAS Nagar

Additional Civil Judge (Senior Division), Kharar
Dated this day of 21-10-2024

COURT NOTICE

(U/o 5 Rule 20 CPC)
In the Court of
Hasan Deep Singh Bajwa
Additional Civil Judge (Senior Division), Kharar
CNR No. PBSAA0-000768-2022
Next Date:-10-12-2024
CS/656/2022
Ram Kishan S/O Late, Hazura Sinh S/O Late. Prabh Dial Singh R/o Vill. H.No. 262, Sector 4, Mundi Kharar, Tehsil Kharar, Distt Mohali
Vs.
Bhupinder Kaur W/o Nirmal Singh S/o Late Phumn Singh R/o Vill. Sarangpur, Chandigarh Khewatdar of Vill. Dusarna, Sub Tehsil Majri, Kharar Distt Mohali And Others
Publication Issued To:
Def. No. 3 Balbir Singh (Since Deceased) Through His Lr's No. 3 Daljit Singh S/O Balbir Singh Lrs No. 5. Manpreet Kaur D/O Balbir Singh.

In Above titled case, the defendant(s)/despondent(s) could not be served. It is ordered that defendant(s)/ respondent(s) should appear in person or through counsel on 10-12-2024 at 10:00 a.m.

For details logon to https://highcourtchd.gov.in/?trs-district notice&district=SAS Nagar

Additional Civil Judge (Senior Division), Kharar
Dated, this day of 04-11-2024

COURT NOTICE

(U/o 5 Rule 20 CPC)
In the Court of
Sh. Hirdejit Singh
Additional Civil Judge Senior Division Rajpura
CNR No. PBPTA0-001262-2024
Next Date :- 04-12-2024
Harjeet Kaur Kaur
Vs.
General Public

Petition for Permission to Sell The Share of Gurjant Singh
Publication Issued To :
General Public

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 04.12.2024 at 10:00 A.M.

For details logon to https://highcourtchd.gov.in/?trs=district_notice&district=Patiala

Additional Civil Judge Senior Division Rajpura
Dated this day of 06-11-2024

COURT NOTICE

(U/o 5 Rule 20 CPC)
In the Court of
Mrs. Manzra Dutta
Civil Judge (Junior Division), Kharar
CNR No. PBSAA0-000294-2024
Next Date: 20-11-2024
Sushil Kumar
Vs.
Gursharan Pal Kaur
Publication Issued To:
Gursharan Pal Kaur

D/O Satwinder Pal Singh R/O Village Rasulpur, Rupnagar, Punajb. 140101, 2nd Address First Floor Of Shop At Kharar Landran Road, Opp. Gill Hospital, Near Concept Telecom, Kharar, Tehsil Kharar, District Sas Nagar Mohali.

In above titled case, the defendant(s)/respondent(s) could not be served. It is ordered that letendam(s)/respondent(s) should appear in person or through counsel on 20-11-2024 at 10:00 a.m.

For details logon to https://highcourtchd.gov.in/?trs=district_notice & district=SAS Nagar

Civil Judge (Junior Division)
Kharar
Dated, this day of 18-10-2024

COURT NOTICE

(U/o 5 Rule 20 CPC)
IN The Court Of Ms. Neeraj Goyal
Civil Judge Junior Division - 8, Patiala
CNR No. PBPT02-002733-2024
Next Date:- 16-12-2024
Charanjeet Kaur w/o Kuldeep Singh, R/o Village Batheri Kalan, P.O. Daun Kalan, Tehsil and Dist Patiala
Vs.
Mandeep Kaur w/o Amrik Singh S/o Late Balwinder Singh, R/o H. No. 31, Ward No. 4, Sunder Nagar, Rajpura, Dist Patiala

Suit for declaration to effect that plantiff is owneer in possession of land measuring 12 bighas 10 biswas comprising in khewat no 104 khatoni no. 149, khasra no. 141(5-0). 142 (7-8) 143 Min (3-0). 144(6-5), 146 min (1-10), 160 (0- 5) 161(3-5), 162(3-5), 163 min(3- 0), 386/1 (0-5), items 10 masuring 33 bighas 3 biswas out of that to the extent of 1/3 share at village bhateri kalan patiala

Publication Issued to : : :

1) Mandeep Kaur w/o Amrik Singh S/o Late Balwinder Singh R/o H.No. 31, Ward No. 4, Sunder Nagar, Rajpura, Dist Patiala, 2) Bheer Kaur D/o Waryam Singh, R/o Near Gurudwara Sahib, near bus stand, Sultanpur, Dist Kapurthala.

In above titled case, the defendant(s)/respondent(s) could not be served. It is ordered that defendant()/respondent(s) should appear in person or through counsel on 16-12-2024 at 10:00 a.m.

For details logon to https://highcourtchd.gov.in/?trs=district_notice&district=Patiala

Civil Judge Junior Division - 8, Patiala
Dated this day of 05-11-2024

ਪਬਲੀਕੇਸ਼ਨ ਨੋਟਿਸ

ਬਾ ਅਦਾਲਤ ਨਾਇਬ ਤਹਿਸੀਲਦਾਰ -ਕਮ- ਸਹਾਇਕ ਕੁਲੈਕਟਰ ਦਰਜਾ ਪਹਿਲਾ/ ਦੂਜਾ ਨਿਹਾਲ ਸਿੰਘ ਵਾਲਾ ਜ਼ਿਲ੍ਹਾ ਮੋਗਾ

ਸੁਖਵੰਤ ਸਿੰਘ ਪੁੱਤਰ ਭਾਗ ਸਿੰਘ ਪੁੱਤਰ ਇੰਦਰ ਸਿੰਘ ਬਨਾਮ ਸੁਰਿੰਦਰ ਸਿੰਘ ਵਗੈਰਾ

ਤਕਸੀਮ ਕੇਸ ਖੇਵਟ ਨੰਬਰ 140/127,354/341,338/326,124/111,547/525,846/812,168/159

ਖਤੌਨੀ ਨੰਬਰ 192, 495, 496, 465, 163, 778, 1646, 240 ਵਾਕਿਆ ਰਕਬਾ ਹਿੰਮਤਪੁਰਾ 1/2 ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।

ਉਪਰੋਕਤ ਅਨੁਵਾਨ ਕੇਸ ਦੀ ਤਾਰੀਖ ਪੇਸ਼ੀ 20-11-2024 ਮੁਕੱਰਰ ਹੈ । ਇਹ ਕਿ ਉਪਰੋਕਤ ਕੇਸ ਵਿੱਚ ਹੇਠ ਲਿਖੇ ਵਿਅਕਤੀਆਂ ਦੀ ਸਧਾਰਨ ਤਰੀਕੇ ਨਾਲ ਤਲਬੀ ਨਹੀਂ ਕੀਤੀ ਜਾ ਸਕੀ ਹੈ । ਇਸ ਲਈ ਉਨ੍ਹਾਂ ਦੇ ਖਿਲਾਫ ਆਰਡਰ 5 ਰੂਲ 20 ਸੀ.ਪੀ.ਸੀ. ਦੀ ਕਾਰਵਾਈ ਆਰੰਭੀ ਜਾ ਰਹੀ ਹੈ ਅਤੇ ਹੇਠ ਲਿਖੇ ਵਿਅਕਤੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਅਸਾਲਤਨ ਜਾਂ ਵਕਾਲਤਨ ਮਿਤੀ 20-11-2024 ਨੂੰ ਨਿਮਨਹਸਤਾਖਰ ਅਦਾਲਤ ਵਿੱਚ ਪੇਸ਼ ਹੋਣ ਅਤੇ ਆਪਣਾ ਪੱਖ ਪੇਸ਼ ਕਰਨ । ਇਸ ਨੋਟਿਸ ਤੋਂ ਬਾਅਦ ਅਗਰ ਕੋਈ ਨਿਮਨਹਸਤਾਖਰ ਅਦਾਲਤ ਵਿੱਚ ਪੇਸ਼ ਨਹੀਂ ਹੁੰਦਾ ਤਾਂ ਉਸ ਦੇ ਖਿਲਾਫ ਇੱਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

1) ਸੁਰਿੰਦਰ ਸਿੰਘ ਪੁੱਤਰ ਬਖਸ਼ੀ ਸਿੰਘ ਪੁੱਤਰ ਸਰਵਣ ਸਿੰਘ (2) ਚਰਨਜੀਤ ਕੌਰ ਵਿਧਵਾ ਜਗਦੀਸ਼ ਸਿੰਘ ਪੁੱਤਰ ਬਖਸ਼ੀ ਸਿੰਘ (3) ਰੂਪ ਸਿੰਘ ਉਰਫ ਜਗਰੂਪ ਸਿੰਘ ਪੁੱਤਰ ਬਖਸ਼ੀ ਸਿੰਘ ਪੁੱਤਰ ਸਰਵਣ ਸਿੰਘ (4) ਮੇਜਰ ਸਿੰਘ ਪੁੱਤਰ ਮੁਖਤਿਆਰ ਸਿੰਘ ਪੁੱਤਰ ਭਾਗ ਸਿੰਘ (5) ਹਰਪ੍ਰੀਤ ਸਿੰਘ (6) ਹਰਦੀਪ ਸਿੰਘ ਪੁੱਤਰਾਨ ਜਗਦੀਸ਼ ਸਿੰਘ ਪੁੱਤਰ ਬਖਸ਼ੀ ਸਿੰਘ (7) ਜਸਪ੍ਰੀਤ ਸਿੰਘ ਪੁੱਤਰ ਰੂਪ ਸਿੰਘ ਉਰਫ ਜਗਰੂਪ ਸਿੰਘ ਪੁੱਤਰ ਬਖਸ਼ੀ ਸਿੰਘ (8) ਅਮਨਦੀਪ ਸਿੰਘ ਪੁੱਤਰ ਸੁਖਦੇਵ ਸਿੰਘ ਪੁੱਤਰ ਇੰਦਰ ਸਿੰਘ (9) ਸਰਬਜੀਤ ਕੌਰ ਪਤਨੀ ਸੁਖਦੇਵ ਸਿੰਘ ਪੁੱਤਰ ਇੰਦਰ ਸਿੰਘ (10) ਗੁਰਮੀਤ ਸਿੰਘ ਪੁੱਤਰ ਮੇਜਰ ਸਿੰਘ ਪੁੱਤਰ ਪਾਖਰ ਸਿੰਘ (11) ਕੁਲਦੀਪ ਕੌਰ ਪੁੱਤਰੀ ਮੇਜਰ ਸਿੰਘ ਪੁੱਤਰ ਪਾਖਰ ਸਿੰਘ (12) ਹਰਵਿੰਦਰ ਸਿੰਘ ਪੁੱਤਰ ਹਾਕਮ ਸਿੰਘ ਪੁੱਤਰ ਗੁਰਦੇਵ ਸਿੰਘ (13) ਗੁਰਨਾਮ ਸਿੰਘ ਪੁੱਤਰ ਕਰਤਾਰ ਸਿੰਘ ਪੁੱਤਰ ਅਰਜਨ ਸਿੰਘ (15) ਸਵਿੰਦਰਵੀਰ ਕੌਰ ਧਾਲੀਵਾਲ ਪਤਨੀ ਗੁਰਮੀਤ ਸਿੰਘ ਪੁੱਤਰ ਗੁਰਨੈਬ ਸਿੰਘ (16) ਇੰਦਰਜੀਤ ਕੌਰ ਪਤਨੀ ਗੁਰਮੇਲ ਸਿੰਘ ਪੁੱਤਰ ਜੋਰਾ ਸਿੰਘ (17) ਸੁਖਦੇਵ ਸਿੰਘ ਪੁੱਤਰ ਗੁਲਜਾਰ ਸਿੰਘ ਪੁੱਤਰ ਈਸਰ ਸਿੰਘ (18) ਗੁਰਦੇਵ ਕੌਰ ਪਤਨੀ ਵਰਿਆਮ ਸਿੰਘ ਪੁੱਤਰ ਦਲੀਪ ਸਿੰਘ (19) ਜੰਗੀਰ ਸਿੰਘ (20) ਦਲੀਪ ਸਿੰਘ ਪੁੱਤਰਾਨ ਇੰਦਰ ਸਿੰਘ ਪੁੱਤਰ ਹਰੀ ਸਿੰਘ ਸਾਰੇ ਵਾਸੀਆਨ ਪਿੰਡ ਹਿੰਮਤਪੁਰਾ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।

ਸਹੀ/-ਸਹਾਇਕ ਕੁਲੈਕਟਰ ਦਰਜਾ-1 ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ

ਪਬਲੀਕੇਸ਼ਨ ਨੋਟਿਸ

ਬਾ ਅਦਾਲਤ ਨਾਇਬ ਤਹਿਸੀਲਦਾਰ -ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ/ ਦੂਜਾ ਨਿਹਾਲ ਸਿੰਘ ਵਾਲਾ ਜ਼ਿਲ੍ਹਾ ਮੋਗਾ

ਗੁਰਮੇਲ ਕੌਰ ਪਤਨੀ ਸੁਖਵੰਤ ਸਿੰਘ ਪੁੱਤਰ ਭਾਗ ਸਿੰਘ ਬਨਾਮ ਮਲਕੀਤ ਸਿੰਘ ਵਗੈਰਾ

ਤਕਸੀਮ ਕੇਸ ਖੇਵਟ ਨੰਬਰ 551/529,906/873, 887/854,884/851,594/574,549/527, 883/850,176/164, 907/874, 143/134,175/163,141/131, 133, 886/853, 548/526

ਖਤੌਨੀ ਨੰਬਰ : 782,1272,1251, 1247, 832,780,1246, 247,1273, 210, 246, 205, 1249,1250, 779 ਵਾਕਿਆ ਰਕਬਾ ਹਿੰਮਤਪੁਰਾ I/2 ਤਹਿਸੀਲ ਨਿਹਾਲ ਸਿੰਘ ਵਾਲਾ,ਜ਼ਿਲ੍ਹਾ ਮੋਗਾ ।

ਉਪਰੋਕਤ ਅਨੁਵਾਨ ਕੇਸ ਦੀ ਤਾਰੀਖ ਪੇਸ਼ੀ 20-11-2024 ਮੁਕੱਰਰ ਹੈ।ਇਹ ਕਿ ਉਪਰੋਕਤ ਕੇਸ ਵਿੱਚ ਹੇਠ ਲਿਖੇ ਵਿਅਕਤੀਆਂ ਦੀ ਸਧਾਰਨ ਤਰੀਕੇ ਨਾਲ ਤਲਬੀ ਨਹੀਂ ਕੀਤੀ ਜਾ ਸਕੀ ਹੈ ।ਇਸ ਲਈ ਉਨ੍ਹਾਂ ਦੇ ਖਿਲਾਫ ਆਰਡਰ 5 ਰੂਲ 20 ਸੀ.ਪੀ.ਸੀ ਦੀ ਕਾਰਵਾਈ ਆਰੰਭੀ ਜਾ ਰਹੀ ਹੈ ਅਤੇ ਹੇਠ ਲਿਖੇ ਵਿਅਕਤੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਅਸਾਲਤਨ ਜਾਂ ਵਕਾਲਤਨ ਮਿਤੀ 20-11-2024 ਨੂੰ ਨਿਮਨ ਹਸਤਾਖਰ ਅਦਾਲਤ ਵਿੱਚ ਪੇਸ਼ ਹੋਣ ਅਤੇ ਆਪਣਾ ਪੱਖ ਪੇਸ਼ ਕਰਨ । ਇਸ ਨੋਟਿਸ ਤੋਂ ਬਾਅਦ ਅਗਰ ਕੋਈ ਨਿਮਨ ਹਸਤਾਖਰ ਅਦਾਲਤ ਵਿੱਚ ਪੇਸ਼ ਨਹੀਂ ਹੁੰਦਾ ਤਾਂ ਉਸ ਦੇ ਖਿਲਾਫ ਇੱਕਤਰਫਾ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

1) ਮਲਕੀਤ ਸਿੰਘ (2) ਨਰਿੰਦਰ ਸਿੰਘ ਪੁੱਤਰਾਨ ਜਰਨੈਲ ਸਿੰਘ ਪੁੱਤਰ ਹਜਾਰਾ ਸਿੰਘ (3) ਜਗਸੀਰ ਸਿੰਘ ਪੁੱਤਰ ਚਰਨਜੀਤ ਸਿੰਘ ਪੁੱਤਰ ਜਰਨੈਲ ਸਿੰਘ (4) ਸੁਖਦੇਵ ਸਿੰਘ ਪੁੱਤਰ ਬਚਿਤਰ ਸਿੰਘ ਪੁੱਤਰ ਬਿਸਨ ਸਿੰਘ (5) ਨਰੰਜਨ ਸਿੰਘ ਉਰਫ ਰਾਮਜੀ ਪੁੱਤਰ ਹਜਾਰਾ ਸਿੰਘ ਪੁੱਤਰ ਦੂਦਾ ਸਿੰਘ (6) ਬਲਵੰਤ ਸਿੰਘ (7) ਦਰਸ਼ਨ ਸਿੰਘ ਪੁੱਤਰਾਨ ਨਰੰਜਣ ਸਿੰਘ ਉਰਫ ਰਾਮ ਜੀ ਪੁੱਤਰ ਹਜਾਰਾ ਸਿੰਘ (8) ਮਨਜੀਤ ਕੌਰ ਪਤਨੀ ਦਰਸਨ ਸਿੰਘ ਪੁੱਤਰ ਜੰਗੀਰ ਸਿੰਘ (9) ਮਨਪ੍ਰੀਤ ਸਿੰਘ ਪੁੱਤਰ ਨਛੱਤਰ ਸਿੰਘ ਪੁੱਤਰ ਸਰਵਣ ਸਿੰਘ (10) ਰਮਨਦੀਪ ਕੌਰ ਵਿਧਵਾ ਵਾਹਰਸਦੀਪ ਸਿੰਘ ਪੁੱਤਰ ਰਣਜੀਤ ਸਿੰਘ (11) ਹਰਜਿੰਦਰ ਕੌਰ ਵਿਧਵਾ (12) ਰਣਜੀਤ ਸਿੰਘ ਪੁੱਤਰ (13) ਰਣਵੀਰ ਕੌਰ ਪੁੱਤਰੀ ਦੀਦਾਰ ਸਿੰਘ ਪੁੱਤਰ ਜੋਗਿੰਦਰ ਸਿੰਘ (14) ਜਸਵੰਤ ਸਿੰਘ (15) ਕੁਲਵਿੰਦਰ ਸਿੰਘ (16) ਬੇਅੰਤ ਸਿੰਘ ਪੁੱਤਰਾਨ ਦਰਸ਼ਨ ਸਿੰਘ ਪੁੱਤਰ ਨਰੰਜਣ ਸਿੰਘ (17) ਇੰਦਰਜੀਤ ਕੌਰ ਪਤਨੀ ਗੁਰਮੇਲ ਸਿੰਘ ਪੁੱਤਰ ਜੋਰਾ ਸਿੰਘ (18) ਹਰਬਿੰਦਰ ਸਿੰਘ ਪੁੱਤਰ ਮਹਿਗਾ ਸਿੰਘ ਪੁੱਤਰ ਹਰਨਾਮ ਸਿੰਘ (19) ਬਲਜਿੰਦਰ ਸਿੰਘ (20) ਦਰਸਨ ਸਿੰਘ (21) ਦਲਬਾਰਾ ਸਿੰਘ ਪੁੱਤਰਾਨ ਆਤਮਾ ਸਿੰਘ ਪੁੱਤਰ ਪੂਰਨ ਸਿੰਘ (22) ਰਵਿੰਦਰ ਕੌਰ ਪਤਨੀ ਸਤਨਾਮ ਸਿੰਘ ਪੁੱਤਰ ਝਰਮਲ ਸਿੰਘ (23) ਵੀਰਪਾਲ ਕੌਰ ਪਤਨੀ ਮੱਖਣ ਸਿੰਘ ਪੁੱਤਰ ਝਰਮਲ ਸਿੰਘ (24) ਪਰਮਿੰਦਰ ਸਿੰਘ (25) ਰਛਪਾਲ ਸਿੰਘ ਪੁੱਤਰਾਨ ਰਾਜਿੰਦਰ ਸਿੰਘ ਪੁੱਤਰ ਨਾਜਰ ਸਿੰਘ (26) ਚਮਕੌਰ ਸਿੰਘ ਪੁੱਤਰ ਬਾਬੂ ਸਿੰਘ ਪੁੱਤਰ ਸੋਹਨ ਸਿੰਘ (27) ਲਖਵਿੰਦਰ ਸਿੰਘ ਪੁੱਤਰ ਹਰਦੇਵ ਸਿੰਘ ਪੁੱਤਰ ਮਹਿਦਰ ਸਿੰਘ (28) ਰਛਪਾਲ ਕੌਰ ਵਿਧਵਾ (29) ਲਵਪ੍ਰੀਤ ਸਿੰਘ ਪੁੱਤਰ ਸੁਰਜੀਤ ਸਿੰਘ ਪੁੱਤਰ ਲਾਲ ਸਿੰਘ (30) ਜਸਵਿੰਦਰ ਸਿੰਘ ਪੁੱਤਰ ਲਾਲ ਸਿੰਘ ਪੁੱਤਰ ਕਾਲਾ ਸਿੰਘ (31) ਮੁਕੰਦ ਸਿੰਘ (32) ਪ੍ਰੀਤਮ ਸਿੰਘ ਪੁੱਤਰਾਨ ਚੂਹੜ ਸਿੰਘ ਪੁੱਤਰ ਸੁਲਤਾਨੀ ਸਿੰਘ (33) ਗੁਰਪ੍ਰੀਤ ਸਿੰਘ (34) ਜਸਵੰਤ ਸਿੰਘ ਪੁੱਤਰਾਨ ਜਰਨੈਲ ਸਿੰਘ ਪੁੱਤਰ ਦਲੀਪ ਸਿੰਘ (35) ਕਰਨੈਲ ਪੁੱਤਰ ਲਾਲ ਸਿੰਘ ਪੁੱਤਰ ਕਾਲਾ ਸਿੰਘ (36) ਬਲਵਿੰਦਰ ਸਿੰਘ ਪੁੱਤਰ ਜੰਗੀਰ ਸਿੰਘ ਪੁੱਤਰ ਇੰਦਰ ਸਿੰਘ (37) ਮਨਪ੍ਰੀਤ ਸਿੰਘ (38) ਰਾਜਦੀਪ ਸਿੰਘ ਪੁੱਤਰਾਨ ਗੁਰਚਰਨ ਸਿੰਘ ਪੁੱਤਰ ਲਾਲ ਸਿੰਘ (39) ਜਸਵਿੰਦਰ ਸਿੰਘ ਪੁੱਤਰ ਲਾਲ ਸਿੰਘ ਪੁੱਤਰ ਕਾਲਾ ਸਿੰਘ (40) ਮਿਲਖਾ ਸਿੰਘ ਪੁੱਤਰ ਗਿਆਨ ਸਿੰਘ ਪੁੱਤਰ ਕਾਲਾ ਸਿੰਘ (41) ਜਗਸੀਰ ਸਿੰਘ (42) ਸ਼ੇਰ ਸਿੰਘ ਪੁੱਤਰਾਨ ਕਰਤਾਰ ਸਿੰਘ ਪੁੱਤਰ ਗਿਆਨ ਸਿੰਘ (43) ਅਮਰਜੀਤ ਸਿੰਘ ਪੁੱਤਰ ਨਾਜਰ ਸਿੰਘ ਪੁੱਤਰ ਦੇਵਾ ਸਿੰਘ (44) ਜਸਵਿੰਦਰ ਸਿੰਘ ਪੁੱਤਰ ਗੁਰਭਜਨ ਸਿੰਘ ਪੁੱਤਰ ਨਾਜਰ ਸਿੰਘ (45) ਗੁਰਮੀਤ ਕੌਰ ਪਤਨੀ (46) ਗੁਰਿਦਰਜੀਤ ਸਿੰਘ (47) ਪਰਦੀਪ ਸਿੰਘ ਪੁੱਤਰਾਨ ਮਨਿੰਦਰ ਸਿੰਘ ਪੁੱਤਰ ਗੁਰਭਜਨ ਸਿੰਘ ਸਾਰੇ ਵਾਸੀਆਨ ਪਿੰਡ ਹਿੰਮਤਪੁਰਾ, ਤਹਿ. ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ।

ਸਹੀ/-ਸਹਾਇਕ ਕੁਲੈਕਟਰ ਦਰਜਾ-1, ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।

AXIS BANK

ਰਿਟੇਲ ਲੋਂਡਿੰਗ ਐਂਡ ਪੇਮੈਂਟ ਗਰੁੱਪ (ਲੋਕਲ ਦਫਤਰ/ਬਰਾਂਚ) : ਦੂਜੀ ਅਤੇ ਤੀਜੀ ਮੰਜ਼ਲ, ਜਾਇਦਾਦ ਨੰ. 7-ਏ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001, ਕਾਰਪੋਰੇਟ ਦਫਤਰ : "ਐਕਸਿਸ ਹਾਊਸ", ਸੀ-2, ਵਾਡੀਆ ਇੰਟਰਨੈਸ਼ਨਲ ਸੈਂਟਰ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ "ਤ੍ਰਿਸ਼ੂਲ" ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬ੍ਰਿਜ ਅਹਿਮਦਾਬਾਦ - 380006

ਅਚੱਲ ਜਾਇਦਾਦ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ

ਸਕਿਊਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਊਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੇਟਸ ਅਤੇ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ 2002 ਤਹਿਤ ਅਚੱਲ ਐਸੇਟਸ ਦੀ ਵਿੱਕਰੀ ਵਾਸਤੇ ਈ-ਨਿਲਾਮੀ ਨੋਟਿਸ।
ਆਮ ਜਨਤਾ ਅਤੇ ਖਾਸ ਕਰ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਸਕਿਊਰਡ ਕ੍ਰੈਡਿਟਰ ਕੋਲ ਰਹਿਣ/ਚਾਰਜ਼ਡ ਹੈ, ਜਿਸ ਦਾ ਭੌਤਿਕ ਕਬਜ਼ਾ ਸਕਿਊਰਡ ਕ੍ਰੈਡਿਟਰ ਦੇ ਅਧਿਕਾਰਤ ਅਫਸਰ ਵੱਲੋਂ ਪ੍ਰਾਪਤ ਕਰ ਲਿਆ ਗਿਆ ਹੈ, ਦੀ ਵਿਕਰੀ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਦੇ ਆਧਾਰ 'ਤੇ (1) 1. ਸ੍ਰੀਮਤੀ ਕਵਿਤਾ ਰਾਣੀ ਪਤਨੀ ਪ੍ਰਦੀਪ ਕੁਮਾਰ (ਕਰਜ਼ਦਾਰ/ਗਿਰਵੀਕਾਰ) 2. ਸ੍ਰੀ ਪ੍ਰਦੀਪ ਕੁਮਾਰ ਪੁੱਤਰ ਦੀਵਾਨ ਚੰਦ (ਸਹਿ-ਕਰਜ਼ਦਾਰ)। ਕੋਲੋਂ ਸਕਿਊਰਡ ਕ੍ਰੈਡੀਟਰ ਦੀ ਮਿਤੀ 22.10.2024 ਬਕਾਇਆ ਨਿਕਲਦੀ ਰਕਮ ਰੁਪਏ 1530573/-(ਰੁਪਏ ਪੰਦਰਾਂ ਲੱਖ ਤੀਹ ਹਜ਼ਾਰ ਪੰਜ ਸੌ ਤਿਹੱਤਰ ਕੇਵਲ) ਦੀ ਭਵਿੱਖੀ ਵਿਆਜ ਅਤੇ ਲਾਗਤਾਂ ਸਮੇਤ ਵਸੂਲੀ ਲਈ ਮਿਤੀ 19.12.2024 ਨੂੰ ਕੀਤੀ ਜਾਵੇਗੀ। ਜ਼ਰੂਰੀ ਵੇਰਵਿਆਂ ਲਈ ਕਿਰਪਾ ਕਰਕੇ ਨਿਲਾਮੀ ਸਾਰਣੀ ਦਾ ਹਵਾਲਾ ਲਿਆ ਜਾਵੇ।

ਜਾਣਕਾਰੀ 'ਚ ਜੋਖਮ (ਜੇਕਰ ਕੋਈ ਹੈ)	ਕੋਈ ਨਹੀਂ
ਰਾਖਵੀਂ ਕੀਮਤ (ਰੁਪਏ 'ਚ)	ਰੁ. 18,33,300/- (ਰੁਪਏ ਅਠਾਰਾਂ ਲੱਖ ਤੇਤੀ ਹਜ਼ਾਰ ਤਿੰਨ ਸੌ ਕੇਵਲ)
ਬਿਆਨਾ ਰਕਮ ਡਿਪਾਜ਼ਟ (ਰੁਪਏ 'ਚ)	ਰੁ. 1,83,330/- (ਰੁਪਏ ਇੱਕ ਲੱਖ ਤ੍ਰਿਆਸੀ ਹਜ਼ਾਰ ਤਿੰਨ ਸੌ ਤੀਹ ਕੇਵਲ)
ਬੋਲੀ ਵਾਧਾ ਰਕਮ	ਰੁ. 20,000/- (

7-NOV-PAGE-7.qxd 11/6/2024 10:51 PM Page 1

ਲਿਖਤੀ ਪੇਪਰ ਤੇ ਪੰਜਾਬ ਪੁਲਸ ਦੇ ਫ਼ਿਜ਼ੀਕਲ ਦੀ ਤਿਆਰੀ ਸ਼ੁਰੂ

ਬਠਿੰਡਾ, (ਪਰਵਿੰਦਰ ਜੀਤ ਸਿੰਘ) ਸੀ-ਪਾਈਟ ਕੈਂਪ ਦੇ ਟ੍ਰੇਨਿੰਗ ਅਧਿਕਾਰੀ ਕੈਪਟਨ ਲਖਵਿੰਦਰ ਸਿੰਘ ਨੇ ਦੱਸਿਆ ਕਿ ਭਾਰਤ ਸਰਕਾਰ ਦੁਆਰਾ ਸੈਂਟਰ ਆਰਮਡ ਫੋਰਸ (ਐਸਐਸਸੀ ਜੀਡੀ) ਵੱਲੋਂ 39481 ਆਸਾਮੀਆਂ ਲੜਕੇ ਤੇ ਲੜਕੀਆਂ ਲਈ ਕੱਢੀਆਂ ਹੋਈਆਂ ਹਨ, ਇਨ੍ਹਾਂ ਆਸਾਮੀਆਂ ਸਬੰਧੀ ਆਨਲਾਈਨ ਅਪਲਾਈ ਕਰਨ ਦੀ ਵਿਧੀ ਦਾ ਕੰਮ ਵੀ ਮੁਕੰਮਲ ਹੋ ਚੁੱਕੀ ਹੈ।ਇਨ੍ਹਾਂ ਆਸਾਮੀਆਂ ਲਈ ਲਿਖਤੀ ਪੇਪਰ ਜਨਵਰੀ 2025 ਦੇ ਪਹਿਲਾ ਹਫਤੇ ਹੋਣ ਦੀ ਸੰਭਾਵਨਾ ਹੈ।ਇਸ ਤੋਂ ਇਲਾਵਾ ਜਿਹੜੇ ਨੌਜਵਾਨ ਪੰਜਾਬ ਪੁਲਸ ਦਾ ਲਿਖਤੀ ਪੇਪਰ ਦੇ ਚੁੱਕੇ ਹਨ ਤੇ ਫ਼ਿਜ਼ੀਕਲ ਦੀ ਤਿਆਰੀ ਕਰਨਾ ਚਾਹੁੰਦੇ ਹਨ, ਉਹ ਇਨ੍ਹਾਂ ਦੋਨੋਂ ਫੋਰਸਿਸ ਦੀ ਤਿਆਰੀ ਲਈ ਨਵਾਂ ਬੈਚ ਕੈਂਪ ਕਾਲਝਰਾਣੀ ਵਿਖੇ ਸ਼ੁਰੂ ਹੋ ਚੁੱਕਾ ਹੈ। ਟ੍ਰੇਨਿੰਗ ਅਧਿਕਾਰੀ ਕੈਪਟਨ ਲਖਵਿੰਦਰ ਸਿੰਘ ਨੇ ਦੱਸਿਆ ਕਿ ਡਿਜ਼ੀਟਲ ਕਲਾਸ ਰੂਮ, ਤਰਜ਼ਬੇਕਾਰ ਅਧਿਆਪਕ, ਵਧੀਆ ਗਰਾਊਂਡ, ਤਜਰਬੇਕਾਰ ਪੀ.ਟੀ.ਆਈ, ਰਹਿਣ ਵਾਸਤੇ ਵਧੀਆ ਹੋਸਟਲ, ਵਧੀਆ ਖਾਣਾ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮੁਫ਼ਤ ਦਿੱਤਾ ਜਾਵੇਗਾ।

ਲੋੜਵੰਦ ਮਰੀਜ਼ਾਂ ਨੂੰ ਦਵਾਈਆਂ ਖਰੀਦਣ ਲਈ ਦਿੱਤੀ ਵਿੱਤੀ ਸਹਾਇਤਾ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ) ਡਾ. ਐਸ ਪੀ ਸਿੰਘ ਓਬਰਾਏ ਵਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦੀ ਲੜੀ ਤਹਿਤ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ ਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਇਕਾਈ ਸ੍ਰੀ ਮੁਕਤਸਰ ਸਾਹਿਬ ਟੀਮ ਵਲੋਂ ਡਾਕਟਰ ਓਬਰਾਏ ਵਲੋਂ ਲੋੜਵੰਦ ਮਰੀਜ਼ਾਂ ਲਈ ਭੇਜੀ ਰਾਸ਼ੀ ਤਕਸੀਮ ਕੀਤੀ ਗਈ।ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਜਾਣਕਾਰੀ ਦਿੱਤੀ ਕਿ ਕਾਫੀ ਸਮੇਂ ਤੋਂ ਵੱਖ-ਵੱਖ ਬਿਮਾਰੀਆਂ ਤੋਂ ਪੀੜਤ ਮਰੀਜ਼ ਜੋ ਦਵਾਈਆਂ ਖਰੀਦਣ ਤੋਂ ਅਸਮਰਥ ਹਨ, ਇਨ੍ਹਾਂ ਦੀ ਆਰਥਿਕ ਹਾਲਤ ਬਹੁਤ ਹੀ ਕਮਜ਼ੋਰ ਹੈ।ਸਹਾਇਤਾ ਰਾਸ਼ੀ ਲੈਣ ਉਪਰੰਤ ਲੋੜਵੰਦ ਮਰੀਜ਼ਾਂ ਨੇ ਡਾਕਟਰ ਓਬਰਾਏ ਦਾ ਧੰਨਵਾਦ ਕੀਤਾ ਗਿਆ ਤੇ ਕਿਹਾ ਕਿ ਇਸ ਵਿੱਤੀ ਸਹਾਇਤਾ ਨਾਲ ਅਸੀਂ ਦਵਾਈਆਂ ਖਰੀਦਣ ਤੋਂ ਬਾਅਦ ਅਪਣੀ ਜ਼ਿੰਦਗੀ ਆਮ ਵਾਂਗ ਜਿਊਣ ਦੇ ਸਮਰੱਥ ਹੋ ਗਏ ਹਾਂ।

ਨੌਜਵਾਨ ਨੇ ਸਲਫਾਸ ਖਾ ਕੇ ਕੀਤੀ ਆਤਮ ਹੱਤਿਆ, ਮਾਮਲਾ ਦਰਜ

ਫਿਰੋਜ਼ਪੁਰ (ਅਸ਼ੋਕ ਸ਼ਰਮਾ) ਤਲਵੰਡੀ ਭਾਈ 'ਚ ਇੱਕ ਨੌਜਵਾਨ ਨੇ ਸਲਫਾਸ ਖਾ ਕੇ ਖੁਦਕੁਸ਼ੀ ਕਰ ਲੈਣ ਦੀ ਘਟਨਾ ਸਾਹਮਣੇ ਆਈ ਹੈ।ਮਾਮਲੇ ਵਿੱਚ ਤਲਵੰਡੀ ਭਾਈ ਥਾਣੇ ਦੀ ਪੁਲਿਸ ਨੇ ਦੋ ਵਿਅਕਤੀਆਂ ਖਿਲਾਫ 108, 3 (5) ਬੀਐੱਨਐੱਸ ਅਧੀਨ ਮਾਮਲਾ ਦਰਜ ਕੀਤਾ ਹੈ।ਪੁਲਸ ਨੂੰ ਦਿੱਤੇ ਬਿਆਨ ਵਿੱਚ ਅਮਰਜੀਤ ਕੌਰ ਨੇ ਦੱਸਿਆ ਕਿ ਉਸ ਦਾ ਭਰਾ ਤਰਸੇਮ ਸਿੰਘ, ਜੋ ਤਲਵੰਡੀ ਭਾਈ ਵਿੱਚ ਵਰਕਸ਼ਾਪ 'ਤੇ ਕੰਮ ਕਰਦਾ ਸੀ, ਆਪਣੇ ਵਿਆਹ ਦੇ ਮਾਮਲੇ ਵਿੱਚ ਕਾਫੀ ਪ੍ਰੇਸ਼ਾਨ ਸੀ।ਤਰਸੇਮ ਸਿੰਘ ਦਾ ਵਿਆਹ ਤਿੰਨ ਸਾਲ ਪਹਿਲਾਂ ਕੁਲਵਿੰਦਰ ਕੌਰ ਨਾਲ ਹੋਇਆ ਸੀ, ਜੋ 4 ਨਵੰਬਰ ਨੂੰ ਸ਼ੇਰੂ ਸਿੰਘ ਨਾਲ ਭੱਜ ਗਈ।ਇਸ ਘਟਨਾ ਤੋਂ ਬਾਅਦ ਤਰਸੇਮ ਸਿੰਘ ਬਹੁਤ ਹੀ ਸਦਮੇ ਵਿੱਚ ਆ ਗਿਆ, ਜਿਸ ਦੇ ਕਾਰਨ ਉਸ ਨੇ ਸਲਫਾਸ ਖਾ ਕੇ ਆਪਣੀ ਜ਼ਿੰਦਗੀ ਖਤਮ ਕਰਨ ਦਾ ਫੈਸਲਾ ਲਿਆ।ਹਸਪਤਾਲ ਲਿਜਾਉਂਦੇ ਸਮੇਂ ਹੀ ਉਸ ਦੀ ਮੌਤ ਹੋ ਗਈ।ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਕੁਲਵੰਤ ਸਿੰਘ ਨੇ ਕਿਹਾ ਕਿ ਅਮਰਜੀਤ ਕੌਰ ਦੇ ਬਿਆਨਾਂ ਦੇ ਆਧਾਰ 'ਤੇ ਦੋਸ਼ੀਆਂ ਖਿਲਾਫ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕੀਤੀ ਗਈ ਹੈ।

ਸਰਪੰਚੀ ਚੋਣ ਮੌਕੇ ਵੋਟਾਂ ਨਾ ਪਾਉਣ 'ਤੇ ਔਰਤ ਦੀ ਕੁੱਟਮਾਰ, ਮਾਮਲਾ ਦਰਜ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ) ਤਲਵੰਡੀ ਭਾਈ ਦੇ ਪਿੰਡ ਹਰਾਜ ਵਿੱਚ ਸਰਪੰਚੀ ਦੇ ਚੋਣਾਂ ਨੂੰ ਲੈ ਕੇ ਇੱਕ ਔਰਤ ਦੀ ਕੁੱਟਮਾਰ ਕਰਨ ਦੇ ਦੋਸ਼ਾਂ ਵਿੱਚ ਥਾਣਾ ਤਲਵੰਡੀ ਭਾਈ ਪੁਲਸ ਨੇ 8 ਵਿਅਕਤੀਆਂ ਖਿਲਾਫ 333, 115 (2), 351 (2), 191 (3), 190 ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ।ਪਰਮਜੀਤ ਕੌਰ ਪਤਨੀ ਜਿਉਣ ਸਿੰਘ ਵਾਸੀ ਪਿੰਡ ਹਰਾਜ ਨੇ ਪੁਲਿਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ ਦੋਸ਼ੀਆਂ ਰਾਜ ਸਿੰਘ ਪੁੱਤਰ ਬੇਅੰਤ ਸਿੰਘ, ਜਸਵੰਤ ਸਿੰਘ, ਇਕਬਾਲ ਸਿੰਘ ਪੁੱਤਰ ਜਸਵੀਰ ਸਿੰਘ, ਬੇਅੰਤ ਸਿੰਘ ਪੁੱਤਰ ਸਰਦਾਰਾ ਸਿੰਘ, ਬਲਰਾਜ ਸਿੰਘ ਪੁੱਤਰ ਬੇਅੰਤ ਸਿੰਘ, ਪਰਮਾਲ ਸਿੰਘ ਪੁੱਤਰ ਬਲਵੀਰ ਸਿੰਘ, ਜਸਵੀਰ ਸਿੰਘ ਪੁੱਤਰ ਦਲੀਪ ਸਿੰਘ ਅਤੇ ਗੁਰਚਰਨ ਸਿੰਘ ਪੁੱਤਰ ਨਾਨਕ ਸਿੰਘ ਵਾਸੀ ਹਰਾਜ ਨੇ ਹਮਮਸ਼ਵਰਾ ਕਰਕੇ ਉਸ ਦੇ ਘਰ 'ਤੇ ਆ ਕੇ ਉਸ ਦੀ ਕੁੱਟਮਾਰ ਕੀਤੀ ਤੇ ਸੱਟਾਂ ਮਾਰੀਆਂ।ਪਰਮਜੀਤ ਕੌਰ ਨੇ ਦੱਸਿਆ ਕਿ ਇਸ ਹਮਲੇ ਦੀ ਵਜ੍ਹਾ ਇਹ ਸੀ ਕਿ ਬੇਅੰਤ ਸਿੰਘ ਸਰਪੰਚੀ ਦੇ ਚੋਣਾਂ ਵਿੱਚ ਉਮੀਦਵਾਰ ਸੀ, ਪਰ ਉਸ ਨੂੰ ਵੋਟਾਂ ਨਹੀਂ ਦਿੱਤੀਆਂ ਗਈਆਂ, ਜਿਸ ਕਰਕੇ ਉਹ ਇਸ ਪੁਰਾਣੀ ਰੰਜਿਸ਼ ਕਾਰਨ ਹਮਲਾ ਕਰ ਬੈਠੇ।ਹੁਣ ਉਸ ਦਾ ਇਲਾਜ ਸਿਵਲ ਹਸਪਤਾਲ ਫਿਰੋਜ਼ਸ਼ਾਹ ਵਿਖੇ ਚੱਲ ਰਿਹਾ ਹੈ। ਮਾਮਲੇ ਦੀ ਜਾਂਚ ਕਰ ਰਹੇ ਹੌਲਦਾਰ ਬਲਦੇਵ ਸਿੰਘ ਨੇ ਕਿਹਾ ਕਿ ਪਰਮਜੀਤ ਕੌਰ ਦੇ ਬਿਆਨਾਂ ਦੇ ਆਧਾਰ 'ਤੇ ਦੋਸ਼ੀਆਂ ਖਿਲਾਫ ਮਾਮਲਾ ਦਰਜ ਕਰਕੇ ਜਾਂਚ ਅੱਗੇ ਵਧਾਈ ਜਾ ਰਹੀ ਹੈ।

ਅਧਿਆਪਕਾਂ ਨੂੰ ਪਰਾਲੀ ਨਾ ਸਾੜਨ ਤੋਂ ਰੋਕਣ ਲਈ ਕੱਢੇ ਨੋਟਿਸ ਗੈਰ-ਵਾਜਬ : ਰਾਜੀਵ ਕੁਮਾਰ ਹਾਂਡਾ

ਜ਼ੀਰਾ (ਨਰਿੰਦਰ ਅਨੇਜਾ) ਗੌਰੰਮਿੰਟ ਟੀਚਰਜ਼ ਯੂਨੀਅਨ ਪੰਜਾਬ ਇਕਾਈ ਫਿਰੋਜ਼ਪੁਰ ਦੇ ਪ੍ਰਧਾਨ ਰਾਜੀਵ ਕੁਮਾਰ ਹਾਂਡਾ ਤੇ ਜਨਰਲ ਸਕੱਤਰ ਜਗਸੀਰ ਸਿੰਘ ਗਿੱਲ ਨੇ ਕਿਹਾ ਕਿ ਇੱਕ ਪਾਸੇ ਤਾਂ ਪੰਜਾਬ ਸਰਕਾਰ ਦਾ ਨਾਅਰਾ ਹੈ ਕਿ 'ਸਿੱਖਿਆ ਕ੍ਰਾਂਤੀ ਵੱਲ ਵੱਧਦਾ ਪੰਜਾਬ' ਅਤੇ ਪੰਜਾਬ ਦੇ ਮੁੱਖ-ਮੰਤਰੀ ਤੇ ਸਿੱਖਿਆ ਮੰਤਰੀ ਜੋਰ-ਸ਼ੋਰ ਨਾਲ ਹਰ ਪਾਸੇ ਇਹ ਦਾਅਵਾ ਕਰ ਰਹੇ ਹਨ ਕਿ ਪੰਜਾਬ ਦੇ ਅਧਿਆਪਕਾਂ ਤੋਂ ਗ਼ੈਰ ਵਿੱਦਿਅਕ ਕੰਮ ਨਹੀਂ ਲਏ ਜਾਣਗੇ।ਪਰ ਦੂਸਰੇ ਪਾਸੇ ਫ਼ਿਰੋਜ਼ਪੁਰ ਜ਼ਿਲ੍ਹਾ ਪ੍ਰਸ਼ਾਸਨ ਧੜਾਧੜ ਅਧਿਆਪਕਾਂ ਦੀਆਂ ਡਿਊਟੀਆਂ ਬੀ.ਐੱਲ.ਓ, ਪਰਾਲੀ ਨੂੰ ਨਾ ਸਾੜਨ ਲਈ ਕਿਸਾਨਾਂ ਨੂੰ ਜਾਗਰੂਕ ਕਰਨ ਤੇ ਪਰਾਲੀ ਨੂੰ ਨਾ ਸਾੜਨ ਤੋਂ ਰੋਕਣ ਲਈ ਲਗਾ ਰਿਹਾ ਹੈ।ਸੂਬਾ ਜਥੇਬੰਦਕ ਸਕੱਤਰ ਬਲਵਿੰਦਰ ਸਿੰਘ ਭੁੱਟੋ ਅਤੇ ਜ਼ਿਲ੍ਹਾ ਵਿੱਤ ਸਕੱਤਰ ਬਲਵਿੰਦਰ ਸਿੰਘ ਸੰਧੂ ਨੇ ਕਿਹਾ ਕਿ ਜ਼ੀਰਾ ਦੇ ਐੱਸ.ਡੀ.ਐੱਮ. ਦਫ਼ਤਰ ਵੱਲੋਂ ਅਧਿਆਪਕਾਂ ਨੂੰ ਪਰਾਲੀ ਨਾ ਸਾੜਨ ਤੋਂ ਰੋਕਣ ਲਈ ਨੋਟਿਸ ਕੱਢਣਾ ਅਤਿ-ਨਿੰਦਣਯੋਗ ਵਰਤਾਰਾ ਹੈ ਤੇ ਇਹ ਨੋਟਿਸ ਐੱਸ.ਡੀ.ਐੱਮ. ਦਫ਼ਤਰ ਜ਼ੀਰਾ ਵੱਲੋਂ ਤੁਰੰਤ ਵਾਪਸ ਲਏ ਜਾਣ।ਉਨ੍ਹਾਂ ਕਿਹਾ ਕਿ ਅਧਿਆਪਕਾਂ ਦਾ ਕੰਮ ਬੱਚਿਆਂ ਨੂੰ ਪੜ੍ਹਾਉਣਾ ਹੈ ਨਾ ਕੇ ਖੇਤਾਂ ਵਿੱਚ ਜਾ ਕੇ ਪਰਾਲੀ ਨੂੰ ਅੱਗ ਲਾਉਣ ਤੋਂ ਰੋਕਣਾ।

ਪੰਜਾਬ ਫੋਰੈਸਟ ਪੈਨਸ਼ਨਰ ਐਸੋਸੀਏਸ਼ਨ ਦੇ ਰਣਧੀਰ ਸਿੰਘ ਪ੍ਰਧਾਨ ਬਣੇ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ) ਪੰਜਾਬ ਫੋਰੈਸਟ ਪੈਨਸ਼ਨਰ ਐਸੋਸੀਏਸ਼ਨ ਸ਼ਿਵਾਲਿਕ ਸਰਕਲ ਕਮੇਟੀ ਦੀ ਚੋਣ ਸਬੰਧੀ ਮੀਟਿੰਗ ਲੋਗਹਟ ਰੋਪੜ ਵਿਖੇ ਕੀਤੀ ਗਈ, ਜਿਸ ਦੀ ਅਗਵਾਈ ਮਲਕੀਤ ਸਿੰਘ ਸ੍ਰੀ ਆਨੰਦਪੁਰ ਸਾਹਿਬ ਮੈਂਬਰ ਸੂਬਾ ਕਮੇਟੀ ਨੇ ਕੀਤੀ।ਮਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਪੰਜਾਬ ਫੋਰੈਸਟ ਪੈਨਸ਼ਨਰ ਐਸੋਸੀਏਸ਼ਨ ਨੇ ਦੱਸਿਆ ਕਿ ਮੀਟਿੰਗ ਵਿੱਚ ਹਾਜ਼ਰ ਪੈਨਸ਼ਨਰਜ਼ ਸਾਥੀਆਂ ਨੇ ਵਣ ਪੈਨਸ਼ਨਰਜ਼ ਦੇ ਬਣਦੇ ਸੇਵਾ ਲਾਭ ਸਮੇਂ ਸਿਰ ਦੇਣ ਅਤੇ ਮ੍ਰਿਤਕ ਕ੍ਰਮਚਾਰੀਆਂ ਦੇ ਪਰਿਵਾਰ ਨੂੰ ਨੌਕਰੀਆਂ ਦੇਣ, ਚੱਲਦੀਆਂ ਅਪੀਲਾਂ ਅਤੇ ਕੇਸਾਂ ਦਾ ਨਿਪਟਾਰਾ ਰਿਕਾਰਡ ਦੇ ਅਧਾਰ ਤੇ ਸਮਾਂਬੱਧ ਕਰਨ ਆਦਿ ਮਸਲਿਆਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਸਰਬ ਸੰਮਤੀ ਨਾਲ ਸ਼ਿਵਾਲਿਕ ਸਰਕਲ ਕਮੇਟੀ ਦੀ ਚੋਣ ਕਰਦਿਆਂ ਰਣਧੀਰ ਸਿੰਘ ਨੂੰ ਪ੍ਰਧਾਨ ਚੁਣਿਆ ਗਿਆ, ਜਦਕਿ ਮਨੋਜ ਕੁਮਾਰ ਸੀਨੀਅਰ ਮੀਤ ਪ੍ਰਧਾਨ, ਰਵਿੰਦਰ ਸਿੰਘ ਸੋਢੀ ਉਪ ਪ੍ਰਧਾਨ, ਸਤਵੰਤ ਸਿੰਘ ਜਨਰਲ ਸਕੱਤਰ, ਭੁਪਿੰਦਰ ਸਿੰਘ ਵਿੱਤ ਸਕੱਤਰ, ਅਨਿਲ ਕੁਮਾਰ ਸਰਪ੍ਰਸਤ ਅਤੇ ਮਨਜੀਤ ਸਿੰਘ ਕਾਨੂੰਨੀ ਸਲਾਹਕਾਰ ਚੁਣੇ ਗਏ।ਇਸ ਸਮੇਂ ਰਣਧੀਰ ਸਿੰਘ ਸਰਕਲ ਸ਼ਿਵਾਲਿਕ ਸਰਕਲ ਕਮੇਟੀ ਦੇ ਪ੍ਰਧਾਨ ਨੇ ਸਮੂਹ ਹਾਜਰ ਸਾਥੀਆਂ ਦਾ ਨਵੀਂ ਕਮੇਟੀ ਵੱਲੋ ਧੰਨਵਾਦ ਕੀਤਾ ਤੇ ਵਿਸ਼ਵਾਸ ਦਿਵਾਇਆ ਕਿ ਵਣ ਪੈਨਸ਼ਨਰਜ਼ ਦੇ ਮਸਲੇ ਹਲ ਕਰਾਉਣ ਲਈ ਕੋਈ ਕਸਰ ਨਹੀਂ ਛੱਡੀ ਜਾਵੇਗੀ।ਉਨ੍ਹਾਂ ਇਹ ਵੀ ਕਿਹਾ ਕਿ ਸਾਂਝੇ ਫਰੰਟ ਵੱਲੋਂ ਕੀਤੇ ਜਾ ਰਹੇ ਸੰਘਰਸ਼ਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲਿਆ ਜਾਵੇਗਾ।

ਕਰਾਟੇ ਪ੍ਰਤੀਯੋਗਤਾ 'ਚ ਸਟੈਨਫ਼ੋਰਡ ਸਕੂਲ ਦੇ ਖਿਡਾਰੀਆਂ ਨੇ ਲਹਿਰਾਇਆ ਜਿੱਤ ਦਾ ਝੰਡਾ

ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ) ਸਟੈਨਫ਼ੋਰਡ ਇੰਟਰਨੈਸ਼ਨਲ ਸਕੂਲ ਚੰਨਣਵਾਲ ਦੇ ਵਿਦਿਆਰਥੀਆਂ ਨੇ 68 ਵੀਂ ਜ਼ਿਲ੍ਹਾ ਪੱਧਰੀ ਕਰਾਟੇ ਮੁਕਾਬਲੇ ਪ੍ਰਤੀਯੋਗਤਾ ਵਿੱਚ ਗੋਲਡ ਮੈਡਲ ਜਿੱਤ ਕੇ ਆਪਣੇ ਮਾਤਾ-ਪਿਤਾ ਤੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਕਰਾਟੇ ਕੋਚ ਗੋਬਿੰਦ ਸਿੰਘ ਨੇ ਦੱਸਿਆ ਕਿ ਸ਼ਾਨਦਾਰ ਪ੍ਰਦਰਸ਼ਨ ਸਦਕਾ ਵਿਦਿਆਰਥਣ ਨੂਰਪ੍ਰੀਤ ਕੌਰ, ਖੁਸ਼ਪਿੰਦਰ ਕੌਰ ਨੇ ਗੋਲਡ ਮੈਡਲ ਅਤੇ ਜੈਸਮੀਨ ਕੌਰ ਨੇ ਸਿਲਵਰ ਮੈਡਲ ਪ੍ਰਾਪਤ ਕਰਕੇ ਮਾਣ ਸਨਮਾਨ ਹਾਸਲ ਕੀਤਾ ਹੈ।ਇਸ ਮੌਕੇ ਡਾ. ਤਪਿੰਦਰ ਸਿੰਘ ਗਰੇਵਾਲ ਅਤੇ ਪ੍ਰਿੰਸੀਪਲ ਪ੍ਰਦੀਪ ਕੌਰ ਗਰੇਵਾਲ ਨੇ ਜੇਤੂਆਂ ਨੂੰ ਸ਼ੁਭਕਾਮਨਾਵਾਂ ਭੇਟ ਕੀਤੀਆਂ।ਪ੍ਰਿੰਸੀਪਲ ਪ੍ਰਦੀਪ ਕੌਰ ਗਰੇਵਾਲ ਨੇ ਦੱਸਿਆ ਕਿ ਇਸ ਸਕੂਲ ਦੇ ਖਿਡਾਰੀਆਂ ਦਾ ਪ੍ਰਦਰਸ਼ਨ ਕਰਾਟੇ ਪ੍ਰਤੀਯੋਗਤਾ ਵਿੱਚ ਹਮੇਸ਼ਾ ਹੀ ਸ਼ਾਨਦਾਰ ਰਿਹਾ ਹੈ।

ਸੈਂਟਰ ਆਰਮਡ ਫੋਰਸ ਦੇ ਲਿਖਤੀ ਪੇਪਰ ਤੇ ਪੰਜਾਬ ਪੁਲਸ ਦੀ ਫ਼ਿਜ਼ੀਕਲ ਦੀ ਤਿਆਰੀ ਸ਼ੁਰੂ

ਮਾਨਸਾ, (ਆਤਮਾ ਸਿੰਘ ਪਮਾਰ) ਟ੍ਰੇਨਿੰਗ ਅਧਿਕਾਰੀ ਸੀ-ਪਾਈਟ ਕੈਂਪ ਬੋੜਾਵਾਲ (ਮਾਨਸਾ) ਕੈਪਟਨ ਲਖਵਿੰਦਰ ਸਿੰਘ ਨੇ ਦੱਸਿਆ ਕਿ ਭਾਰਤ ਸਰਕਾਰ ਦੁਆਰਾ ਸੈਂਟਰ ਆਰਮਡ ਫੋਰਸ (ਐਸ.ਐਸ.ਸੀ. ਜੀ.ਡੀ.) ਵੱਲੋਂ 39481 ਪੋਸਟਾਂ ਲੜਕੇ ਤੇ ਲੜਕੀਆਂ ਲਈ ਕੱਢੀਆਂ ਹੋਈਆਂ ਹਨ। ਇਨ੍ਹਾਂ ਪੋਸਟਾਂ ਦਾ ਆਨਲਾਈਨ ਅਪਲਾਈ ਕਰਨ ਦਾ ਪ੍ਰੋਸੈੱਸ ਪੂਰਾ ਹੋ ਚੁੱਕਾ ਹੈ ਤੇ ਇਨ੍ਹਾਂ ਪੋਸਟਾਂ ਲਈ ਲਿਖਤੀ ਪੇਪਰ ਜਨਵਰੀ 2025 ਦੇ ਪਹਿਲੇ ਹਫ਼ਤੇ ਹੋਣ ਦੀ ਸੰਭਾਵਨਾ ਹੈ।ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਜਿਹੜੇ ਨੌਜਵਾਨ ਪੰਜਾਬ ਪੁਲਸ ਦਾ ਲਿਖਤੀ ਪੇਪਰ ਦੇ ਚੁੱਕੇ ਹਨ ਤੇ ਫ਼ਿਜ਼ੀਕਲ ਟੈੱਸਟ ਦੀ ਤਿਆਰੀ ਕਰਨਾ ਚਾਹੁੰਦੇ ਹਨ।ਇਨ੍ਹਾਂ ਦੋਨੋਂ ਫੋਰਸਿਸ ਦੀ ਤਿਆਰੀ ਵਾਸਤੇ ਨਵਾਂ ਬੈਚ ਕੈਂਪ ਬੋੜਾਵਾਲ ਵਿਖੇ ਸ਼ੁਰੂ ਹੋ ਚੁੱਕਾ ਹੈ।

ਉਨ੍ਹਾਂ ਦੱਸਿਆ ਕਿ ਡਿਜ਼ੀਟਲ ਕਲਾਸ ਰੂਮ, ਤਰਜ਼ਬੇਕਾਰ ਅਧਿਆਪਕ, ਵਧੀਆ ਮੈਦਾਨ, ਤਜਰਬੇਕਾਰ ਪੀ.ਟੀ.ਆਈ, ਰਹਿਣ ਵਾਸਤੇ ਵਧੀਆ ਹੋਸਟਲ, ਵਧੀਆ ਖਾਣਾ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮੁਫ਼ਤ ਦਿੱਤਾ ਜਾਵੇਗਾ।ਇਹ ਕੈਂਪ ਪੰਜਾਬ ਸਰਕਾਰ ਦਾ ਅਦਾਰਾ ਹੋਣ ਕਾਰਨ ਇਥੇ ਕਿਸੇ ਪ੍ਰਕਾਰ ਦੀ ਕੋਈ ਫ਼ੀਸ ਨਹੀਂ ਲਈ ਜਾਂਦੀ।

District Level Micro Small Enterprises Facilitation Counsil Notice

(U/O 5 rule 20 cpc)
In the Court of
Sakshi Sahney
(DLMSEFC cum Deputy Commissioner Amritsar)

M/s Vahoo Industries Pvt. Ltd,
23, Mirakot, Ajnala Road,
Village Kamboj, Amritsar
vs
M/s Shree Bhagwati Textiles,
Shop No. 108, RK Goenka Market,
Moti Bazar, Katra Ahluwalia, Amritsar
Online application no. and date
UDYAM-PB-01-0002927/S/00009
Date 13-04-2024

Application has been filed u/s section 18 MSME Act 2006 in DLMSEFC by M/s Vahoo Industries Pvt. Ltd, Publication issued to:
M/s Shree Bhagwati Textiles,
Address :
Shop No. 108, RK Goenka Market,
Moti Bazar, Katra Ahluwalia, Amritsar.

In the above title case, the defendants/ respondent(s) could not be served. It is ordered that defendant(s)/ respondent(s) should appear in person or through council on 20/11/2024 at 12.00 PM. This is last opportunity to appear before the council otherwise the case will be exparte.
Dated this day of 23/10/2024

Member Secretary cum General Manager, (DLMSEFC) District Industries Centre, Focal Point, Amritsar.

ਭਾਰਤੀ ਕਮਿਊਨਿਸਟ ਪਾਰਟੀ ਵੱਲੋਂ 29 ਦੀ ਜ਼ੋਨਲ ਰੈਲੀ ਦਾ ਪੋਸਟਰ ਕੀਤਾ ਜਾਰੀ

ਸੰਗਰੂਰ (ਪ੍ਰਵੀਨ ਸਿੰਘ) ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਸੰਗਰੂਰ ਵੱਲੋਂ 29 ਨਵੰਬਰ ਦੀ ਸੰਗਰੂਰ ਵਿਖੇ ਹੋ ਰਹੀ ਜੋਨਲ ਰੈਲੀ ਦਾ ਪੋਸਟਰ ਜਾਰੀ ਕਰਦਿਆਂ ਜ਼ਿਲ੍ਹਾ ਸਕੱਤਰ ਸੁਖਦੇਵ ਸ਼ਰਮਾ ਅਤੇ ਨਿਰਮਲ ਸਿੰਘ ਬਟੜਿਆਣਾ ਤੇ ਭਰਪੂਰ ਸਿੰਘ ਬੁੱਲਾਪੁਰ ਮੀਤ ਸਕੱਤਰ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਕਿ ਵਰਕਰਾਂ ਮੈਂਬਰਾਂ ਹਮਦਰਦਾਂ ਤੱਕ ਪਹੁੰਚ ਕਰਨ ਲਈ ਸਾਰੇ ਕਿਰਤੀ ਅਦਾਰਿਆਂ ਦੀਆਂ ਮੰਗਾਂ ਦਾ ਪੋਸਟਰ ਜਾਰੀ ਕੀਤਾ ਗਿਆ।ਇਹ ਜ਼ੋਨਲ ਰੈਲੀ ਦੀ ਤਿਆਰੀ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ। ਸਾਥੀਆਂ ਨੇ ਅੱਗੇ ਕਿਹਾ ਕਿ ਸਾਰੇ ਜ਼ਿਲ੍ਹੇ ਵਿੱਚ ਮੰਗਾਂ ਦੇ ਮਾਟੋ ਲਾਏ ਜਾਣਗੇ ਅਤੇ ਰੈਲੀ ਦੇ ਖਰਚਿਆਂ ਤੇ ਵਹੀਕਲਾਂ ਦੇ ਪ੍ਰਬੰਧ ਲਈ ਫੰਡ ਕਲੈਕਸ਼ਨ ਕੀਤੀ ਜਾਏਗੀ।

7-Nov-PAGE-8.qxd 11/6/2024 10:44 PM Page 1

ਸੁੱਖੇ ਮਾਜਰਾ ਮੰਡੀ 'ਚ ਪੰਦਰਾਂ ਦਿਨਾਂ ਤੋਂ ਨਹੀਂ ਹੋਈ ਲਿਫਟਿੰਗ

ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ) ਇਕ ਪਾਸੇ ਪੰਜਾਬ ਸਰਕਾਰ ਦੇ ਨੁਮਾਇੰਦਿਆਂ ਅਤੇ ਜਿਲ੍ਹਾ ਪ੍ਰਸ਼ਾਸ਼ਨ ਦੇ ਅਧਿਕਰੀਆ ਵੱਲੋਂ ਮੰਡੀਆਂ 'ਚ ਲਿਫਟਿੰਗ ਵਿੱਚ ਤੇਜੀ ਲਿਆਉਣ ਦੀ ਗੱਲ ਰੱਖੀ ਜਾ ਰਹੀ ਹੈ, ਦੂਜੀ ਤਰਫ ਨੂਰਪੁਰਬੇਦੀ ਖੇਤਰ ਦੀਆਂ ਕੁਝ ਮੰਡੀਆਂ 'ਚ ਦੋ ਹਫਤਿਆਂ ਤੋਂ ਲਿਫਟਿੰਗ ਨਾ ਕੀਤੇ ਜਾਣ 'ਤੇ ਖੁੱਲ੍ਹੇ ਅਸਮਾਨ ਹੇਠ ਜਮਾਂ ਹੋਈਆ ਹਜ਼ਾਰਾ ਝੋਨੇ ਦੀਆਂ ਬੋਰੀਆਂ ਨੂੰ ਦੇਖ ਕੇ ਉਕਤ ਸਰਕਾਰੀ ਦਾਅਵੇ ਠੁੱਸ ਜਾਪ ਰਹੇ ਹਨ। ਇਸ ਸਥਿਤੀ ਦੇ ਚੱਲਦਿਆਂ ਆੜ੍ਹਤੀਆਂ ਨੇ ਹੋਰ ਫਸਲ ਖਰੀਦਣ ਤੋਂ ਇਨਕਾਰ ਕਰ ਦਿੱਤਾ ਹੈ। ਆੜ੍ਹਤੀਆਂ ਤੋਂ ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਨੂਰਪੁਰਬੇਦੀ ਖੇਤਰ ਦੀ ਸੁੱਖੇ ਮਾਜਰਾ ਵਿਖੇ ਮੰਡੀ 'ਚ ਹੁਣ ਤੱਕ ਤਕਰੀਬਨ 54898 ਹਜ਼ਾਰ ਬੋਰੀਆਂ ਝੋਨੇ ਦੀ ਖਰੀਦ ਕੀਤੀ ਗਈ ਹੈ, ਜਿਸ 'ਚੋਂ ਕਰੀਬ 5333 ਬੋਰੀਆਂ ਜੋਂ ਕੇ ਉਕਤ ਖਰੀਦ ਕੀਤੀ ਗਈ ਫਸਲ ਦਾ ਕੇਵਲ 9.5 ਫੀਸਦੀ ਬਣਦਾ ਹੈ ਜਿਸ ਦੀ ਲਿਫਟਿੰਗ ਜਦ ਕਿ ਕਰੀਬ 50 ਹਜ਼ਾਰ ਬੋਰੀਆਂ ਉਕਤ ਮੰਡੀ 'ਚ ਖੁੱਲ੍ਹੇ ਅਸਮਾਨ ਹੇਠ ਰੁੱਲ ਰਹੀਆ ਹਨ। ਇਸ ਤੋਂ ਇਲਾਵਾ ਮੰਡੀ 'ਚ ਕਰੀਬ 15 ਹਜ਼ਾਰ ਬੋਰੀਆਂ ਦੇ ਮਾਲ ਦੀਆਂ ਢੇਰੀਆਂ ਲੱਗੀਆਂ ਹੋਈਆਂ ਹਨ। ਇਸ ਸਬੰਧੀ ਆੜ੍ਹਤੀਆਂ ਨੇ ਫਸਲ ਦੀ ਖਰੀਦ ਤੋਂ ਕਿਨਾਰਾ ਕਰਦਿਆਂ ਕਿਹਾ ਕਿ ਜਦੋਂ ਤੱਕ ਮੰਡੀ ਵਿੱਚ ਪਹਿਲਾਂ ਤੋਂ ਹੀ ਪਈ ਫਸਲ ਦੇ ਸਟਾਕ ਦੀ ਲਿਫਟਿੰਗ ਨਹੀਂ ਹੁੰਦੀ ਉਹ ਹੋਰ ਅਨਾਜ ਨਹੀਂ ਖਰੀਦਣਗੇ। ਆੜ੍ਹਤੀਆਂ ਨੇ ਦੱਸਿਆ ਕਿ ਉਕਤ ਮੰਡੀ 'ਚ ਆਖਰੀ ਵਾਰ ਪੰਦਰਾਂ ਦਿਨ ਪਹਿਲਾਂ 22 ਅਕਤੂਬਰ ਨੂੰ ਲਿਫਟਿੰਗ ਹੋਈ ਸੀ ਜਦਕਿ ਦੋ ਹਫਤਿਆਂ ਤੋਂ ਲਿਫਟਿੰਗ ਬੰਦ ਪਈ ਹੋਈ ਹੈ।

ਇਸੀ ਤਰ੍ਹਾਂ 138 ਪਿੰਡਾਂ ਦੇ ਕੇਂਦਰ ਬਿੰਦੂ ਨੂਰਪੁਰਬੇਦੀ ਦੀ ਅਨਾਜ ਮੰਡੀ 'ਚ ਵੀ ਪੰਦਰਾਂ ਹਜ਼ਾਰ ਤੋਂ ਵੱਧ ਬੋਰੀਆਂ ਲਿਫਟਿੰਗ ਦੀ ਉਡੀਕ 'ਚ ਹਨ। ਆੜ੍ਹਤੀਆਂ ਨੇ ਦੱਸਿਆ ਕਿ ਹੁਣ ਤੱਕ ਉਕਤ ਮੰਡੀ 'ਚ 20 ਹਜ਼ਾਰ 620 ਬੋਰੀਆਂ ਝੋਨੇ ਦੀ ਖਰੀਦ ਹੋਈ ਹੈ ਅਤੇ ਇਸ 'ਚ 5 ਹਜ਼ਾਰ 430 ਬੋਰੀਆਂ ਦੀ ਲਿਫਟਿੰਗ ਹੋਣ ਦੇ ਚੱਲਦਿਆਂ ਮੰਡੀ 'ਚ ਅਜੇ ਤੱਕ ਪੰਦਰਾਂ ਹਜ਼ਾਰ ਤੋਂ ਵੱਧ ਬੋਰੀਆਂ ਲਿਫਟਿੰਗ ਦੀ ਉਡੀਕ 'ਚ ਹਨ। ਆੜ੍ਹਤੀ ਮਦਨ ਲਾਲ ਚੱਢਾ, ਸੁਰਿੰਦਰ ਪਾਲ ਸਿੰਘ ਬੱਬੀ, ਸਮੀਰ ਕੁਮਾਰ, ਗੁਰਨੈਬ ਸਿੰਘ, ਸੌਰਵ ਕੁਮਾਰ, ਸੁਰਿੰਦਰ ਪਾਲ, ਸਾਹਿਲ ਅਤੇ ਜਸਵਿੰਦਰ ਸਿੰਘ ਸਾਹਿਤ ਕਿਸਾਨਾਂ ਨੇ ਗੁੱਸਾ ਜਹਿਰ ਕਰਦਿਆਂ ਕਿਹਾ ਕਿ ਕੋਈ ਵੀ ਸਰਕਾਰੀ ਨੁਮਾਇੰਦਾ ਅਤੇ ਪ੍ਰਸ਼ਾਸ਼ਨ ਅਧਿਕਾਰੀ ਉਕਤ ਦੋਵਾਂ ਮੰਡੀਆਂ ਦੀ ਸਾਰ ਨਹੀਂ ਲੈ ਰਿਹਾ ਹੈ।

ਇਸ ਸਬੰਧ 'ਚ ਪੰਜਾਬ ਮੋਰਚਾ ਦੇ ਕਨਵੀਨਰ ਗੌਰਵ ਰਾਣਾ ਨੇ ਆਖਿਆ ਕਿ ਕੁਝ ਮੰਡੀਆਂ ਨੂੰ ਜਰੂਰਤ ਤੋਂ ਵੱਧ ਰਿਲੀਜ ਆਰਡਰ ਭੇਜ ਕੇ ਲਿਫਟਿੰਗ ਕਰਵਾਈ ਜਾ ਰਹੀ ਹੈ ਜਦਕਿ ਕੁਝ ਮੰਡੀਆਂ 'ਚ ਕੰਮ ਠੱਪ ਰੱਖਿਆ ਜਾ ਰਿਹਾ ਹੈ ਜਿਸ ਕਾਰਨ ਕਿਸਾਨ ਮਜ਼ਦੂਰ ਅਤੇ ਆੜ੍ਹਤੀ ਪ੍ਰਭਾਵਿਤ ਹੋ ਰਹੇ ਹਨ।

ਗਦਰੀ ਬਾਬਿਆਂ ਦੇ ਮੇਲੇ ਕਾਰਨ ਝੰਡਾ ਮਾਰਚ ਦੀਆਂ ਤਰੀਕਾਂ ਬਦਲੀਆਂ

ਜਲੰਧਰ: (ਰਾਜੇਸ਼ ਬਾਬਾ) ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੀ ਮੀਟਿੰਗ ਸਾਥੀ ਸੁਰਿੰਦਰ ਰਾਮ ਕੁੱਸਾ ਦੀ ਪ੍ਰਧਾਨਗੀ ਹੇਠ ਹੋਈ। ਸਾਂਝੇ ਫਰੰਟ ਦੇ ਆਗੂਆਂ ਸਤੀਸ਼ ਰਾਣਾ, ਜਰਮਨਜੀਤ ਸਿੰਘ, ਰਤਨ ਸਿੰਘ ਮਜਾਰੀ, ਸਵਿੰਦਰ ਪਾਲ ਸਿੰਘ ਮੋਲੋਵਲੀ, ਗੁਰਪ੍ਰੀਤ ਸਿੰਘ ਗੰਡੀਵਿੰਡ, ਕਰਮ ਸਿੰਘ ਧਨੋਆ, ਗਗਨਦੀਪ ਸਿੰਘ ਭੁੱਲਰ, ਬਾਜ ਸਿੰਘ ਖਹਿਰਾ, ਸੁਖਦੇਵ ਸਿੰਘ ਸੈਣੀ , ਸੁਰਿੰਦਰ ਕੁਮਾਰ ਪੁਆਰੀ, ਬੀਐਸ ਸੈਣੀ ਰਾਧੇ ਸ਼ਾਮ,ਜਸਵੀਰ ਸਿੰਘ ਤਲਵਾੜਾ,ਪ੍ਰੇਮ ਚਾਵਲਾ, ਬੋਬਿੰਦਰ ਸਿੰਘ, ਕਰਮਜੀਤ ਸਿੰਘ ਬੀਹਲਾ ਅਤੇ ਦਿਗਵਿਜੇ ਪਾਲ ਸ਼ਰਮਾ ਨੇ ਦੱਸਿਆ ਕਿ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਚਿਰਾਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਕੀਤੇ ਜਾਣ ਵਾਲੇ ਝੰਡਾ ਮਾਰਚ ਮਿਤੀ 7 ਨਵੰਬਰ ਤੋਂ 9 ਨਵੰਬਰ ਤੱਕ ਮੇਲਾ ਗਦਰੀ ਬਾਬਿਆਂ ਦਾ ਹੋਣ ਕਰਕੇ ਅਤੇ ਪੰਜਾਬ ਅੰਦਰ ਚਾਰ ਵਿਧਾਨ ਸਭਾ ਹਲਕਿਆਂ ਅੰਦਰ ਜ਼ਿਮਨੀ ਚੋਣਾਂ ਦੀ ਤਾਰੀਖ ਅੱਗੇ ਪਾਏ ਜਾਣ ਕਰਕੇ ਸਾਂਝਾ ਫਰੰਟ ਵੱਲੋਂ ਗਿੱਦੜਬਾਹਾ ਅਤੇ ਡੇਰਾ ਬਾਬਾ ਨਾਨਕ ਵਿਧਾਨ ਸਭਾ ਹਲਕੇ ਅੰਦਰ ਕੀਤੇ ਜਾਣ ਵਾਲੇ ਝੰਡਾ ਮਾਰਚ ਦੀਆਂ ਤਰੀਕਾਂ ਵਿੱਚ ਤਬਦੀਲੀ ਕੀਤੀ ਗਈ ਹੈ, ਜਿਸ ਅਨੁਸਾਰ ਹੁਣ 7 ਨਵੰਬਰ ਨੂੰ ਹਲਕਾ ਗਿੱਦੜਬਾਹਾ ਵਿਖੇ ਹੋਣ ਵਾਲਾ ਝੰਡਾ ਮਾਰਚ 17 ਨਵੰਬਰ (ਐਤਵਾਰ) ਨੂੰ ਹੋਵੇਗਾ, 9 ਨਵੰਬਰ ਨੂੰ ਹਲਕਾ ਡੇਰਾ ਬਾਬਾ ਨਾਨਕ ਵਿਖੇ ਹੋਣ ਵਾਲਾ ਝੰਡਾ ਮਾਰਚ ਵੀ ਹੁਣ 17 ਨਵੰਬਰ (ਐਤਵਾਰ) ਨੂੰ ਹੋਵੇਗਾ ਅਤੇ 10 ਨਵੰਬਰ ਨੂੰ ਹਲਕਾ ਬਰਨਾਲਾ ਵਿਖੇ ਕੀਤਾ ਜਾਣ ਵਾਲਾ ਝੰਡਾ ਮਾਰਚ 10 ਨਵੰਬਰ (ਐਤਵਾਰ) ਨੂੰ ਹੀ ਕੀਤਾ ਜਾਵੇਗਾ। ਇਸ ਮੌਕੇ ਮੀਟਿੰਗ ਵਿੱਚ ਉਕਤਾ ਆਗੂਆਂ ਤੋਂ ਇਲਾਵਾ ਸਾਂਝਾ ਫਰੰਟ ਦੇ ਆਗੂ ਧਨਵੰਤ ਸਿੰਘ ਭੱਠਲ , ਤੀਰਥ ਸਿੰਘ ਬਾਸੀ, ਗੁਰਦੀਪ ਸਿੰਘ ਬਾਜਵਾ ਆਦਿ ਆਗੂ ਵੀ ਹਾਜ਼ਰ ਸਨ।

ਆਪਣੇ ਤੇ ਆਪਣੇ ਬੱਚਿਆਂ ਦੇ ਆਧਾਰ ਅਪਡੇਟ ਕਰਵਾਓ : ਡਿਪਟੀ ਕਮਿਸ਼ਨਰ

ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਇਕਬਾਲ ਸਿੰਘ ਉੱਭੀ) ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਜਾਰੀ ਕੀਤਾ ਜਾਣ ਵਾਲਾ 'ਆਧਾਰ' ਇਕ ਮਹੱਤਵਪੂਰਨ ਪਛਾਣ ਪੱਤਰ ਹੈ, ਜੋ ਨਾਗਰਿਕਾਂ ਨੂੰ ਵੱਖ-ਵੱਖ ਲਾਭ ਪ੍ਰਦਾਨ ਕਰਦਾ ਹੈ। ਕਿਸੇ ਵੀ ਸਰਕਾਰੀ ਸੇਵਾ ਲਈ ਅਪਲਾਈ ਕਰਦੇ ਸਮੇਂ ਆਧਾਰ ਕਾਰਡ ਨੂੰ ਪਛਾਣ, ਪਤੇ ਅਤੇ ਉਮਰ ਦੇ ਸਬੂਤ ਵਜੋਂ ਵਰਤਿਆ ਜਾ ਸਕਦਾ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਲੰਧਰ ਜ਼ਿਲ੍ਹੇ 'ਚ ਜਿਨ੍ਹਾਂ 5 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਦੇ ਆਧਾਰ ਕਾਰਡ ਨਹੀਂ ਬਣੇ ਹਨ, ਉਨ੍ਹਾਂ ਦੇ ਮਾਪੇ ਨਜ਼ਦੀਕੀ ਸੇਵਾ ਕੇਂਦਰ 'ਚ ਜਾ ਕੇ ਬੱਚਿਆਂ ਦੇ ਆਧਾਰ ਕਾਰਡ ਬਣਵਾਉਣ। ਇਸ ਤੋਂ ਇਲਾਵਾ ਜਿਨ੍ਹਾਂ 5 ਤੋਂ 15 ਸਾਲ ਦੀ ਉਮਰ ਦੇ ਬੱਚਿਆਂ ਦਾ ਬਾਇਓਮੀਟ੍ਰਿਕ ਅਪਡੇਟ ਬਕਾਇਆ ਹੈ, ਉਹ ਵੀ ਕਰਵਾਇਆ ਜਾਵੇ। ਉਨ੍ਹਾਂ ਇਹ ਵੀ ਦੱਸਿਆ ਕਿ ਜ਼ਿਲ੍ਹੇ ਦੇ ਵੱਡੀ ਗਿਣਤੀ ਨਾਗਰਿਕਾਂ ਦੇ ਮੋਬਾਇਲ ਨੰਬਰ ਆਧਾਰ ਕਾਰਡ ਨਾਲ ਲਿੰਕ ਨਹੀਂ ਹਨ ਅਤੇ ਬਾਇਓਮੀਟ੍ਰਿਕ ਅੱਪਡੇਟ ਨਹੀਂ ਹਨ, ਜਿਸ ਕਾਰਨ ਉਨ੍ਹਾਂ ਨੂੰ ਸੇਵਾਵਾਂ ਲੈਣ 'ਚ ਦਿੱਕਤ ਦਾ ਸਾਹਮਣਾ ਕਰਨਾ ਪੈਂਦਾ ਹੈ। ਡਾ. ਅਗਰਵਾਲ ਨੇ ਜ਼ਿਲ੍ਹੇ ਦੇ ਸਮੂਹ ਨਾਗਰਿਕਾਂ ਨੂੰ ਆਪਣੇ ਨਜਦੀਕੀ ਸੇਵਾ ਕੇਂਦਰ ਵਿੱਚ ਜਾ ਕੇ ਆਪਣਾ ਅਤੇ ਆਪਣੇ ਬੱਚਿਆਂ ਦਾ ਆਧਾਰ ਕਾਰਡ ਅੱਪਡੇਟ ਕਰਵਾਉਣ ਦੀ ਅਪੀਲ ਕੀਤੀ।

ਪਹਿਲੇ ਹੀ ਦਿਨ ਕੀਰਤਨ 'ਚ ਵੱਡੀ ਗਿਣਤੀ 'ਚ ਸ਼ਾਮਲ ਹੋਈਆਂ ਸੰਗਤਾਂ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ) ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਨਵਾਂਸ਼ਹਿਰ ਵਲੋਂ ਜੇ ਐਸ ਐਫ ਐਚ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਨਵਾਂਸ਼ਹਿਰ ਦੀ ਗਰਾਊਂਡ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 555 ਸਾਲਾ ਪ੍ਰਕਾਸ਼ ਪੁਰਬ ਦੇ ਸਬੰਧ 'ਚ ਤਿੰਨ ਰੋਜ਼ਾ ਜ਼ਿਲ੍ਹਾ ਪੱਧਰੀ ਮਹਾਨ ਗੁਰਮਤਿ ਸਮਾਗਮ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਰੰਭ ਹੋਇਆ।ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਗੁਰਦੁਆਰਾ ਗੁਰੂ ਅੰਗਦ ਨਗਰ ਤੋਂ ਸਜੀ ਹੋਈ ਪਾਲਕੀ 'ਚ ਨਗਰ ਕੀਰਤਨ ਦੇ ਰੂਪ 'ਚ ਪੰਡਾਲ 'ਚ ਲਿਆਂਦੇ ਗਏ। ਗੁਰੂ ਕੀਆਂ ਲਾਡਲੀਆਂ ਫੌਜਾਂ, ਗਤਕਾ ਪਾਰਟੀਆਂ, ਕੀਰਤਨ ਜੱਥਿਆਂ ਅਤੇ ਵੱਡੀ ਗਿਣਤੀ 'ਚ ਸੰਗਤਾਂ ਇਸ ਨਗਰ ਕੀਰਤਨ ਵਿਚ ਸ਼ਾਮਲ ਸਨ।ਸਮਾਗਮ ਦੀ ਅਰੰਭਤਾ ਭਾਈ ਜਸਪਾਲ ਸਿੰਘ ਵਲੋਂ ਰਹਿਰਾਸ ਸਾਹਿਬ ਜੀ ਦੇ ਪਾਠ ਨਾਲ ਕੀਤੀ ਗਈ।ਇਸ ਉਪਰੰਤ ਭਾਈ ਜੋਗਾ ਸਿੰਘ ਢਾਹਾਂ ਵਾਲਿਆਂ ਅਤੇ ਭਾਈ ਉਂਕਾਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਲੋਂ ਅੰਮ੍ਰਿਤਮਈ ਬਾਣੀ ਦਾ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ।

ਲੜਕੀਆਂ ਲਈ ਮੁਫ਼ਤ ਡਰਾਈਵਿੰਗ ਕਲਾਸਾਂ ਦੀ ਸ਼ੁਰੂਆਤ

ਹੁਸ਼ਿਆਰਪੁਰ, (ਬਲਬੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)-'ਬੇਟੀ ਬਚਾਓ, ਬੇਟੀ ਪੜ੍ਹਾਓ' ਮੁਹਿੰਮ ਤਹਿਤ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਡਰਾਈਵਿੰਗ ਕਾਰ ਨੂੰ ਹਰੀ ਝੰਡੀ ਦੇ ਕੇ ਲੋੜਵੰਦ ਲੜਕੀਆਂ ਲਈ ਮੁਫ਼ਤ ਡਰਾਈਵਿੰਗ ਕਲਾਸਾਂ ਦੀ ਸ਼ੁਰੂਆਤ ਕਰਵਾਈ। ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਕਿਹਾ ਕਿ ਇਨ੍ਹਾਂ ਫਰੀ ਡਰਾਈਵਿੰਗ ਕਲਾਸਾਂ ਦਾ ਉਦੇਸ਼ ਲੜਕੀਆਂ ਨੂੰ ਹੋਰ ਸਸ਼ਕਤ ਕਰਨਾ ਹੈ ਤਾਂ ਜੋ ਉਹ ਆਪਣੇ ਪੈਰੀਂ ਹੋ ਕੇ ਆਤਮਨਿਰਭਰ ਬਣ ਸਕਣ ।ਉਨ੍ਹਾਂ ਦੱਸਿਆ ਕਿ ਇਸ ਵਿੱਤੀ ਸਾਲ ਵਿਚ ਕੁੱਲ 120 ਲੜਕੀਆ ਨੂੰ ਤਿੰਨ ਸਮੂਹਾਂ ਵਿਚ ਡਰਾਈਵਿੰਗ ਦੀ ਸਿਖਲਾਈ ਦਿੱਤੀ ਜਾਵੇਗੀ, ਜਿਸ ਵਿਚ ਪਹਿਲੇ ਦੋ ਗਰੁੱਪਾਂ ਵਿਚ 45-45 ਲੜਕੀਆਂ ਹੋਣਗੀਆਂ ਅਤੇ ਤੀਜੇ ਗਰੁੱਪ ਵਿਚ 30 ਲੜਕੀਆਂ ਸ਼ਾਮਲ ਹੋਣਗੀਆਂ। ਉਨ੍ਹਾਂ ਨੇ ਸਿਖਲਾਈ ਪ੍ਰਾਪਤ ਕਰਨ ਵਾਲੀਆਂ ਲੜਕੀਆ ਨੂੰ ਸੱਦਾ ਦਿੱਤਾ ਕਿ ਉਹ ਇਸ ਸਹੂਲਤ ਦਾ ਪੂਰਾ ਲਾਭ ਹਾਸਲ ਕਰਦਿਆਂ ਹੋਰ ਸਮਰੱਥ ਹੋ ਸਕਣ।

ਪ੍ਰਭ ਆਸਰਾ ਦੇ ਬੱਚਿਆਂ ਨੇ ਸਾਫ਼ ਕੀਤਾ ਪਟਾਖਿਆਂ ਦੀਆਂ ਸਟਾਲਾਂ ਦੁਆਰਾ ਖਿਲਾਰਿਆ ਕੂੜ-ਕਬਾੜ

ਕੁਰਾਲ਼ੀ: (ਮੋਹਨ ਅੱਗਰਵਾਲ) ਵੱਖੋ-ਵੱਖ ਵਿਸ਼ੇਸ਼ਤਾਵਾਂ ਕਾਰਨ ਜਾਣੇ ਜਾਂਦੇ ਸ਼ਹਿਰਾਂ ਵਿੱਚ ਕੁਰਾਲ਼ੀ ਸ਼ਹਿਰ ਦਾ ਨਾਂਅ ਅਕਸਰ ਹੀ ਦੀਵਾਲੀ ਮੌਕੇ ਥੋਕ ਵਿੱਚ ਵਿਕਦੇ ਪਟਾਖਿਆਂ ਨਾਲ਼ ਜੋੜ ਕੇ ਲਿਆ ਜਾਂਦਾ ਹੈ।ਵੱਡੀ ਗਿਣਤੀ ਵਿੱਚ ਖਰੀਦਦਾਰੀ ਕਰਨ ਆਏ ਲੋਕਾਂ ਖਾਸਕਰ ਬੱਚਿਆਂ ਨਾਲ਼ ਇੱਥੇ ਖੂਬ ਰੌਣਕਾਂ ਲੱਗੀਆਂ ਰਹਿੰਦੀਆਂ ਹਨ ਪਰ ਇਹੋ ਜਿਹੀਆਂ ਰੌਣਕਾਂ ਦਾ ਨਾਂਹ-ਪੱਖੀ ਪ੍ਰਭਾਵ ਇਹਨਾਂ ਦੀਆਂ ਸਮਾਪਤੀਆਂ ਮਗਰੋਂ ਖਿੲਲਰੇ ਕੂੜੇ-ਕਬਾੜ ਦੇ ਰੂਪ ਵਿੱਚ ਆਮ ਹੀ ਵੇਖਣ ਨੂੰ ਮਿਲ ਜਾਂਦਾ ਹੈ।ਜੋ ਕਿ ਇੱਥੇ ਬਾਈਪਾਸ 'ਤੇ ਵੀ ਵੇਖਣ ਨੂੰ ਮਿਲਿਆ।ਜਿਸ ਨੂੰ ਵੇਖ ਕੇ ਇੱਕ ਸਮਾਜ ਦਰਦੀ ਸੱਜਣ ਨੇ ਪ੍ਰਭ ਆਸਰਾ ਦੇ ਪ੍ਰਬੰਧਕਾਂ ਕੋਲ਼ ਇਸ ਨੂੰ ਸਮੇਟਣ ਤੇ ਸਾਫ਼ ਕਰਵਾਉਣ ਲਈ ਪਹੁੰਚ ਕੀਤੀ।ਜਿਸ ਤੋਂ ਬਾਅਦ ਸੰਸਥਾ ਮੁਖੀ ਬੀਬੀ ਰਜਿੰਦਰ ਕੌਰ ਨੇ ਕੁੱਝ ਸੇਵਾਦਾਰਾਂ ਅਤੇ ਵੱਡੇ ਬੱਚਿਆਂ ਨਾਲ਼ ਇਸ ਸੇਵਾ ਬਾਬਤ ਗੱਲ ਕੀਤੀ।ਜੋ ਤੁਰੰਤ ਹੀ ਲੋੜੀਂਦਾ ਸਾਮਾਨ ਤੇ ਗੱਡੀ ਲੈ ਕੇ ਇਸ ਸਫ਼ਾਈ ਕਾਰਜ ਵਿੱਚ ਜੁਟ ਗਏ। ਇਸ ਦੌਰਾਨ ਉਨ੍ਹਾਂ ਪਿੰਡ ਪਡਿਆਲਾ ਤੋਂ ਸਿੰਘਪੁਰਾ ਤੱਕ ਸੜਕ (ਬਾਈਪਾਸ) ਦੀ ਪੂਰੀ ਤਰ੍ਹਾਂ ਸਫ਼ਾਈ ਕੀਤੀ।ਜਿਕਰਯੋਗ ਹੈ ਕਿ ਪ੍ਰਭ ਆਸਰਾ ਵਿਖੇ ਹਰ ਸਾਲ ਦੀਵਾਲੀ ਮੌਕੇ ਖੇਡਾਂ ਅਤੇ ਹੋਰ ਰੋਚਕ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ।

ਰਸੂਲਪੁਰੀ ਨੇ ਆਪਣੇ ਸਾਥੀਆਂ ਨੂੰ ਡਾ. ਰਾਜ਼ ਕੁਮਾਰ ਦੇ ਰੂਬਰੂ ਕਰਵਾਇਆ

ਮੇਹਟੀਆਣਾ(ਜਗਤਾਰ ਸਿੰਘ ਭੁੰਗਰਨੀ)ਮਾਹਿਲਪੁਰ ਸਿਟੀ ਸਟਾਰ ਵਿਖੇ ਕੁਲਵਿੰਦਰ ਸਿੰਘ ਰਸੂਲਪੁਰੀ, ਚੌਧਰੀ ਗੁਰਪ੍ਰੀਤ ਸਿੰਘ ਦੀ ਅਗਵਾਈ ਹੇਠ ਆਪਣੇ ਸਾਥੀਆਂ ਦਾ ਵੱਡੀ ਗਿਣਤੀ 'ਚ ਇੱਕਠ ਕੀਤਾ ਗਿਆ ਜਿਸ ਵਿਚ ਆਮ ਆਦਮੀ ਪਾਰਟੀ ਦੇ ਮੈਂਬਰ ਪਾਰਲੀਮੈਂਟ ਡਾਕਟਰ ਰਾਜ ਕੁਮਾਰ ਵਿਸ਼ੇਸ਼ ਤੌਰ ਸ਼ਾਮਲ ਹੋਏ।ਇਸ ਮੌਕੇ ਡਾਕਟਰ ਰਾਜ ਕੁਮਾਰ ਨੇ ਕੁਲਵਿੰਦਰ ਸਿੰਘ ਰਸੂਲਪੁਰੀ, ਚੌਧਰੀ ਗੁਰਪ੍ਰੀਤ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੇ ਪਿੰਡਾਂ ਦੇ ਵਿਕਾਸ ਲਈ ਕਿਸੇ ਕਿਸਮ ਕਮੀਂ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਹਰੇਕ ਵਰਕਰਾਂ ਦਾ ਮਾਣ ਸਨਮਾਣ ਕੀਤਾ ਜਾਵੇਗਾ। ਇਸ ਮੌਕੇ ਡਾਕਟਰ ਰਾਜ ਕੁਮਾਰ ਨੇ ਡਾ. ਇਸ਼ਾਂਤ ਲਈ ਹਲਕਾ ਚੱਬੇਵਾਲ ਚ ਚੋਣ ਪ੍ਰਚਾਰ ਕਰਨ ਲਈ ਆਪਣੇ ਸਾਥੀਆਂ ਸਮੇਤ ਉਨ੍ਹਾਂ ਦੀ ਮੱਦਦ ਕਰਨ ਲਈ ਪ੍ਰੇਰਿਤ ਕੀਤਾ। ਕੁਲਵਿੰਦਰ ਸਿੰਘ ਰਸੂਲਪੁਰੀ ਅਤੇ ਚੌਧਰੀ ਗੁਰਪ੍ਰੀਤ ਸਿੰਘ ਅਤੇ ਸੱਤਪਾਲ ਸਿੰਘ ਜੱਸੀ ਨੇ ਡਾਕਟਰ ਸਾਹਿਬ ਦਾ ਧੰਨਵਾਦ ਕੀਤਾ। ਇਸ ਮੌਕੇ ਸਮੂਹ ਵਰਕਰਾਂ ਵਲੋਂ ਡਾਕਟਰ ਰਾਜ ਕੁਮਾਰ ਮੈਂਬਰ ਪਾਰਲੀਮੈਂਟ ਦਾ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

ਦੀਵਾਲੀ ਪਰਵਾਰ ਮਿਲਨ ਸਮਾਰੋਹ ਆਯੋਜਿਤ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਲਾਇਨਜ਼ ਕਲੱਬ ਹੁਸ਼ਿਆਰਪੁਰ ਵਿਸ਼ਵਾਸ ਵੱਲੋਂ ਪ੍ਰਧਾਨ ਲਾਇਨ ਹਰਜੀਤ ਸਿੰਘ ਭਾਟੀਆ ਦੀ ਅਗਵਾਈ ਵਿੱਚ ਦੀਵਾਲੀ ਪਰਿਵਾਰ ਮਿਲਨ ਸਮਾਰੋਹ ਦਾ ਆਯੋਜਨ ਕੀਤਾ ਗਿਆ।ਜਿਸ ਵਿੱਚ ਲਾਇਨ ਮੈਬਰਜ਼ ਦੇ ਪਰਿਵਾਰ ਸ਼ਾ

7-Nov-PAGE-9.qxd 11/6/2024 10:43 PM Page 1

ਖੇਤੀਬਾੜੀ ਅਫਸਰ ਵੱਲੋਂ ਬੰਗਾ ਵਿਖੇ ਖਾਦ ਦੀਆਂ ਦੁਕਾਨਾਂ ਦੀ ਅਚਨਚੇਤ ਚੈਕਿੰਗ

ਬੰਗਾ (ਅਵਤਾਰ ਕਲੇਰ) ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਚ ਚਲਾਈ ਵਿਸ਼ੇਸ਼ ਮੁਹਿਮ ਤਹਿਤ ਮੁੱਖ ਖੇਤੀਬਾੜੀ ਅਫਸਰ ਡਾ. ਰਜਿੰਦਰ ਕੁਮਾਰ ਕੰਬੋਜ ਦੀ ਅਗਵਾਈ ਵਾਲੀ ਟੀਮ ਵੱਲੋਂ ਪੁਰਾਣੀ ਦਾਣਾ ਮੰਡੀ ਬੰਗਾ ਵਿਖੇ ਖਾਦ ਵਿਕ੍ਰੇਤਾਵਾਂ ਦੀਆਂ ਦੁਕਾਨਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ।ਇਸ ਟੀਮ ਵਿਚ ਖੇਤੀਬਾੜੀ ਵਿਕਾਸ ਅਫਸਰ ਡਾ. ਵਿਜੇ ਮਹੇਸ਼ੀ ਅਤੇ ਹੋਰ ਅਧਿਕਾਰੀ ਸ਼ਾਮਲ ਸਨ। ਮੁੱਖ ਖੇਤੀਬਾੜੀ ਅਫ਼ਸਰ ਵੱਲੋਂ ਵਿਕ੍ਰੇਤਾਵਾਂ ਨੂੰ ਲੋੜੀਦੇ ਦਿਸ਼ਾ-ਨਿਰਦੇਸ਼ ਦਿੱਤੇ।ਉਹਨਾਂ ਜ਼ਿਲ੍ਹੇ ਦੇ ਸਮੂਹ ਖਾਦ ਡੀਲਰਾਂ ਨੂੰ ਹਦਾਇਤ ਕੀਤੀ ਕਿ ਪੌਸ ਮਸ਼ੀਨਾਂ ਵਿਚ ਮੌਜੂਦ ਵਿਕਰੀ ਕੀਤੀ ਖਾਦ ਦਾ ਸਟਾਕ ਨਿਲ ਕੀਤਾ ਜਾਵੇ ਅਤੇ ਇਹ ਯਕੀਨੀ ਬਣਾਇਆ ਜਾਵੇ ਕਿ ਪੌਸ ਮਸ਼ੀਨਾਂ ਅਤੇ ਦੁਕਾਨ ਤੇ ਅਣਵਿਕੀ ਖਾਦ ਦਾ ਸਟਾਕ ਇਕਸਾਰ ਹੋਵੇ ਤਾਂ ਜੋ ਜ਼ਰੂਰਤ ਅਨੁਸਾਰ ਭਾਰਤ ਸਰਕਾਰ ਤੋਂ ਡੀਏਪੀ ਖਾਦ ਮਿਲ ਸਕੇ।ਉਨ੍ਹਾਂ ਸਮੂਹ ਡੀਲਰਾਂ ਨੂੰ ਇਹ ਵੀ ਹਦਾਇਤ ਕੀਤੀ ਕਿ ਉਹ ਆਪਣੇ ਲਾਇਸੰਸ ਅਤੇ ਹੋਰ ਜ਼ਰੂਰੀ ਦਸਤਾਵੇਜ਼ ਪੂਰੇ ਕਰਕੇ ਰੱਖਣ ਅਤੇ ਇਸ ਵਿਚ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਨਾ ਵਰਤੀ ਜਾਵੇ ਅਤੇ ਸਟਾਕ ਬੋਰਡ ਉੱਪਰ ਰੋਜ਼ਾਨਾ ਖਾਦ ਦਾ ਸਟਾਕ ਅਤੇ ਰੇਟ ਲਿਖਿਆ ਜਾਵੇ। ਡੀਲਰਾਂ ਵੱਲੋਂ ਕਿਸਾਨਾਂ ਨੂੰ ਜੋ ਵੀ ਖੇਤੀ ਸਮੱਗਰੀ ਦੀ ਵਿਕਰੀ ਕੀਤੀ ਜਾਂਦੀ ਹੈ, ਉਸ ਦਾ ਪੱਕਾ ਬਿੱਲ ਕੱਟ ਕੇ ਦਿੱਤਾ ਜਾਵੇ ਅਤੇ ਕੇਵਲ ਲੋੜੀਂਦੀ ਸਮੱਗਰੀ ਹੀ ਕਿਸਾਨਾਂ ਨੂੰ ਵਿਕਰੀ ਕੀਤੀ ਜਾਵੇ ਅਤੇ ਕੋਈ ਹੋਰ ਬੇਲੋੜੀਆਂ ਵਸਤਾਂ ਕਿਸਾਨਾਂ ਨੂੰ ਨਾ ਦਿੱਤੀਆਂ ਜਾਣ। ਉਨ੍ਹਾਂ ਕਿਹਾ ਕਿ ਚੈਕਿੰਗ ਦੌਰਾਨ ਜੇਕਰ ਕੋਈ ਦੁਕਾਨਦਾਰ ਬਗੈਰ ਬਿੱਲ ਤੋਂ ਖਾਦ, ਦਵਾਈ ਜਾਂ ਬੀਜ ਵੇਚਦਾ ਪਾਇਆ ਗਿਆ ਤਾਂ ਉਸ ਵਿਰੁੱਧ ਖਾਦ ਕੰਟਰੋਲ ਆਰਡਰ 1985 ਤਹਿਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਖਾਦ, ਕੀਟਨਾਸ਼ਕ ਰਸਾਇਣ ਜਾਂ ਬੀਜ ਖ਼ਰੀਦਣ ਸਮੇਂ ਦੁਕਾਨਦਾਰ ਤੋਂ ਬਿੱਲ ਜ਼ਰੂਰ ਲੈਣ ਅਤੇ ਜੇਕਰ ਕੋਈ ਡੀਲਰ ਬਿੱਲ ਦੇਣ ਤੋਂ ਇਨਕਾਰੀ ਹੁੰਦਾ ਹੈ ਤਾਂ ਉਸ ਦੀ ਲਿਖਤੀ ਤੌਰ 'ਤੇ ਸ਼ਿਕਾਇਤ ਸਬੰਧਤ ਖੇਤੀਬਾੜੀ ਅਧਿਕਾਰੀ ਜਾਂ ਮੁੱਖ ਖੇਤੀਬਾੜੀ ਅਫਸਰ ਨੂੰ ਕੀਤੀ ਜਾਵੇ।

ਡੀਏਪੀ ਖਾਦ ਦੇ ਬਦਲ ਵਜੋਂ ਕਿਸਾਨ ਖਾਦ, ਟ੍ਰਿਪਲ ਸੁਪਰ ਫਾਸਫੇਟ ਖਾਦ ,ਸਿੰਗਲ ਸੁਪਰ ਫਾਸਫੇਟ ਅਤੇ ਹੋਰ ਫਾਸਫੈਟਿਕ ਖਾਦਾਂ ਦੀ ਵੀ ਵਰਤੋਂ ਕੀਤੀ ਜਾ ਸਕਦੀ ਹੈ। ।

ਐੱਸ ਡੀ ਐੱਮ ਨੇ ਯੂਥ ਕਲੱਬਾਂ ਤੇ ਵਿਭਾਗੀ ਅਧਿਕਾਰੀਆਂ ਨਾਲ ਕੀਤੀ ਮੀਟਿੰਗ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ) ਸਬ-ਡਵੀਜ਼ਨ ਹੁਸ਼ਿਆਰਪੁਰ ਵਿੱਚ ਨਸ਼ਿਆਂ ਦੇ ਖਾਤਮੇ ਲਈ ਵਿਸ਼ੇਸ਼ ਉਪਰਾਲੇ ਕਰਦੇ ਹੋਏ ਐਸ ਡੀ ਐਮ ਹੁਸ਼ਿਆਰਪੁਰ ਸੰਜੀਵ ਸ਼ਰਮਾ ਨੇ ਵੱਖ-ਵੱਖ ਯੂਥ ਕਲੱਬਾਂ ਅਤੇ ਵਿਭਾਗੀ ਅਧਿਕਾਰੀਆਂ ਨਾਲ ਇੱਕ ਅਹਿਮ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਨਸ਼ਿਆਂ ਵਿਰੁੱਧ ਵਿੱਢੀ ਮੁਹਿਮ ਨੂੰ ਹੋਰ ਮਜ਼ਬੂਤ ਕਰਨ ਲਈ ਔਰਤਾਂ ਦੀ ਸ਼ਮੂਲੀਅਤ ਨੂੰ ਉਤਸ਼ਾਹਿਤ ਕਰਨ 'ਤੇ ਜ਼ੋਰ ਦਿੱਤਾ ਗਿਆ।ਐਸ ਡੀ ਐਮ ਨੇ ਕਿਹਾ ਕਿ ਨਸ਼ੇ ਦੇ ਖਾਤਮੇ ਵਿੱਚ ਔਰਤਾਂ ਦੀ ਭੂਮਿਕਾ ਬਹੁਤ ਅਹਿਮ ਹੋ ਸਕਦੀ ਹੈ।ਪਿੰਡ ਪੱਧਰ 'ਤੇ ਆਂਗਣਵਾੜੀ ਵਰਕਰਾਂ, ਪੰਚਾਇਤਾਂ ਅਤੇ ਸਕੂਲ ਮੁਖੀਆਂ ਨੂੰ ਇਸ ਦਿਸ਼ਾ ਵਿੱਚ ਵਿਸ਼ੇਸ਼ ਤੌਰ 'ਤੇ ਸਰਗਰਮ ਹੋਣ ਦੀ ਲੋੜ ਹੈ ਤਾਂ ਜੋ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਵਧਾਈ ਜਾ ਸਕੇ। ਉਨ੍ਹਾਂ ਕਿਹਾ ਕਿ ਔਰਤਾਂ ਆਪਣੇ ਪਰਵਾਰ ਅਤੇ ਸਮਾਜ ਵਿੱਚ ਜਾਗਰੂਕਤਾ ਫੈਲਾ ਕੇ ਨਸ਼ਿਆਂ ਵਿਰੁੱਧ ਪ੍ਰਭਾਵਸ਼ਾਲੀ ਉਪਰਾਲੇ ਕਰ ਸਕਦੀਆਂ ਹਨ।

ਐਸ.ਡੀ.ਐਮ. ਨੇ ਜ਼ਿਲ੍ਹਾ ਸਿੱਖਿਆ ਅਫ਼ਸਰ ਅਤੇ ਨਸ਼ਾ ਛੁਡਾਊ ਕੇਂਦਰਾਂ ਦੇ ਕੌਂਸਲਰਾਂ ਨੂੰ ਸਕੂਲਾਂ ਅਤੇ ਕਾਲਜਾਂ ਵਿੱਚ ਸੈਮੀਨਾਰ ਕਰਵਾਉਣ ਦੇ ਨਿਰਦੇਸ਼ ਦਿੱਤੇ।

ਸੰਜੀਵ ਸ਼ਰਮਾ ਨੇ ਕਿਹਾ ਕਿ ਨਸ਼ਾ ਖਾਤਮਾ ਮੁਹਿਮ ਵਿੱਚ ਸਮਾਜ ਦੇ ਸਾਰੇ ਵਰਗਾਂ ਦਾ ਸਹਿਯੋਗ ਜ਼ਰੂਰੀ ਹੈ।ਇਸ ਮੌਕੇ ਡੀ ਐਸ ਪੀ ਸੁਖਨਿੰਦਰ ਸਿੰਘ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐ) ਸੁਖਵਿੰਦਰ ਸਿੰਘ, ਨੈਸ਼ਨਲ ਐਵਾਰਡੀ ਪ੍ਰਮੋਦ ਸ਼ਰਮਾ, ਅਸ਼ੋਕ ਪੁਰੀ, ਆਯੂਸ਼ ਸ਼ਰਮਾ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

ਇੱਕ ਦਿਨ 'ਚ 32 ਹਜ਼ਾਰ ਮੀਟ੍ਰਿਕ ਟਨ ਤੋਂ ਵੱਧ ਝੋਨੇ ਦੀ ਕਰਵਾਈ ਲਿਫ਼ਟਿੰਗ

ਜਲੰਧਰ (ਸ਼ੈਲੀ ਐਲਬਰਟ)- ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅਨਾਜ ਮੰਡੀਆਂ ਵਿੱਚ ਝੋਨੇ ਦੀ ਫ਼ਸਲ ਦੀ ਚੁਕਾਈ ਨੂੰ ਪ੍ਰਮੁੱਖ ਤਰਜੀਹ ਦਿੱਤੀ ਜਾ ਰਹੀ ਹੈ, ਜਿਸ ਤਹਿਤ ਇੱਕ ਦਿਨ ਵਿੱਚ 32,629 ਮੀਟ੍ਰਿਕ ਟਨ ਫ਼ਸਲ ਦੀ ਲਿਫ਼ਟਿੰਗ ਕੀਤੀ ਗਈ ਹੈ।

ਝੋਨੇ ਦੇ ਖ਼ਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਖ਼ਰੀਦ ਏਜੰਸੀਆਂ ਵੱਲੋਂ ਹੁਣ ਤੱਕ ਕੁੱਲ 269520 ਮੀਟ੍ਰਿਕ ਟਨ ਫ਼ਸਲ ਦੀ ਲਿਫ਼ਟਿੰਗ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਵਿੱਚ ਝੋਨੇ ਦੀ ਖ਼ਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੰਡੀਆਂ ਵਿੱਚ ਨਿਰਵਿਘਨ ਖ਼ਰੀਦ, ਸਮੇਂ ਸਿਰ ਅਦਾਇਗੀ ਅਤੇ ਲਿਫ਼ਟਿੰਗ ਨੂੰ ਯਕੀਨੀ ਬਣਾਉਣ ਲਈ ਪ੍ਰਬੰਧਾਂ ਦੀ ਲਗਾਤਾਰ ਸਮੀਖਿਆ ਕੀਤੀ ਜਾ ਰਹੀ ਹੈ।

ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਕਿਸਾਨਾਂ ਤੋਂ ਖ਼ਰੀਦ ਕੀਤੇ ਗਏ ਝੋਨੇ ਦੀ ਹੁਣ ਤੱਕ 1471 ਕਰੋੜ ਰੁਪਏ ਦੀ ਅਦਾਇਗੀ ਯਕੀਨੀ ਬਣਾਈ ਜਾ ਚੁੱਕੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਜ਼ਿਲ੍ਹੇ ਦੀਆਂ ਸਮੁੱਚੀਆਂ ਅਨਾਜ ਮੰਡੀਆਂ ਵਿੱਚ ਝੋਨੇ ਦੀ ਤੇਜ਼ੀ ਨਾਲ ਲਿਫ਼ਟਿੰਗ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਲਿਫ਼ਟਿੰਗ ਦੀ ਪ੍ਰਕਿਰਿਆ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇਗੀ, ਜਿਸ ਸਬੰਧੀ ਅਧਿਕਾਰੀਆਂ ਨੂੰ ਪਹਿਲਾਂ ਹੀ ਹਦਾਇਤਾਂ ਜਾਰੀ ਕਰ ਕੀਤੀਆਂ ਜਾ ਚੁੱਕੀਆਂ ਹਨ।

ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਸਪੱਸ਼ਟ ਕਿਹਾ ਕਿ ਖ਼ਰੀਦ ਪ੍ਰਕਿਰਿਆ ਵਿੱਚ ਕਿਸੇ ਤਰ੍ਹਾਂ ਦੀ ਦੇਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਅਣਗਹਿਲੀ ਵਰਤਣ ਵਾਲਿਆਂ ਖਿਲਾਫ਼ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਝੋਨੇ ਦੀ ਲਿਫ਼ਟਿੰਗ ਹੋਰ ਸੁਚਾਰੂ ਢੰਗ ਨਾਲ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਕਿਸਾਨਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆਵੇ।

ਡਾ. ਅਗਰਵਾਲ ਨੇ ਕਿਸਾਨਾਂ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖ਼ਰੀਦਣ ਦੀ ਪੰਜਾਬ ਸਰਕਾਰ ਦੀ ਵਚਨਬੱਧਤਾ ਦਹੁਰਾਉਂਦਿਆਂ ਕਿਹਾ ਕਿ ਖ਼ਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਚਲਾਇਆ ਜਾਵੇਗਾ।

ਜ਼ਿਕਰਯੋਗ ਹੈ ਕਿ ਹੁਣ ਤੱਕ ਮੰਡੀਆਂ ਵਿੱਚ ਆਏ 6,77,485 ਮੀਟ੍ਰਿਕ ਟਨ ਝੋਨੇ ਵਿੱਚੋਂ ਖ਼ਰੀਦ ਏਜੰਸੀਆਂ ਵੱਲੋਂ 6,71,805 ਮੀਟ੍ਰਿਕ ਟਨ ਫ਼ਸਲ ਦੀ ਖਰੀਦ ਕੀਤੀ ਜਾ ਚੁੱਕੀ ਹੈ।

ਹਰਿਆਣਾ 'ਚ ਪਰਾਲੀ ਸਾੜਨ ਦੀਆਂ ਘਟਨਾਵਾਂ 'ਚ ਆਈ ਗਿਰਾਵਟ - ਸ਼ਾਮ ਸਿੰਘ ਰਾਣਾ

ਚੰਡੀਗੜ੍ਹ, (ਕ੍ਰਿਸ਼ਨ ਗਰਗ)- ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਾਮ ਸਿੰਘ ਰਾਣਾ ਨੇ ਦਸਿਆ ਕਿ ਸੂਬਾ ਸਰਕਾਰ ਵੱਲੋਂ ਕਿਸਾਨਾਂ ਨੂੰ ਪਰਾਲੀ ਨੂੰ ਖੇਤ ਵਿਚ ਮਿਲਾ ਕੇ ਖਾਦ ਵਜੋਂ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ, ਜਿਸ ਨਾਲ ਨਾ ਸਿਰਫ ਭੂਮੀ ਦੀ ਉਪਜਾਊ ਸ਼ਕਤੀ ਵਿਚ ਵਾਧਾ ਹੋ ਰਿਹਾ ਹੈ ਸਗੋਂ ਕਿਸਾਨਾਂ ਲਈ ਆਰਥਕ ਲਾਭ ਵੀ ਯਕੀਨੀ ਹੋ ਰਹੇ ਹਨ।ਰਾਣਾ ਨੇ ਕਿਹਾ ਕਿ ਫਸਲ ਅਵਸ਼ੇਸ਼ ਨੂੰ ਖੇਤ ਵਿਚ ਮਿਲਾਉਣ ਨਾਲ ਮਿੱਟੀ ਵਿਚ ਕਾਰਬਨ ਅਤੇ ਹੋਰ ਪੋਸ਼ਕ ਤੱਤਾਂ ਦੀ ਗਿਣਤੀ ਵੱਧ ਜਾਂਦੀ ਹੈ, ਜਿਸ ਨਾਲ ਅਗਲੀ ਸਲਾਂ ਦੀ ਪੈਦਾਵਾਰ ਵਿਚ ਵੀ ਵਾਧਾ ਹੁੰਦਾ ਹੈ। ਉਨ੍ਹਾਂ ਨੇ ਕਿਹਾ ਕਿ ਵਿਗਿਆਨਕ ਖੋਜ ਤੋਂ ਸਾਬਤ ਹੋਇਆ ਹੈ ਕਿ ਖੇਤ ਵਿਚ ਪਰਾਲੀ ਮਿਲਾਉਣ ਨਾਲ ਮਿੱਟੀ ਦੇ ਪੋਸ਼ਕ ਚੱਕਰ ਮਜਬੂਤ ਹੁੰਦਾ ਹੈ ਅਤੇ ਕਿੱਟੀ ਕਾਰਬਨ ਦਾ ਪੱਧਰ ਵੱਧਦਾ ਹੈ ਜਿਸ ਤੋਂ ਅਗਲੇ ਫਸਲਾਂ ਦੀ ਉਪਜ ਵਿਚ ਵੀ ਸੁਧਾਰ ਹੁੰਦਾ ਹੈ।ਉਨ੍ਹਾਂ ਨੇ ਦਸਿਆ ਕਿ ਕਈ ਪ੍ਰਗਤੀਸ਼ੀਲ ਕਿਸਾਨ ਹੁਣ ਫਸਲ ਅਵਸ਼ੇਸ਼ਾਂ ਨੂੰ ਮਿੱਟੀ ਵਿਚ ਮਿਲਾ ਕੇ ਫਰਟੀਲਾਇਚਰ ਵਜੋਂ ਵਰਤੋਂ ਕਰ ਰਹੇ ਹਨ। ਇਸ ਪ੍ਰਕ੍ਰਿਆ ਨਾਲ ਨਾ ਸਿਰਫ ਪ੍ਰਤੀ ਸਾਲ 3 ਤੋਂ 5 ਕੁਇੰਟਲ ਪ੍ਰਤੀ ਏਕੜ ਫਸਲ ਦੀ ਪੈਦਾਵਾਰ ਵਿਚ ਵਾਧਾ ਹੋ ਰਿਹਾ ਹੈ, ਸਗੋਂ ਯੂਰਿਆ ਦੀ ਖਪਤ ਵੀ ਘੱਟ ਹੋ ਕੇ ਲਾਗਤ ਵਿਚ ਕਟੌਤੀ ਹੋ ਰਹੀ ਹੈ। ਯਮੁਨਾਨਗਰ ਜਿਲ੍ਹੇ ਦੇ ਬਕਾਨਾ ਪਿੰਡ ਦੇ ਕਿਸਾਨ ਰਾਜੇਸ਼ ਸੈਨੀ ਦਾ ਉਦਾਹਰਣ ਦਿੰਦੇ ਹੋਏ ਖੇਤੀਬਾੜੀ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਪਿਛਲੇ ਤਿੰਨ ਸਾਲਾਂ ਤੋਂ ਪਰਾਲੀ ਨੂੰ ਜਲਾਉਣ ਦੀ ਥਾਂ ਖੇਤ ਦੀ ਮਿੱਟੀ ਵਿਚ ਮਿਲਾਹਿਆ ਹੈ, ਜਿਸ ਨਾਲ ਉਨ੍ਹਾਂ ਦੀ ਫਸਲ ਦੀ ਪੈਦਾਵਾਰ ਲਗਭਗ ਛੇ ਕੁਇੰਟਲ ਪ੍ਰਤੀ ਏਕੜ ਵੱਧ ਗਈ ਹੈ। ਇਸ ਢੰਗ ਨਾਲ ਉਨ੍ਹਾਂ ਦੀ ਪ੍ਰਤੀ ਏਕੜ ਸਾਲਾਨਾ ਆਮਦਨ ਵਿਚ 10,000 ਤੋਂ 15,000 ਰੁਪਏ ਤਕ ਦਾ ਇਜਾਫਾ ਹੋਇਆ ਹੈ।ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਨੇ ਦਸਿਆ ਕਿ ਹਰਿਆਣਾ ਵਿਚ ਲਗਭਗ 28 ਲੱਖ ਏਕੜ ਭੂਮੀ 'ਤੇ ਝੋਨੇ ਦੀ ਖੇਤੀ ਹੁੰਦੀ ਹੈ। ਇਸ ਸਾਲ ਸੂਬਾ ਸਰਕਾਰ ਵੱਲੋਂ ਕਿਸਾਨਾਂ ਵਿਚ ਜਾਗਰੂਕਤਾ ਫੈਲਾਉਣ ਲਈ ਚਲਾਈ ਗਈ ਮੁਹਿਮ ਦਾ ਨਤੀਜਾ ਹੈ ਕਿ ਪਰਾਲੀ ਜਲਾਉਣ ਦੀ ਘਟਨਾਵਾਂ ਵਿਚ ਵਰਨਣਯੋਗ ਕਮੀ ਆਈ ਹੈ। ਸੂਬਾ ਸਰਕਾਰ ਨੇ ਇਨ ਸੀਟੂ ਅਤੇ ਐਕਸ-ਸੀਟੂ ਪ੍ਰਬੰਧਨ ਲਈ ਕਿਸਾਨਾਂ ਨੂੰ ਸਬਡਿਸੀ 'ਤੇ ਮਸ਼ੀਨ ਉਪਲਬਧ ਕਰਾਈ ਹੈ, ਅਤੇ ਜੋ ਕਿਸਾਨ ਪਰਾਲੀ ਨਹੀਂ ਜਲਾਉਂਦੇ ਹਨ, ਉਨ੍ਹਾਂ ਨੂੰ ਸਰਕਾਰ ਵੱਲੋਂ ਪ੍ਰਤੀ ਏਕੜ 1000 ਰੁਪਏ ਦੀ ਆਰਥਕ ਸਹਾਇਤਾ ਦਿੱਤੀ ਜਾ ਰਹੀ ਹੈ।ਰਾਣਾ ਨੇ ਇਹ ਵੀ ਕਿਹਾ ਕਿ ਹਰਿਆਣਾ ਸਰਕਾਰ ਦੇ ਇੰਨ੍ਹਾਂ ਯਤਨਾਂ ਦੀ ਸ਼ਲਾਘਾ ਸੁਪਰੀਮ ਕੋਰਟ ਨੇ ਵੀ ਕੀਤੀ ਹੈ ਅਤੇ ਇਹ ਹਰਿਆਣਾ ਹੀ ਹੈ ਜੋ ਕਿਸਾਨਾਂ ਨੂੰ ਇਸ ਤਰ੍ਹਾ ਦੀ ਸਹੂਲੀਅਤ ਪ੍ਰਦਾਨ ਕਰ ਰਿਹਾ ਹੈ। ਨਾਲ ਹੀ ਉਨ੍ਹਾਂ ਨੇ ਦਿੱਲੀ ਵਿਚ ਵੱਧਦੇ ਪ੍ਰਦੂਸ਼ਣ ਲਈ ਪਰਾਲੀ ਜਲਾਉਣ ਨੂੰ ਇਕਲੌਤਾ ਕਾਰਨ ਮੰਨਣ ਨੂੰ ਗਲਤ ਦਸਿਆ। ਉਨ੍ਹਾਂ ਨੇ ਦਿੱਲੀ ਸਰਕਾਰ ਨੂੰ ਸਲਾਹ ਦਿੰਦੇ ਹੋਏ ਕਿਹਾ ਹੈ ਕਿ ਉਹ ਵੀ ਹਰਿਆਣਾ ਦੀ ਤਰ੍ਹਾਂ ਠੋਸ ਕਦਮ ਚੁੱਕਣ। ਉਨ੍ਹਾਂ ਨੇ ਕਿਹਾ ਕਿ ਹਰਿਆਣਾ ਸਰਕਾਰ ਦਾ ਇਹ ਕਦਮ ਨੇ ਸਿਰਫ ਵਾਤਾਵਰਣ ਸਰੰਖਣ ਲਈ ਇਕ ਮਿਸਾਲ ਹੈ, ਸਗੋਂ ਇਸ ਨਾਲ ਕਿਸਾਨਾਂ ਨੂੰ ਆਰਥਕ ਲਾਭ ਵੀ ਮਿਲ ਰਿਹਾ ਹੈ, ਜੋ ਵਾਤਾਵਰਣ ਦੇ ਅਨੁਕੂਲ ਖੇਤੀ ਦੀ ਦਿਸ਼ਾ ਵਿਚ ਇਕ ਸਕਾਰਾਤਮਕ ਬਦਲਾਅ ਹੈ। ਉਨ੍ਹਾਂ ਨੇ ਦਸਿਆ ਕਿ ਸੂਬੇ ਵਿਚ ਇਸ ਸਾਲ ਪਰਾਲੀ ਜਲਾਉਣ ਦੀਆਂ ਘਟਨਾਵਾਂ ਵਿਚ ਕਮੀ ਦਰਜ ਕੀਤੀ ਗਈ ਹੈ।

ਇਫਕੋ ਨੇ ਰਾਜਪੁਰ ਭਾਈਆਂ ਦੀ ਕੋਆਪ੍ਰੇਟਿਵ ਸੁਸਾਇਟੀ 'ਚ ਖੇਤ ਦਿਵਸ ਮਨਾਇਆ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)-ਇਫਕੋ ਵੱਲੋਂ ਪਿੰਡ ਰਾਜਪੁਰ ਭਾਈਆਂ ਦੀ ਕੋਆਪ੍ਰੇਟਿਵ ਸੁਸਾਇਟੀ ਵਿੱਚ ਖੇਤ ਦਿਵਸ ਮਨਾਇਆ ਗਿਆ? ਇਸ ਦੌਰਾਨ ਆਏ ਗਏ ਮਹਿਮਾਨਾਂ ਦਾ ਸਵਾਗਤ , ਸਕੱਤਰ ਸਭਾ ਸੁਖਜਿੰਦਰ ਸਿੰਘ, ਮੀਤ ਪ੍ਰਧਾਨ ਸੁਖਵਿੰਦਰ ਸਿੰਘ ਅਤੇ ਸਮੂਹ ਕਮੇਟੀ ਮੈਂਬਰਾਂ ਵਲੋਂ ਕੀਤਾ ਗਿਆ। ਇਸ ਤੋਂ ਬਾਅਦ ਇਫਕੋ ਦੇ ਫੀਲਡ ਅਫਸਰ ਕਪਿਲ ਗੋਰਾ ਨੇ ਕਿਸਾਨਾਂ ਨੂੰ ਇਫਕੋ ਦੀਆਂ ਵੱਖ-ਵੱਖ ਗਤੀਵਿਧੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਇਫਕੋ ਦੇ 2 ਕ੍ਰਾਂਤੀਕਾਰੀ ਉਤਪਾਦ ਨੈਨੋ ਯੂਰੀਆ ਪਲੱਸ ਅਤੇ ਨੈਨੋ ਡੀ.ਏ.ਪੀ ਦਾ ਵੱਧ ਤੋਂ ਵੱਧ ਇਸਤੇਮਾਲ ਕਰਕੇ ਲਾਭ ਪ੍ਰਾਪਤ ਕਰਨਾ ਚਾਹੀਦਾ ਹੈ ਇਸ ਦੀ ਵਰਤੋਂ ਕਰਨ ਨਾਲ ਜਮੀਨ ਦੀ ਉਪਜਾਊ ਸ਼ਕਤੀ ਬਰਕਰਾਰ ਰਹਿੰਦੀ ਹੈ ਅਤੇ ਵਾਤਾਵਰਨ ਨੂੰ ਵੀ ਕੋਈ ਨੁਕਸਾਨ ਨਹੀਂ ਹੁੰਦਾ ਤੇ' ਝਾੜ ਵਧਦਾ ਹੈ। ਇਸ ਦੇ ਵਾਧੇ ਦੇ ਨਾਲ ਹੀ ਪੈਸੇ ਦੀ ਵੀ ਬੱਚਤ ਹੁੰਦੀ ਹੈ। ਫੀਲਡ ਅਫਸਰ ਕਪਿਲ ਗੋਰਾ ਨੇ ਨੈਨੋ ਡੀ.ਏ.ਪੀ ਦੇ ਟਰਾਇਲ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਿਸਾਨ ਮਨਮੀਤ ਸਿੰਘ ਨੇ ਝੋਨੇ ਦੀ ਫਸਲ ਵਿੱਚ 50 ਫੀਸਦੀ ਦਾਣੇ-ਦਾਰ ਡੀ.ਏ.ਪੀ ਦੀ ਵਰਤੋ ਘੱਟ ਕਰਕੇ, ਇਕ ਬ

7-NOV-PAGE-10.qxd 11/6/2024 10:50 PM Page 1

ਖੋ-ਖੋ ਲੜਕੇ ਤੇ ਲੜਕੀਆਂ ਦੇ ਮੁਕਾਬਲੇ 'ਚ ਰੱਤੋਕੇ ਸਕੂਲ ਨੇ ਮਾਰੀ ਬਾਜ਼ੀ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ) : ਸਕੂਲ ਸਿੱਖਿਆ ਵਿਭਾਗ ਵੱਲੋਂ 68ਵੀਆਂ ਜ਼ਿਲ੍ਹਾ ਪੱਧਰੀ ਖੇਡਾਂ ਸ੍ਰੀ ਮਸਤੂਆਣਾ ਸਾਹਿਬ ਦੀ ਪਵਿੱਤਰ ਧਰਤੀ 'ਤੇ ਕਰਵਾਈਆਂ ਗਈਆਂ, ਜਿਸ ਵਿੱਚ ਵੱਖ ਵੱਖ ਖੇਡਾਂ ਦੇ ਸ਼ਾਨਦਾਰ ਮੁਕਾਬਲੇ ਕਰਵਾਏ ਗਏ। ਖੋ-ਖੋ ਦੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਸਰਕਾਰੀ ਐਲੀਮੈਂਟਰੀ ਸਕੂਲ ਰੱਤੋਕੇ ਦਾ ਪ੍ਰਦਰਸ਼ਨ ਬਹੁਤ ਹੀ ਸ਼ਾਨਦਾਰ ਰਿਹਾ। ਖੋ-ਖੋ ਲੜਕੇ ਤੇ ਲੜਕੀਆਂ ਦੇ ਦੋਵਾਂ ਮੁਕਾਬਲਿਆਂ ਵਿੱਚ ਰੱਤੋਕੇ ਦੀਆਂ ਟੀਮਾਂ ਨੇ ਸ਼ਾਨਦਾਰ ਜਿੱਤ ਹਾਸਲ ਕੀਤੀ। ਦੋਵਾਂ ਟੀਮਾਂ ਨੂੰ ਮੈਡਲਾਂ ਤੇ ਟਰਾਫੀਆਂ ਨਾਲ ਸਨਮਾਨਤ ਕੀਤਾ ਗਿਆ। ਹੁਣ ਇਹ ਟੀਮਾਂ ਰਾਜ ਪੱਧਰ 'ਤੇ ਹੋਣ ਵਾਲੇ ਮੁਕਾਬਲਿਆਂ ਵਿੱਚ ਭਾਗ ਲੈਣਗੀਆਂ। ਪਿੰਡ ਪਹੁੰਚਣ 'ਤੇ ਟੀਮ ਦਾ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਪਿੰਡ ਦੀ ਪੰਚਾਇਤ ਤੇ ਪਤਵੰਤੇ ਸੱਜਣਾਂ ਵਿੱਚੋਂ ਸਰਪੰਚ ਹਰਦੀਪ ਕੌਰ, ਸੁਬੇਗ ਸਿੰਘ, ਸਤਨਾਮ ਸਿੰਘ, ਮਨਪ੍ਰੀਤ ਸਿੰਘ, ਰਣਜੋਧ ਸਿੰਘ, ਸ਼ਕਤੀ ਸਿੰਘ, ਗੁਰਮੁੱਖ ਸਿੰਘ, ਕੁਲਦੀਪ ਸਿੰਘ ਕਾਲੀ, ਸਾਬਕਾ ਸਰਪੰਚ ਕੁਲਦੀਪ ਕੌਰ, ਗੁਰਚਰਨ ਸਿੰਘ, ਮਨਜੀਤ ਸਿੰਘ ਫੌਜੀ, ਪਾਲ ਧਨੌਲਾ ਹਾਜ਼ਰ ਸਨ। ਸਕੂਲ ਵੈੱਲਫੇਅਰ ਕਮੇਟੀ ਦੇ ਪ੍ਰਧਾਨ ਗਿਆਨ ਸਿੰਘ ਭੁੱਲਰ ਨੇ ਸਕੂਲ ਨੂੰ ਹਰ ਬਣਦਾ ਯੋਗਦਾਨ ਦੇਣ ਤੇ ਬਲਜੀਤ ਸਿੰਘ ਬੱਲੀ ਨੇ ਖਿਡਾਰੀਆਂ ਦੀ ਬਿਹਤਰੀ ਲਈ ਵਧੀਆ ਪ੍ਰਬੰਧ ਕਰਨ ਦਾ ਵਾਅਦਾ ਕੀਤਾ। ਇਹ ਜਾਣਕਾਰੀ ਮੈਡਮ ਕਰਮਜੀਤ ਕੌਰ ਤੇ ਪ੍ਰਦੀਪ ਸਿੰਘ ਨੇ ਸਾਂਝੇ ਤੌਰ 'ਤੇ ਪ੍ਰੈੱਸ ਨੂੰ ਦਿੱਤੀ।

ਡੀ ਏ ਪੀ ਖਾਦ ਦੀਆਂ ਦੁਕਾਨਾਂ ਦੀ ਚੈਕਿੰਗ ਜਾਰੀ : ਡੀ ਸੀ

ਬਠਿੰਡਾ, (ਰਾਜੀਵ ਗੋਇਲ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜਿਥੇ ਡੀ ਏ ਪੀ ਖਾਦ ਦੀ ਕਿਸੇ ਵੀ ਪ੍ਰਕਾਰ ਦੀ ਕਾਲਾਬਜ਼ਾਰੀ ਨੂੰ ਰੋਕਣ ਲਈ ਪੂਰੀ ਤਰ੍ਹਾਂ ਗੰਭੀਰ ਹੈ ਉਥੇ ਇਸ ਖਿਲਾਫ ਸਖ਼ਤ ਮੁਹਿੰਮ ਵੀ ਵਿੱਢੀ ਗਈ ਹੈ। ਇਸ ਲੜੀ ਤਹਿਤ ਜ਼ਿਲ੍ਹੇ 'ਚ ਅਧਿਕਾਰੀਆਂ ਦੀ ਅਗਵਾਈ ਵਿਚ ਟੀਮਾਂ ਗਠਿਤ ਕੀਤੀਆਂ ਗਈਆਂ ਹਨ। ਇਨ੍ਹਾਂ ਟੀਮਾਂ ਵੱਲੋਂ ਲਗਾਤਾਰ ਦੁਕਾਨਾਂ ਅਤੇ ਸਹਿਕਾਰੀ ਸਭਾਵਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਸਾਂਝੀ ਕੀਤੀ। ਮੁੱਖ ਖੇਤੀਬਾੜੀ ਅਫਸਰ ਡਾ. ਜਗਸੀਰ ਸਿੰਘ ਨੇ ਦੱਸਿਆ ਕਿ ਜੁਆਇੰਟ ਡਾਇਰੈਕਟਰ ਖੇਤੀਬੜੀ ਡਾ. ਨਰਿੰਦਰ ਪਾਲ ਸਿੰਘ ਬੈਨੀਪਾਲ ਦੀ ਅਗਵਾਈ ਇਹ ਟੀਮਾਂ ਅਵੈਧ ਭੰਡਾਰਨ ਦੀ ਜਾਂਚ ਕਰਨ ਦੇ ਨਾਲ-ਨਾਲ ਹੀ ਇਹ ਵੀ ਜਾਂਚ ਕਰ ਰਹੀਆਂ ਹਨ ਕਿ ਕਿਸਾਨਾਂ ਨੂੰ ਡੀ ਏ ਪੀ ਖਾਦ ਦੇ ਨਾਲ ਕੋਈ ਹੋਰ ਦਵਾਈ ਜ਼ਬਰਦਸਤੀ ਤਾਂ ਨਹੀਂ ਦਿੱਤੀ ਜਾ ਰਹੀ। ਇਸ ਮੌਕੇ ਉਨ੍ਹਾਂ ਸਟਾਕ ਬੋਰਡ ਪੂਰੇ ਕਰਨ ਦੀ ਵੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਡੀ ਏ ਪੀ ਖਾਦ ਸਬੰਧੀ ਜੇਕਰ ਜ਼ਿਲ੍ਹੇ ਅੰਦਰ ਕਾਲਾਬਜ਼ਾਰੀ ਜਾਂ ਖਾਦ ਨਾਲ ਹੋਰ ਸਮਾਨ ਦਿੱਤੇ ਜਾਣ ਦੀ ਸ਼ਿਕਾਇਤ ਹੋਵੇ ਤਾਂ 1100 ਨੰਬਰ 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਇਸ ਤੋਂ ਇਲਾਵਾ ਵਟਸਐਪ ਨੰਬਰ 98555-01076 'ਤੇ ਵੀ ਸ਼ਿਕਾਇਤ ਕੀਤੀ ਜਾ ਸਕਦੀ ਹੈ। ਮੁੱਖ ਖੇਤੀਬਾੜੀ ਅਫਸਰ ਨੇ ਕਿਹਾ ਕਿ ਕਿਸਾਨ ਡੀ ਏ ਪੀ ਦੀ ਥਾਂ ਤੇ ਐਨ ਪੀ ਕੇ 12:32:16 ਜਾਂ ਸਿੰਗਲ ਸੁਪਰ ਫਾਸਫੇਟ ਜਾਂ ਟ੍ਰਿਪਲ ਸੁਪਰ ਫਾਸਫੇਟ ਜਾਂ ਐਨ ਪੀ ਕੇ 10:26:26 ਦੀ ਵਰਤੋਂ ਵੀ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਕ੍ਰੇਤਾ ਨੇ ਕਿਸਾਨਾਂ ਨੂੰ ਖਾਦਾਂ ਨਾਲ ਬੇਲੋੜਾ ਸਮਾਨ ਦੇਣ ਦੀ ਕੋਸ਼ਿਸ਼ ਕੀਤੀ ਜਾਂ ਵੱਧ ਕੀਮਤ ਲਗਾਈ ਜਾਂ ਕਾਲਾਬਜ਼ਾਰੀ ਕੀਤੀ ਤਾਂ ਅਜਿਹੇ ਲੋਕਾਂ ਖਿਲਾਫ ਵਿਭਾਗ ਵੱਲੋਂ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਮੰਡੀਆਂ 'ਚ ਝੋਨੇ ਦੀ ਫਸਲ ਵੇਚਣ ਲਈ ਕਿਸਾਨਾਂ ਤੋਂ 25 ਤੋਂ 35 ਰੁਪਏ ਰਿਸ਼ਵਤ ਲਈ ਜਾ ਰਹੀ : ਬੂਟਾ ਸਿੰਘ ਮਲਕ

ਜਗਰਾਉਂ (ਨਛੱਤਰ ਸੰਧੂ)-ਪਹਿਲਾਂ ਤੋਂ ਹੀ ਖੁਦਕੁਸ਼ੀਆਂ ਦਾ ਮਾਰਿਆ ਕਿਸਾਨ ਅੱਜ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੇ ਰਾਜ ਵਿੱਚ ਡਾਢਾ ਦੁਖੀ ਹੈ। ਕਿਸਾਨ ਨੂੰ ਮੰਡੀਆਂ ਵਿੱਚ ਝੋਨੇ ਦੀ ਫਸਲ ਵੇਚਣ ਲਈ ਵੱਡੀਆਂ ਵੱਡੀਆਂ ਮੁਸੀਬਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਉੱਘੇ ਕਿਸਾਨ ਆਗੂ ਬੂਟਾ ਸਿੰਘ ਮਲਕ ਨੇ ਅੱਜ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪਹਿਲਾਂ ਕਾਂਗਰਸ ਅਤੇ ਅਕਾਲੀ ਦਲ ਦੀਆਂ ਸਰਕਾਰਾਂ ਸਮੇਂ ਕਿਸਾਨ ਨੂੰ ਮੰਡੀਆਂ ਵਿੱਚ ਝੋਨੇ ਦੀ ਫਸਲ ਵੇਚਣ ਲਈ 2 ਰੁ:ਪ੍ਰਤੀ ਗੱਟੂ ਜਬਰੀ ਦੇਣੇ ਪੈਂਦੇ ਸੀ। ਪਰ ਹੁਣ ਤਾਂ ਭਗਵੰਤ ਮਾਨ ਸਰਕਾਰ ਦੇ ਰਾਜ ਵਿੱਚ ਕਿਸਾਨਾਂ ਦੀ ਅੰਨੀ ਲੁੱਟ ਹੋ ਰਹੀ ਹੈ। ਨਮੀ ਦਾ ਬਹਾਨਾ ਬਣਾ ਕੇ ਕਿਸਾਨਾਂ ਤੋਂ 25 ਤੋਂ 35 ਰੁ. ਤੱਕ ਪ੍ਰਤੀ ਗੱਟੂ ਰਿਸ਼ਵਤ ਲਈ ਜਾ ਰਹੀ ਹੈ, ਜੋ ਕਿ ਕਿਸਾਨਾ ਨਾਲ ਸਰਾਸਰ ਧੱਕਾ ਹੈ। ਸਾਫ ਸੁਥਰਾ ਪ੍ਰਸ਼ਾਸਨ ਦੇਣ ਵਾਲੀ ਮਾਨ ਸਰਕਾਰ ਨੇ ਤਾਂ ਹੱਦ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਡਾਇਆ ਖਾਦ ਖਰੀਦਣ ਲਈ ਵੀ ਕਿਸਾਨਾਂ ਦੀ ਲੁੱਟ ਹੋ ਰਹੀ ਹੈ। ਖਾਦ ਦੇ ਗੱਟੂ ਨਾਲ ਹੋਰ ਫਾਲਤੂ ਸਮਾਨ ਕਿਸਾਨ ਨੂੰ ਮੜ੍ਹਿਆ ਜਾ ਰਿਹਾ ਹੈ। ਸੁਸਾਇਟੀਆਂ ਦੁਕਾਨਾਂ ਤੋਂ ਵੀ ਕਿਸਾਨਾਂ ਨੂੰ ਖਾਦ ਨਹੀ ਮਿਲ ਰਹੀ ਉੱਪਰੋਂ ਬਲੈਕ ਵਿੱਚ ਮਿਲ ਰਹੀ ਹੈ। ਕਿਸਾਨ ਨੂੰ ਪਰਾਲੀ ਸਾੜਨ ਲਈ ਸਰਕਾਰ ਵੱਲੋਂ 5000 ਰੁ:ਪ੍ਰਤੀ ਏਕੜ ਜੁਰਮਾਨਾ ਠੋਕਿਆ ਜਾ ਰਿਹਾ ਹੈ। ਬੂਟਾ ਮਲਕ ਨੇ ਸਰਕਾਰ ਤੋ ਮੰਗ ਕੀਤੀ ਕਿ ਕਿਸਾਨਾਂ ਦੀ ਅੰਨ੍ਹੀ ਲੁੱਟ ਰੋਕੀ ਜਾਵੇ।

ਵਿੱਦਿਅਕ ਗਿਆਨ ਦੇ ਨਾਲ ਅਧਿਆਤਮਕ ਗਿਆਨ ਵੀ ਜ਼ਰੂਰੀ : ਗਰਗ

ਜੈਤੋ (ਸਤੀਸ਼ ਕੁਮਾਰ ਭੀਗੀ)- ਪੰਜਾਬ 'ਚ ਵਿਸ਼ੇਸ਼ ਸਥਾਨ ਰੱਖਦੇ ਸਿੱਖਿਅਕ ਅਦਾਰੇ ਜਿਵੇਂ ਸ਼ਿਵਾਲਿਕ ਕਿਡਜ਼ ਸਕੂਲ, ਸ਼ਿਵਾਲਿਕ ਪਬਲਿਕ ਸਕੂਲ, ਅਲਾਇੰਸ ਇੰਟਰਨੈਸ਼ਨਲ ਸਕੂਲ ਅਤੇ ਸਵਾਮੀ ਵਿਵੇਕਾਨੰਦ ਗਰੁੱਪ ਆਫ ਇੰਸਟੀਚਿਊਸ਼ਨਜ਼ ਰਾਹੀਂ ਗਿਆਨ ਦਾ ਚਾਨਣ ਫੈਲਾਅ ਰਹੀਆਂ ਸੰਸਥਾਵਾਂ ਦੇ ਚੇਅਰਮੈਨ ਅਸ਼ਵਨੀ ਕੁਮਾਰ ਗਰਗ ਨੇ ਵਿਦਿਆਰਥੀਆਂ ਲਈ ਜਾਰੀ ਕੀਤੇ ਸੰਦੇਸ਼ ਰਾਹੀਂ ਕਿਹਾ ਕਿ ਸਾਡੇ ਵਿੱਚ ਇੱਛਾ ਹੋਣੀ ਚਾਹੀਦੀ ਹੈ ਨਾ ਕਿ ਜ਼ਿਦ। ਸਾਡੇ ਵਿੱਚ ਬਹਾਦਰੀ ਹੋਵੇ ਜਲਦਬਾਜ਼ੀ ਨਹੀਂ, ਸਾਡੇ ਵਿੱਚ ਮਮਤਾ ਹੋਵੇ ਕਮਜ਼ੋਰੀ ਨਹੀਂ ਤੇ ਸਾਡੇ ਵਿੱਚ ਗਿਆਨ ਹੋਣਾ ਚਾਹੀਦਾ ਹੈ ਹੰਕਾਰ ਨਹੀਂ। ਅਸ਼ਵਨੀ ਗਰਗ ਨੇ ਅੱਗੇ ਕਿਹਾ ਕਿ ਕਿਸਮਤ ਨਾਲ ਫੈਸਲੇ ਨਹੀਂ ਬਦਲਦੇ ਲੇਕਿਨ ਫੈਸਲੇ ਨਾਲ ਇੱਕ ਦਿਨ ਕਿਸਮਤ ਜ਼ਰੂਰ ਬਦਲ ਜਾਂਦੀ ਹੈ। ਉਨ੍ਹਾਂ ਕਿਹਾ ਕਿ ਜਨਮ ਸਮੇਂ ਸਾਡਾ ਨਾਮ ਨਹੀਂ ਹੁੰਦਾ ਮਾਤਰ ਸਾਹ ਹੁੰਦੇ ਹਨ, ਮੌਤ ਸਮੇਂ ਨਾਮ ਹੁੰਦਾ ਹੈ ਪਰ ਸਾਹ ਨਹੀਂ ਹੁੰਦੇ, ਇਨ੍ਹਾ ਸਾਹਾਂ ਅਤੇ ਨਾਮ ਦੇ ਵਿਚਕਾਰ ਸਫਰ ਨੂੰ ਹੀ ਜ਼ਿੰਦਗੀ ਕਹਿੰਦੇ ਹਨ। ਅਸ਼ਵਨੀ ਗਰਗ ਨੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਸਾਨੂੰ ਵਿੱਦਿਅਕ ਗਿਆਨ ਦੇ ਨਾਲ ਨਾਲ ਅਧਿਆਤਮਕ ਗਿਆਨ ਬਾਰੇ ਜਾਣਕਾਰੀ ਲੈਣ ਲਈ ਅੱਗੇ ਆਉਣਾ ਚਾਹੀਦਾ ਹੈ।

ਸਰਬਸੰਮਤੀ ਨਾਲ ਚੁਣੀਆਂ ਔਰਤ ਸਰਪੰਚਾਂ ਦਾ ਸਨਮਾਨ

ਮਾਛੀਵਾੜਾ ਸਾਹਿਬ, (ਸ਼ੈਕੀ ਸ਼ਰਮਾ, ਜਗਦੀਸ਼ ਰਾਏ) 'ਬੇਟੀ ਬਚਾਓ-ਬੇਟੀ ਪੜ੍ਹਾਓ' ਵੈਲਫ਼ੇਅਰ ਸੁਸਾਇਟੀ ਵੱਲੋਂ ਸਰਬਸੰਮਤੀ ਨਾਲ ਚੁਣੀਆਂ ਔਰਤ ਸਰਪੰਚਾਂ ਨੂੰ ਸਨਮਾਨਤ ਕੀਤਾ ਗਿਆ। ਸਰਪ੍ਰਸਤ ਸਾਬਕਾ ਕੌਂਸਲਰ ਸੁਰਿੰਦਰ ਕੁਮਾਰ ਛਿੰਦੀ ਵਲੋਂ ਪਿੰਡ ਲੁਬਾਣਗੜ੍ਹ ਦੀ ਸਰਪੰਚ ਪਰਮਜੀਤ ਕੌਰ ਅਤੇ ਉਧੋਵਾਲ ਖੁਰਦ ਦੀ ਸਰਪੰਚ ਬਲਜੀਤ ਕੌਰ ਨੂੰ ਸਨਮਾਨਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਵਲੋਂ ਸਰਬਸੰਮਤੀ ਨਾਲ ਮਹਿਲਾ ਸਰਪੰਚ ਚੁਣ ਕੇ ਔਰਤਾਂ ਦਾ ਮਾਣ ਵਧਾਇਆ ਹੈ ਤੇ ਨਵੇਂ ਚੁਣੇ ਸਰਪੰਚ ਆਪਣੇ ਪਿੰਡਾਂ ਦੇ ਵਿਕਾਸ ਕੰਮਾਂ ਨੂੰ ਇਮਾਨਦਾਰੀ ਤੇ ਬਿਨਾਂ ਕਿਸੇ ਭੇਦ ਭਾਵ ਨਾਲ ਕੰਮਾਂ ਨੂੰ ਪਹਿਲ ਦੇ ਆਧਾਰ ਕਰਨ।

ਇਸ ਮੌਕੇ ਚੇਅਰਮੈਨ ਪਰਮਵੀਰ ਧੰਮੀ, ਮੁੱਖ ਸਲਾਹਕਾਰ ਪਰਮਜੀਤ ਸਿੰਘ ਨੀਲੋਂ, ਪ੍ਰਧਾਨ ਕੁਲਵੰਤ ਕੌਰ ਨੀਲੋਂ, ਅਵਤਾਰ ਸਿੰਘ ਤਾਰੀ, ਅੱਛਰ ਰਾਮ, ਸਾਬਕਾ ਇੰਸਪੈਕਟਰ ਜਗਦੇਵ ਸਿੰਘ, ਸੁਖਦੇਵ ਸਿੰਘ ਬਿੱਟੂ, ਸਵਰਨ ਸਿੰਘ ਸੰਨੀ, ਬਲਵੰਤ ਸਿੰਘ, ਸੁਸ਼ਮਾ ਰਾਣੀ, ਗੁਰਪ੍ਰੀਤ ਕੌਰ, ਜਸਵੀਰ ਕੌਰ, ਗੀਨਾ ਰਾਣੀ, ਸੀਮਾ ਰਾਣੀ, ਮਲਕੀਤ ਕੌਰ ਆਦਿ ਹਾਜ਼ਰ ਸਨ।

ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਵੱਲੋਂ ਖਾਦ ਡੀਲਰਾਂ ਦੀ ਚੈਕਿੰਗ

ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ) ਐਸ.ਡੀ.ਐਮ ਪ੍ਰਮੋਦ ਸਿੰਗਲਾ ਵੱਲੋਂ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੂੰ ਜਾਰੀ ਕੀਤੇ ਦਿਸ਼ਾ-ਨਿਰਦੇਸ਼ਾਂ ਤਹਿਤ ਟੀਮਾਂ ਨੇ ਖਾਦ ਡੀਲਰਾਂ ਦੀ ਅਚਨਚੇਤ ਚੈਕਿੰਗ ਕੀਤੀ ਤੇ ਡੀਏਪੀ ਖਾਦ ਸਬੰਧੀ ਸਰਕਾਰ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਦੇ ਆਦੇਸ਼ ਦਿੱਤੇ। ਸ਼ਹਿਰ ਵਿੱਚ ਚੈਕਿੰਗ ਦੀ ਅਗਵਾਈ ਕਰਦਿਆਂ ਖੇਤੀਬਾੜੀ ਵਿਕਾਸ ਅਫ਼ਸਰ ਦਮਨਪ੍ਰੀਤ ਸਿੰਘ ਨੇ ਖਾਦ ਡੀਲਰਾਂ ਨੂੰ ਕਿਹਾ ਕਿ ਕਿਸੇ ਵੀ ਖਰੀਦਦਾਰ ਦੁਆਰਾ ਖਰੀਦੀ ਜਾਣ ਵਾਲੀ ਵਸਤ ਦਾ ਬਿੱਲ ਜ਼ਰੂਰ ਦਿੱਤਾ ਜਾਵੇ ਤੇ ਡੀਏਪੀ ਖਾਦ ਦੀ ਵਿਕਰੀ ਦੌਰਾਨ ਬੇਲੋੜੀਆਂ ਵਸਤੂਆਂ ਟੈਗ ਨਾ ਕੀਤੀਆਂ ਜਾਣ।ਉਨ੍ਹਾਂ ਕਿਹਾ ਕਿ ਜੇਕਰ ਭਵਿੱਖ ਵਿੱਚ ਕੋਈ ਵੀ ਅਜਿਹਾ ਮਾਮਲਾ ਪ੍ਰਸ਼ਾਸਨ ਦੇ ਧਿਆਨ ਵਿੱਚ ਆਉਂਦਾ ਹੈ ਤਾਂ ਸਬੰਧਤ ਡੀਲਰ ਖਿਲਾਫ਼ ਕਾਰਵਾਈ ਕੀਤੀ ਜਾਵੇਗੀ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ 'ਵਰਸਿਟੀ ਵਿਖੇ 'ਐਕਸਲ ਅਸੈਂਸੀਅਲਸ: ਅਨਲੌਕਿੰਗ ਡਾਟਾ ਐਨਾਲੀਸਿਸ ਬੇਸਿਕਸ' ਵਿਸ਼ੇ 'ਤੇ ਵਰਕਸ਼ਾਪ

ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਦੇ ਅਰਥ ਸ਼ਾਸਤਰ ਵਿਭਾਗ ਨੇ 'ਐਕਸਲ ਅਸੈਂਸੀਅਲਸ: ਅਨਲੌਕਿੰਗ ਡਾਟਾ ਐਨਾਲੀਸਿਸ ਬੇਸਿਕਸ' ਵਿਸ਼ੇ ਤੇ ਦੋ-ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ। ਵਿਦਿਆਰਥੀਆਂ ਨੂੰ ਡਾਟਾ ਵਿਸ਼ਲੇਸ਼ਣ ਲਈ ਜ਼ਰੂਰੀ ਐਕਸਲ ਹੁਨਰਾਂ ਨਾਲ ਲੈਸ ਕਰਨ ਦੇ ਉਦੇਸ਼ ਨਾਲ ਵਰਕਸ਼ਾਪ ਦਾ ਆਯੋਜਨ ਡਾ. ਸੁਮਿਤ ਕੁਮਾਰ, ਅਰਥ ਸ਼ਾਸਤਰ ਵਿਭਾਗ ਦੇ ਮੁਖੀ ਦੁਆਰਾ ਕੀਤਾ ਗਿਆ। ਵਰਕਸ਼ਾਪ ਵਿੱਚ ਜ਼ਰੂਰੀ ਡੇਟਾ ਵਿਸ਼ਲੇਸ਼ਣ ਟੂਲ ਸਿਖਾਏ ਗਏ ਅਤੇ ਵਿਭਿੰਨ ਅਕਾਦਮਿਕ ਪਿਛੋਕੜ ਵਾਲੇ ਵਿਦਿਆਰਥੀਆਂ ਨੇ ਇਸ ਵਰਕਸ਼ਾਪ ਵਿਚ ਸ਼ਮੂਲੀਅਤ ਕੀਤੀ । ਸਿਖਲਾਈ ਸੈਸ਼ਨ ਵਿਚ ਡਾਟਾ ਪ੍ਰਬੰਧਨ ਅਤੇ ਵਿਸ਼ਲੇਸ਼ਣ ਦੇ ਨੁਕਤੇ ਦੱਸੇ ਗਏ। ਡੀਨ ਅਕਾਦਮਿਕ ਮਾਮਲੇ ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ ਨੇ ਵਰਕਸ਼ਾਪ ਦੇ ਸਫਲਤਾਪੂਰਵਕ ਸੰਪੰਨ ਹੋਣ 'ਤੇ ਫੈਕਲਟੀ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. ਪ੍ਰਿਤਪਾਲ ਸਿੰਘ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਸ ਤਰ੍ਹਾਂ ਦੀ ਸਿਖਲਾਈ ਵਿਦਿਆਰਥੀਆਂ ਨੂੰ ਢੁਕਵੀਂ, ਹੁਨਰ-ਮੁਖੀ ਸਿੱਖਿਆ ਪ੍ਰਦਾਨ ਕਰਨ ਦੇ ਯੂਨੀਵਰਸਿਟੀ ਦੇ ਮਿਸ਼ਨ ਨੂੰ ਮਜ਼ਬੂਤ ਕਰਦੀ ਹੈ। ਵਾਈਸ-ਚਾਂਸਲਰ ਸਾਹਿਬ ਨੇ ਕਿਹਾ ਕਿ ਇਸ ਤਰ੍ਹਾਂ ਦੀ ਸਿਖਲਾਈ ਵਿਦਿਆਰਥੀਆਂ ਨੂੰ ਭਵਿੱਖ ਵਿਚ ਕਰੀਅਰ ਦੀਆਂ ਚੁਣੌਤੀਆਂ ਲਈ ਤਿਆਰ ਕਰਦੀ ਹੈ।

ਪੁਲਸ ਵੱਲੋਂ ਅਪਰਾਧਾਂ 'ਚ ਵਰਤਿਆ ਲਾਲ ਰੰਗ ਦਾ ਮੋਟਰਸਾਈਕਲ ਤੇ ਦੋ ਮੋਬਾਈਲ ਫੋਨ ਬਰਾਮਦ

ਵਿਕਾਸ ਪ੍ਰਭਾਕਰ ਕਤਲ ਕੇਸ 'ਚ ਵੀ ਵਿਦੇਸ਼ੀ ਅਧਾਰਤ ਹੈਂਡਲਰ ਹਰਜੀਤ ਉਰਫ ਲਾਡੀ ਸੀ ਲੋੜੀਂਦਾ : ਡੀ ਜੀ ਪੀ

ਲੁਧਿਆਣਾ (ਰਾਜ ਸਿੰਗਲਾ)-ਪੰਜਾਬ ਕਾਊਂਟਰ ਇੰਟੈਲੀਜੈਂਸ ਅਤੇ ਲੁਧਿਆਣਾ ਕਮਿਸ਼ਨਰੇਟ ਪੁਲਸ ਨੇ ਇੱਕ ਸਾਂਝੇ ਆਪ੍ਰੇਸ਼ਨ ਵਿੱਚ ਬੱਬਰ ਖਾਲਸਾ ਇੰਟਰਨੈਸ਼ਨਲ (ਬੀ ਕੇ ਆਈ) ਹਮਾਇਤ ਪ੍ਰਾਪਤ ਵਿਦੇਸ਼ੀ ਮੂਲ ਦੇ ਹਰਜੀਤ ਸਿੰਘ ਉਰਫ ਲਾਡੀ ਅਤੇ ਸਾਥੀ ਦੁਆਰਾ ਚਲਾਏ ਜਾ ਰਹੇ ਮਡਿਊਲ ਦੇ ਚਾਰ ਮੈਂਬਰਾਂ ਨੂੰ ਗ੍ਰਿਫਤਾਰ ਕਰਕੇ ਸ਼ਿਵ ਸੈਨਾ ਦੇ ਆਗੂਆਂ ਨੂੰ ਨਿਸ਼ਾਨਾ ਬਣਾਉਣ ਵਾਲੇ ਪੈਟਰੋਲ ਬੰਬ ਹਮਲਿਆਂ ਦੇ ਕੇਸ ਨੂੰ ਸੁਲਝਾ ਲਿਆ ਹੈ। ਡਾਇਰੈਕਟਰ ਜਨਰਲ ਆਫ ਪੁਲਸ ਪੰਜਾਬ ਗੌਰਵ ਯਾਦਵ ਨੇ ਇੱਥੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੀ ਪਛਾਣ ਜਸਵਿੰਦਰ ਸਿੰਘ ਉਰਫ ਬਿੰਦਰ ਵਾਸੀ ਬੂਥਗੜ੍ਹ ਜ਼ਿਲ੍ਹਾ ਲੁਧਿਆਣਾ, ਰਵਿੰਦਰ ਪਾਲ ਸਿੰਘ ਉਰਫ ਰਵੀ (38), ਮਨੀਸ਼ ਸਾਹਿਦ ਉਰਫ ਸੰਜੂ (30) ਅਤੇ ਅਨਿਲ ਕੁਮਾਰ ਉਰਫ ਹਨੀ (27) ਤਿੰਨੋਂ ਵਾਸੀ ਰਾਹੋਂ ਜ਼ਿਲ੍ਹਾ ਨਵਾਂਸ਼ਹਿਰ ਵਜੋਂ ਹੋਈ ਹੈ।

7-NovPAGE-11-Majha-2024.qxd 11/6/2024 10:39 PM Page 1

ਲੋਕ ਸੇਵਾ ਦਲ ਨੇ ਐੱਸ ਡੀ ਐੱਮ ਨੂੰ ਸੌਂਪਿਆ ਮੰਗ ਪੱਤਰ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਦੀਨਾਨਗਰ ਸਹਿਰ ਵਿੱਚ ਆ ਰਹੀਆਂ ਸਮੱਸਿਆਵਾਂ ਦਾ ਹੱਲ ਕਰਵਾਉਣ ਲਈ ਲੋਕ ਸੇਵਾ ਦਲ ਰਜਿ. ਵੱਲੋਂ ਐੱਸਡੀਐੱਮ ਦੀਨਾਨਗਰ ਨੂੰ ਸੁਸਾਇਟੀ ਪ੍ਰਧਾਨ ਸੁਖਵਿੰਦਰ ਸਿੰਘ ਪਹਾੜਾ ਦੀ ਅਗਵਾਈ ਵਿੱਚ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਆਪਣੀਆਂ ਮੰਗਾਂ ਨੂੰ ਲੈ ਕੇ ਪ੍ਰਧਾਨ ਪਾਹੜਾ ਨੇ ਦੱਸਿਆ ਕਿ ਥਾਣਾ ਚੌਕ ਵਿੱਚ ਗੋਲ ਚੌਕ ਬਣਾਇਆ ਜਾਵੇ ਅਤੇ ਚੌਕ ਵਿੱਚ ਲਾਲ, ਪੀਲੀ, ਹਰੀ ਲਾਈਟ ਲਗਾ ਕੇ ਟਰੈਫਿਕ ਦੀ ਸਮੱਸਿਆ ਦਾ ਹੱਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਥਾਣੇ ਵਾਲੇ ਚੌਕ ਦੀ ਸਫਾਈ ਰੱਖਣੀ ਲਈ ਥਾਣੇ ਦੇ ਨੇੜੇ ਲੱਗਾ ਵਿਸਾਲ ਕੂੜਾ ਡੰਪ ਨੂੰ ਚੁਕਾ ਕੇ ਕਿਸੇ ਹੋਰ ਜਗਾ ਤੇ ਕੂੜਾ ਡੰਪ ਕੀਤਾ ਜਾਵੇ, ਤਾਂ ਜੋ ਸਹਿਰ ਦੇ ਲੋਕਾਂ ਨੂੰ ਸੁਦ ਅਤੇ ਸਾਫ ਸੁਥਰਾ ਵਾਤਾਵਰਨ ਮਿਲ ਸਕੇ। ਉਨ੍ਹਾਂ ਅੱਗੇ ਕਿਹਾ ਕਿ ਮੇਨ ਬੱਸ ਸਟੈਂਡ ਅੰਦਰ ਬਣੇ ਬਾਥਰੂਮ ਵਿੱਚ ਪ੍ਰੋਪਰ ਸਫਾਈ ਕਰਨ ਲਈ ਸੰਬੰਧਿਤ ਵਿਭਾਗ ਦੇ ਮੁਲਾਜ਼ਮਾਂ ਦੀ ਡਿਊਟੀ ਲਗਾਈ ਜਾਵੇ। ਗਰੀਨ ਸਿਟੀ ਕਲੋਨੀ ਅਤੇ ਸਹਿਰ ਦੇ ਹੋਰ ਹਿੱਸਿਆਂ ਵਿੱਚ ਵਾਟਰ ਸਪਲਾਈ ਪਾਈਪਾਂ ਵਿਛਾਈਆਂ ਜਾਣ, ਲੋਕਾਂ ਨੂੰ ਸਾਫ ਪਾਣੀ ਮੁਹਈਆ ਕਰਵਾਈਆ ਜਾਵੇ। ਉਨ੍ਹਾਂ ਕਿਹਾ ਕਿ ਦੇਦਵਾਂ ਕਾਲਜ ਨੂੰ ਅਪਗ੍ਰੇਡ ਕਰਕੇ ਪੀਟੀਯੂ ਕੈਂਪਸ ਖੋਲ ਕੇ ਕਲਾਸਾਂ ਸ਼ੁਰੂ ਕਰਵਾਈਆਂ ਜਾਣ ਤਾਂ ਜੋ ਬਾਰਡਰ ਏਰੀਏ ਨਾਲ ਸੰਬੰਧਿਤ ਵਿਦਿਆਰਥੀ ਪੜ੍ਹਾਈ ਦਾ ਲਾਭ ਲੈ ਸਕਣ। ਅੰਤ ਵਿਚ ਪ੍ਰਧਾਨ ਨੇ ਕਿਹਾ ਕਿ ਅਗਰ 25 ਦਿਨਾਂ ਅੰਦਰ ਅੰਦਰ ਕੋਈ ਹੱਲ ਨਾ ਨਿਕਲਿਆ ਤਾਂ ਲੋਕ ਸੇਵਾ ਦਲ ਅਤੇ ਹੋਰ ਜਥੇਬੰਦੀਆਂ ਦੇ ਸਹਿਯੋਗ ਨਾਲ ਸੰਘਰਸ ਕਰਨ ਲਈ ਮਜਬੂਰ ਹੋਣਗੀਆ ਜਿਸ ਦੀ ਜ਼ਿੰਮੇਵਾਰੀ ਮੌਜੂਦਾ ਸਰਕਾਰ ਅਤੇ ਪ੍ਰਸ਼ਾਸਨ ਦੀ ਹੋਵੇਗੀ। ਇਸ ਮੌਕੇ ਡਾਕਟਰ ਰਮੇਸ਼ ਕੁਮਾਰ, ਡਾਕਟਰ ਤਰਸੇਮ ਲਾਲ ਥਾਪਰ, ਬਲਜਿੰਦਰ ਸਿੰਘ ਲੋਹਗੜ , ਸਵਰਨ ਸਿੰਘ, ਪੂਰਨ ਚੰਦ, ਹਰਦੇਵ ਸਿੰਘ ਚਿੱਟੀ, ਹਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

22 ਸਾਲਾ ਨੌਜਵਾਨ ਦੀ ਸੜਕ ਹਾਦਸੇ 'ਚ ਮੌਤ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਸੜਕ ਹਾਦਸੇ ਵਿੱਚ 22 ਸਾਲਾ ਨੌਜਵਾਨ ਦੀ ਮੌਤ ਹੋਣ ਦਾ ਦੁਖਦਾਈ ਸਮਾਚਾਰ ਮਿਲਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੜਕ ਸੁਰੱਖਿਆ ਫੋਰਸ ਦੇ ਕਰਮਚਾਰੀ ਕਾਂਸਟੇਬਲ ਹਰਪ੍ਰੀਤ ਸਿੰਘ ਤੇ ਵਰਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਜਦੋਂ ਸੂਚਨਾ ਮਿਲੀ ਤਾਂ ਉਹ ਤੁਰੰਤ ਘਟਨਾ ਵਾਲੀ ਸਥਾਨ ਤੇ ਪਹੁੰਚੇ ਤਾਂ ਉਨਾਂ ਦੇਖਿਆ ਕਿ ਇੱਕ ਨੌਜਵਾਨ ਦੀ ਮੌਕੇ 'ਤੇ ਹੀ ਮੌਤ ਹੋ ਗਈ ਸੀ ਜਿਸ ਤੋਂ ਬਾਅਦ ਉਨ੍ਹਾਂ ਨੇ ਸਥਾਨਕ ਪੁਲਸ ਨੂੰ ਸੂਚਿਤ ਕੀਤਾ।ਇਸ ਦੌਰਾਨ ਥਾਣਾ ਕਾਹਨੂੰਵਾਨ ਦੇ ਐੱਸਐੱਚਓ ਕੁਲਵਿੰਦਰਜੀਤ ਸਿੰਘ ਦੀ ਅਗਵਾਈ ਵਿੱਚ ਸਬ-ਇੰਸਪੈਕਟਰ ਪੁਲਸ ਥਾਣਾ ਕਾਹਨੂੰਵਾਨ ਤੋਂ ਤਰਲੋਕ ਚੰਦ, ਏਐੱਸਆਈ ਰਸ਼ਪਾਲ ਸਿੰਘ ਪੁਲਿਸ ਪਾਰਟੀ ਸਮੇਤ ਘਟਨਾ ਸਥਾਨ ਤੇ ਪਹੁੰਚੇ ਅਤੇ ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਮ੍ਰਿਤਕ ਨੌਜਵਾਨ ਦੀ ਪਹਿਚਾਣ ਵਿਸ਼ਾਲ ਪੁੱਤਰ ਬਲਵਿੰਦਰ ਸਿੰਘ ਵਾਸੀ ਭੱਟੀਆਂ ਵੱਜੋਂ ਹੋਈ ਹੈ ਜੋ ਆਪਣੇ ਮੋਟਰਸਾਈਕਲ ਤੇ ਸਵਾਰ ਹੋ ਕੇ ਗੁਰਦਾਸਪੁਰ ਤੋਂ ਸ਼੍ਰੀ ਹਰਗੋਬਿੰਦਪੁਰ ਰੋਡ ਪਿੰਡ ਸਠਿਆਲੀ ਨਜ਼ਦੀਕ ਜਾ ਰਿਹਾ ਸੀ।ਅਚਾਨਕ ਉਸਨੂੰ ਕਿਸੇ ਅਣਪਛਾਤੇ ਵਾਹਨ ਨੇ ਟੱਕਰ ਮਾਰ ਦਿੱਤੀ ਅਤੇ ਉਸ ਦੀ ਮੌਕੇ ਤੇ ਹੀ ਮੌਤ ਹੋ ਗਈ।ਇਕੱਤਰ ਕੀਤੀ ਗਈ ਜਾਣਕਾਰੀ ਅਨੁਸਾਰ ਮ੍ਰਿਤਕ ਨੌਜਵਾਨ ਵਿਸ਼ਾਲ ਜਾਗੋਵਾਲ ਬਾਂਗਰ ਡੇਅਰੀ ਉਪਰ ਕੰਮ ਕਰਦਾ ਸੀ।ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਅਜੇ ਤੱਕ ਇਹ ਪਤਾ ਨਹੀਂ ਲੱਗ ਸਕਿਆ ਕਿ ਮ੍ਰਿਤਕ ਨੌਜਵਾਨ ਦੇ ਮੋਟਰਸਾਈਕਲ ਨੂੰ ਟੱਕਰ ਕਿਸ ਵਾਹਨ ਨੇ ਮਾਰੀ ਹੈ।ਉਨ੍ਹਾਂ ਦੱਸਿਆ ਕਿ ਮ੍ਰਿਤਕ ਨੌਜਵਾਨ ਦੇ ਪਰਿਵਾਰਕ ਮੈਂਬਰ ਮੌਕੇ 'ਤੇ ਪਹੁੰਚ ਚੁੱਕੇ ਹਨ।ਜੋ ਵੀ ਬਿਆਨ ਦਰਜ ਕਰਵਾਉਣਗੇ ਉਸ ਦੇ ਆਧਾਰ 'ਤੇ ਅਗਲੀ ਕਾਰਵਾਈ ਮਾਮਲੇ ਵਿੱਚ ਲਿਆਂਦਾ ਜਾਵੇਗਾ।ਉਧਰ ਦੂਜੇ ਪਾਸੇ ਨੌਜਵਾਨ ਦੀ ਹੋਈ ਅਚਾਨਕ ਸੜਕ ਹਾਦਸੇ ਵਿੱਚ ਮੌਤ ਤੋਂ ਬਾਅਦ ਪਰਿਵਾਰਿਕ ਮੈਂਬਰਾਂ ਦਾ ਰੋ ਰੋ ਕੇ ਬੁਰਾ ਹਾਲ ਸੀ ਤੇ ਪੂਰੇ ਪਿੰਡ ਦੇ ਵਿੱਚ ਸੋਗ ਦੀ ਲਹਿਰ ਫੈਲ ਗਈ ਹੈ ।

ਐੱਸ ਐੱਸ ਪੀ ਹਰੀਸ਼ ਦਾਯਮਾ ਨੇ ਦਫਤਰ 'ਚ ਆਏ ਲੋਕਾਂ ਦੀਆਂ ਮੁਸ਼ਕਿਲਾਂ ਸੁਣ ਕੇ ਕੀਤੀਆਂ ਹੱਲ

ਗੁਰਦਾਸਪੁਰ, (ਦਿਨੇਸ਼ ਕੁਮਾਰ)-ਹਰੀਸ ਦਾਯਮਾ ਐੱਸਐੱਸਪੀ ਗੁਰਦਾਸਪੁਰ ਵਲੋਂ ਦਫਤਰ ਵਿੱਚ ਆਏ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਗਈਆਂ ਅਤੇ ਕਿਹਾ ਕਿ ਗੁਰਦਾਸਪੁਰ ਪੁਲਸ, ਲੋਕਾਂ ਦੀਆਂ ਮੁਸ਼ਕਿਲਾਂ ਦਾ ਹੱਲ ਕਰਨ ਲਈ ਵਚਨਬੱਧ ਹੈ। ਇਸ ਮੌਕੇ ਗੱਲ ਕਰਦਿਆਂ ਐੱਸ. ਐੱਸ. ਪੀ ਗੁਰਦਾਸਪੁਰ ਨੇ ਕਿ ਉਨ੍ਹਾਂ ਵਲੋਂ ਪੁਲਸ ਜ਼ਿਲ੍ਹਾ ਗੁਰਦਾਸਪੁਰ ਦੇ ਸਮੂਹ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਲੋਕਾਂ ਦੀਆਂ ਮੁਸ਼ਕਿਲਾਂ ਪਹਿਲ ਦੇ ਆਧਾਰ ਤੇ ਹੱਲ ਕਰਨ ਨੂੰ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਪੁਲਸ ਵਿਭਾਗ ਦੀ ਹਮੇਸ਼ਾ ਪਹਿਲ ਰਹੀ ਹੈ ਕਿ ਜੋ ਵੀ ਵਿਅਕਤੀ ਉਨ੍ਹਾਂ ਪਾਸ ਦੁੱਖ ਤਕਲੀਫਾਂ ਲੈ ਕੇ ਆਉਂਦੇ ਹਨ, ਉਨ੍ਹਾਂ ਨੂੰ ਸੁਣ ਕੇ ਹੱਲ ਕੀਤਾ ਜਾਵੇ। ਐੱਸ. ਐੱਸ. ਪੀ. ਨੇ ਦੱਸਿਆ ਕਿ ਗੁਰਦਾਸਪੁਰ ਪੁਲਿਸ ਵੱਲੋਂ ਨਸ਼ੇ ਨੂੰ ਖਤਮ ਕਰਨ ਲਈ ਵਿਸ਼ੇਸ਼ ਮੁਹਿੰਮ ਵਿੱਢੀ ਗਈ ਹੈ। ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਵਿਸੇਸ ਉਪਰਾਲੇ ਕੀਤੇ ਗਏ ਹਨ। ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਨਸ਼ਾ ਵਿਰੋਧੀ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਗੁਰਦਾਸਪੁਰ ਪੁਲਸ ਵਲੋਂ ਵਿਦਿਆਰਥੀਆਂ ਨੂੰ ਟਰੈਫਿਕ ਨਿਯਮਾਂ ਅਤੇ ਨਸ਼ਿਆ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦੇਣ ਲਈ ਜਾਗਰੂਕਤਾ ਸੈਮੀਨਾਰ ਲਗਾਏ ਜਾ ਰਹੇ ਹਨ। ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਤ ਕਰਨ ਲਈ ਖੇਡ ਟੂਰਨਾਮੈਂਟ ਕਰਵਾਏ ਜਾਂਦੇ ਹਨ ਤਾਂ ਜੋ ਨੌਜਵਾਨ ਨਸ਼ਿਆਂ ਦੇ ਜਾਲ ਵਿੱਚ ਨਾ ਫਸਣ।

ਐੱਸ. ਐੱਸ. ਪੀ. ਗੁਰਦਾਸਪੁਰ ਨੇ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਮਾਜਿਕ ਬੁਰਾਈ, ਨਸ਼ਿਆਂ ਖਿਲਾਫ ਸਹਿਯੋਗ ਕਰਨ। ਨਸ਼ਿਆਂ/ਗੈਰ-ਕਾਨੂੰਨੀ ਕਾਰੋਬਾਰ ਕਰਨ ਵਾਲੇ ਵਿਅਕਤੀਆਂ ਦੀ ਡਰੱਗ ਹੈਲਪਲਾਈਨ ਨੰਬਰ 78145-45950 ਅਤੇ ਪੁਲਸ ਹੈਲਪਲਾਈਨ 112 ਅਤੇ 97800- 02601 ਤੇ ਪੁਲਸ ਨੂੰ ਇਤਲਾਹ ਦੇਣ, ਅਜਿਹੇ ਵਿਅਕਤੀਆਂ ਖਿਲਾਫ ਠੋਸ ਕਾਰਵਾਈ ਕੀਤੀ ਜਾਵੇਗੀ। ਜਾਣਕਾਰੀ ਦੇਣ ਵਾਲੇ ਦਾ ਨਾਮ ਤੇ ਪਹਿਚਾਣ ਗੁਪਤ ਰੱਖੀ ਜਾਂਦੀ ਹੈ।

ਸ੍ਰੀ ਗੁਰੂ ਹਰਕ੍ਰਿਸ਼ਨ ਸਕੂਲ ਫਤਿਹਾਬਾਦ ਦੇ ਵਿਦਿਆਰਥੀ ਅਥਲੈਟਿਕਸ ਮੁਕਾਬਲਿਆਂ 'ਚ ਰਹੇ ਮੋਹਰੀ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਸ੍ਰੀ ਗੁਰੂ ਹਰਕ੍ਰਿਸ਼ਨ ਸਕੂਲ ਫਤਿਹਾਬਾਦ ਦੇ ਵਿਦਿਆਰਥੀਆਂ ਨੇ ਜ਼ੋਨ ਗੋਇੰਦਵਾਲ ਸਾਹਿਬ ਦੇ ਹੋਏ ਅਥਲੈਟਿਕਸ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਵੱਖ-ਵੱਖ ਮੁਕਾਬਲਿਆਂ ਵਿੱਚ ਮੈਡਲ ਜਿੱਤੇ ।ਸਕੂਲ ਪ੍ਰਿੰਸੀਪਲ ਅਨੀਤਾ ਚਤਰਥ ਨੇ ਦੱਸਿਆ ਕਿ ਸਕੂਲ ਦੇ ਵਿਦਿਆਰਥੀਆਂ ਵਿੱਚੋਂ ਅੰਡਰ-14 ਲੜਕਿਆਂ ਦੇ ਮੁਕਾਬਲਿਆਂ ਵਿੱਚ ਅਭੀਜੋਤ ਸਿੰਘ ਨੇ ਡਿਸਕਸ ਥ੍ਰੋਅ ਵਿੱਚ ਪਹਿਲਾ, ਹਿਤੇਨ ਚੋਪੜਾ ਨੇ 100 ਮੀ: ਦੌੜ ਵਿੱਚ ਦੂਸਰਾ, ਅਭੀਜੋਤ ਸਿੰਘ ਨੇ 200 ਮੀ: ਦੌੜ ਵਿੱਚ ਦੂਸਰਾ, ਅਕਾਸ਼ਦੀਪ ਸਿੰਘ ਨੇ 400 ਮੀ: ਦੌੜ ਤੀਸਰਾ ਸਥਾਨ, ਅਬੀਜੋਤ ਸਿੰਘ ਨੇ ਸ਼ਾਟਪੁੱਟ ਵਿੱਚ ਤੀਸਰਾ ਸਥਾਨ ਹਾਸਲ ਕੀਤਾ।ਇਸ ਪ੍ਰਕਾਰ ਅੰਡਰ -14 ਲੜਕੀਆਂ ਦੇ ਮੁਕਾਬਲਿਆ ਵਿੱਚ ਰਮਨਦੀਪ ਕੌਰ ਨੇ 100 ਅਤੇ 200 ਮੀ: ਦੌੜ ਵਿੱਚ ਪਹਿਲਾ, ਏਕਮਜੋਤ ਕੌਰ ਨੇ ਸ਼ਾਟਪੁੱਟ ਵਿੱਚ ਦੂਸਰਾ ਸਥਾਨ, ਖੁਸ਼ੀ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।ਅੰਡਰ-17 ਲੜਕੀਆਂ ਦੇ ਮੁਕਾਬਲਿਆਂ 'ਚ ਪਵਨਦੀਪ ਕੌਰ ਨੇ 200 ਮੀ: ਦੌੜ ਵਿਚ ਪਹਿਲਾ, ਬਾਣੀ ਨੇ 200 ਮੀ: ਦੌੜ ਵਿੱਚ ਤੀਸਰਾ ਅਤੇ ਡਿਸਕਸ ਥ੍ਰੋਅ ਵਿੱਚ ਨਮਨਦੀਪ ਕੌਰ ਤੀਸਰਾ, ਪਵਨਦੀਪ ਕੌਰ ਨੇ ਜੈਵਲਿਨ ਥ੍ਰੋਅ ਵਿੱਚ ਦੂਸਰਾ ਸਥਾਨ ਅਤੇ ਲੜਕਿਆਂ ਵਿੱਚ ਮਨਿੰਦਰਦੀਪ ਸਿੰਘ ਨੇ 200 ਮੀ: ਦੌੜ ਵਿੱਚ ਪਹਿਲਾ ਅਤੇ ਲੰਬੀ ਛਾਲ ਵਿੱਚ ਤੀਸਰਾ ਸਥਾਨ, ਸੁਖਮਨਦੀਪ ਸਿੰਘ ਨੇ 100 ਮੀ: ਦੌੜ ਵਿੱਚ ਤੀਸਰਾ ਅਤੇ ਡਿਸਕਸ ਥ੍ਰੋਅ ਵਿੱਚ ਤੀਸਰਾ ਸਥਾਨ ਹਾਸਿਲ ਕੀਤਾ। ਅਨੀਤਾ ਚਤਰਥ ਨੇ ਦੱਸਿਆ ਕਿ ਸਕੂਲ ਲਈ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਸਕੂਲ ਦੇ 12 ਵਿਦਿਆਰਥੀ ਜ਼ਿਲਾ ਪੱਧਰੀ ਮੁਕਾਬਲਿਆਂ ਲਈ ਚੁਣੇ ਗਏ ਹਨ।ਇਸ ਮੌਕੇ ਸਕੂਲ ਦੇ ਐੱਮਡੀ ਰਵਿੰਦਰ ਕੁਮਾਰ, ਮਾਸਟਰ ਮੰਗਤ ਰਾਮ ਅਤੇ ਪ੍ਰਿੰ. ਅਨੀਤਾ ਚਤਰਥ ਨੇ ਵਿਦਿਆਰਥੀਆਂ ਦੀ ਇਸ ਕਾਮਯਾਬੀ ਦਾ ਸਿਹਰਾ ਕੋਚ ਸਹਿਬਾਨ ਤੇਜਿੰਦਰਪ੍ਰੀਤ ਸਿੰਘ, ਜਸਬੀਰ ਸਿੰਘ ਅਤੇ ਸਮੂਹ ਅਧਿਆਪਕ ਸਹਿਬਾਨ ਨੂੰ ਦਿੰਦੇ ਹੋਏ ਵਿਦਿਆਰਥੀਆਂ ਅਤੇ ਕੋਚ ਨੂੰ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਲਈ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਸਕੂਲ ਪ੍ਰਬੰਧਕਾਂ ਵੱਲੋਂ ਵਿਦਿਆਰਥੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸੰਤੋਸ਼ ਕੁਮਾਰੀ, ਮਮਤਾ ਮੈਡਮ, ਮਨਜਿੰਦਰ ਕੌਰ, ਕੰਵਲਪ੍ਰੀਤ ਕੌਰ, ਜਸਬੀਰ ਸਿੰਘ, ਅੰਤਰਪ੍ਰੀਤ ਕੌਰ, ਕੋਮਲਪ੍ਰੀਤ ਕੌਰ, ਇੰਦੀਪ ਮੈਡਮ, ਨਵਜੋਤ ਕੌਰ ਬਲਜੀਤ ਕੌਰ, ਹਰਪ੍ਰੀਤ ਕੌਰ, ਜਸਪ੍ਰੀਤ ਕੌਰ, ਕਿਰਨਦੀਪ ਕੌਰ, ਅਰਚਨਾ, ਰਜਨੀਸ਼, ਰਮਨਦੀਪ ਕੌਰ, ਮਨਜਿੰਦਰ ਮੈਡਮ, ਨਵਨੀਤ ਮੈਡਮ ਆਦਿ ਹਾਜ਼ਰ ਸਨ।

ਬਿਨਾਂ ਭੇਦਭਾਵ ਤੋਂ ਕਰਵਾਇਆ ਜਾਵੇਗਾ ਪਿੰਡ ਲਾਧੂਪੁਰ ਦਾ ਵਿਕਾਸ: ਗੁਰਵਿੰਦਰ ਸਿੰਘ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਬਿਨਾਂ ਕਿਸੇ ਵਿਤਕਰੇ ਤੋਂ ਪਿੰਡ ਲਾਧੂਪੁਰ ਗ੍ਰਾਮ ਪੰਚਾਇਤ ਦਾ ਵਿਕਾਸ ਕਰਵਾਇਆ ਜਾਵੇਗਾ।ਪਿੰਡ ਦੇ ਵਿਕਾਸ ਨੂੰ ਲੈ ਕੇ 24 ਘੰਟੇ ਲੋਕਾਂ ਦੀ ਸੇਵਾ ਲਈ ਹਾਜ਼ਰ ਰਹਾਂਗਾ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਕਾਦੀਆਂ ਅਧੀਨ ਪੈਂਦੇ ਪਿੰਡ ਲਾਧੂਪੁਰ ਦੇ ਸਰਪੰਚ ਗੁਰਵਿੰਦਰ ਸਿੰਘ ਪੁੱਤਰ ਸਰਵਨ ਸਿੰਘ ਦੇ ਵੱਲੋਂ ਕੀਤਾ ਗਿਆ।ਉਨ੍ਹਾਂ ਕਿਹਾ ਕਿ ਪੰਚਾਇਤੀ ਚੋਣਾਂ ਦੌਰਾਨ ਉਹ 86 ਵੋਟਾਂ ਤੇ ਜੇਤੂ ਰਹੇ ਅਤੇ ਉਨ੍ਹਾਂ ਦੇ ਨਾਲ ਬਲਬੀਰ ਸਿੰਘ, ਜਸਪਾਲ ਸਿੰਘ, ਬਲਵਿੰਦਰ ਕੌਰ, ਜਸਬੀਰ ਕੌਰ, ਪਰਮਜੀਤ ਕੌਰ ਮੈਂਬਰ ਚੁਣੇ ਗਏ।ਸਰਪੰਚ ਗੁਰਵਿੰਦਰ ਸਿੰਘ ਵੱਲੋਂ ਪਿੰਡ ਵਾਸੀਆਂ ਦਾ ਅਤੇ ਵੋਟਰਾਂ ਦਾ ਤੇ ਸਪੋਰਟਰਾਂ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਪਿੰਡ ਦੇ ਵਿਕਾਸ ਕਾਰਜ ਕਰਵਾਏ ਜਾਣਗੇ ਅਤੇ ਕਿਸੇ ਨਾਲ ਵੀ ਕੋਈ ਵਿਤਕਰਾ ਨਹੀਂ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਉਹਨਾਂ ਦਾ ਮਕਸਦ ਹੈ ਕਿ ਪਿੰਡ ਦੇ ਵਿਕਾਸ ਨੂੰ ਪਹਿਲ ਦੇਣਾ ਅਤੇ ਹਰ ਪਿੰਡ ਵਾਸੀ ਨੂੰ ਨਾਲ ਲੈ ਕੇ ਪਿੰਡ ਦਾ ਵਿਕਾਸ ਕਰਵਾਉਣਾ ।ਇਸ ਮੌਕੇ ਉਨ੍ਹਾਂ ਦੇ ਨਾਲ ਹੋਰਨਾਂ ਤੋਂ ਇਲਾਵਾ ਹਰਭਜਨ ਸਿੰਘ, ਨਵਜੋਤ ਸਿੰਘ, ਬਲਵਿੰਦਰ ਸਿੰਘ ,ਕੁਲਦੀਪ ਸਿੰਘ, ਬਿਕਰਮਜੀਤ ਸਿੰਘ, ਡਾਕਟਰ ਜਸਬੀਰ ਸਿੰਘ, ਬਲਜੀਤ ਸਿੰਘ, ਜਰਨੈਲ ਸਿੰਘ, ਗੁਰਨਾਮ ਸਿੰਘ, ਨਿਰਮਲ ਸਿੰਘ, ਮਾਸਟਰ ਨਿਰਮਲ ਸਿੰਘ ਸਮੇਤ ਸਮੂਹ ਨਗਰ ਨਿਵਾਸੀ ਆਦਿ ਹਾਜ਼ਰ ਸਨ।

ਆਦਰਸ਼ ਸੋਸ਼ਲ ਵੈੱਲਫੇਅਰ ਐਂਡ ਐਜੂਕੇਸ਼ਨਲ ਸੋਸਾਇਟੀ ਗੁਰਦਾਸਪੁਰ ਨੇ ਦੰਡੇ ਸਰਟੀਫਿਕੇਟ ਤੇ ਸਿਲਾਈ ਮਸ਼ੀਨਾਂ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਆਦਰਸ਼ ਸੋਸ਼ਲ ਵੈੱਲਫੇਅਰ ਐਂਡ ਐਜੂਕੇਸ਼ਨਲ ਸੋਸਾਇਟੀ ਗੁਰਦਾਸਪੁਰ ਵੱਲੋਂ ਜ਼ਰੂਰਤਮੰਦ ਲੜਕੀਆਂ ਨੂੰ ਹੁਨਰਮੰਦ ਬਣਾਉਣ ਲਈ ਪਿੰਡ ਬਾਂਠਾਵਾਲਾ ਵਿਖੇ ਚਲਾਏ ਗਏ ਛੇ ਮਹੀਨੇ ਦੇ ਕੋਰਸ ਕਟਿੰਗ ਟੇਲਰਿੰਗ ਟ੍ਰੇਨਿੰਗ ਦੇ ਆਖਰੀ ਦਿਨ ਵਿਦਿਆਰਥੀਆਂ ਨੂੰ ਮੁਫਤ ਸਿਲਾਈ ਮਸ਼ੀਨਾਂ ਅਤੇ ਸਰਟੀਫਿਕੇਟ ਵੰਡੇ ਗਏ। ਇਸ ਸਮਾਗਮ ਦੇ ਮੁੱਖ ਮਹਿਮਾਨ ਪ੍ਰਿੰਸੀਪਲ ਗੀਨਾ ਸਰਮਾਲ ਨੇ ਕਿਹਾ ਕਿ ਦਿਨੋਂ ਦਿਨ ਵੱਧਦੀ ਬੇਰੋਜ਼ਗਾਰੀ ਦੇ ਦੌਰ ਵਿੱਚ ਲੜਕੀਆਂ ਨੂੰ ਹੁਨਰਮੰਦ ਬਣਾਉਣਾ ਸੁਸਾਇਟੀ ਦਾ ਬਹੁਤ ਹੀ ਵਧੀਆ ਉਪਰਾਲਾ ਹੈ ਜਿਸ ਨਾਲ ਲੜਕੀਆਂ ਨੂੰ ਆਪਣੇ ਘਰ ਵਿਚ ਹੀ ਰੋਜ਼ਗਾਰ ਮਿਲ ਸਕਦਾ ਹੈ। ਫਿਰ ਸੁਸਾਇਟੀ ਦੇ ਪ੍ਰਧਾਨ ਸਤਨਾਮ ਸਿੰਘ ਨੇ ਕਿਹਾ ਕਿ ਸਾਡੀ ਸੰਸਥਾ ਲੰਬੇ ਸਮੇਂ ਤੋਂ ਲੋਕ ਭਲਾਈ ਦੇ ਖੇਤਰ ਵਿੱਚ ਕੰਮ ਕਰਦੀ ਆ ਰਹੀ ਹੈ। ਸਾਡੀ ਸੰਸਥਾ ਵੱਲੋਂ ਬੇਸਹਾਰਾ ਬਜ਼ੁਰਗਾਂ ਲਈ ਬਿਰਧ ਆਸ਼ਰਮ ਖੋਲਿ ਆ ਗਿਆ ਹੈ ਜਿਸ ਵਿਚ ਕੋਈ ਵਿ ਜ਼ਰੂਰਤਮੰਦ ਬਜ਼ੁਰਗ ਰਹਿ ਸਕਦਾ ਹੈ ਜਿਸ ਵਿੱਚ ਸੋਸਾਇਟੀ ਵਲੋਂ ਬਜ

7-Nov-PAGE-12.qxd 11/6/2024 10:46 PM Page 1

ਪ੍ਰਕਾਸ਼ ਪੁਰਬ ਮੌਕੇ ਪਹਿਲੀ ਵਾਰ ਹੋਵੇਗਾ ਅੰਤਰਰਾਸ਼ਟਰੀ ਕੁਸ਼ਤੀ ਦੰਗਲ

ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ)- ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ 555ਵੇਂ ਪ੍ਰਕਾਸ਼ ਪੁਰਬ ਮੌਕੇ ਸੁਲਤਾਨਪੁਰ ਲੋਧੀ ਦੀ ਪਵਿੱਤਰ ਧਰਤੀ ਉੱਪਰ ਕਪੂਰਥਲਾ ਰੈਸਲਿੰਗ ਐਸੋਸੀਏਸ਼ਨ ਵੱਲੋਂ ਪਹਿਲਾ ਪੰਜਾਬ ਕੇਸਰੀ ਕੁਸ਼ਤੀ ਦੰਗਲ 14 ਨਵੰਬਰ ਨੂੰ ਗੁਰੂ ਨਾਨਕ ਸਟੇਡੀਅਮ ਵਿਖੇ ਕਰਵਾਇਆ ਜਾ ਰਿਹਾ ਹੈ। ਜਿਸ ਵਿੱਚ ਅੰਤਰਰਾਸ਼ਟਰੀ ਪੱਧਰ ਦੇ ਪਹਿਲਵਾਨ ਆਪਣੇ ਜੌਹਰ ਦਿਖਾਉਣਗੇ। ਰੈਸਲਿੰਗ ਐਸੋਸੀਏਸ਼ਨ ਕਪੂਰਥਲਾ ਦੇ ਪ੍ਰਧਾਨ ਕੁਲਵੰਤ ਸਿੰਘ ਸ਼ਾਹ ਯੂ ਐਸ ਏ ਨੇ ਦੱਸਿਆ ਕਿ ਆਜ਼ਾਦੀ ਤੋਂ ਬਾਅਦ ਪਹਿਲੀ ਵਾਰ ਸੁਲਤਾਨਪੁਰ ਲੋਧੀ ਦੀ ਪਵਿੱਤਰ ਧਰਤੀ ਉੱਪਰ ਕੁਸ਼ਤੀ ਦਾ ਮਹਾਂਕੁੰਭ ਪ੍ਰਵਾਸੀ ਭਾਰਤੀਆਂ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਕੁਸ਼ਤੀ ਦਾ ਮਹਾਂਕੁੰਭ ਸਾਹਿਬ ਸ੍ਰੀ ਨਾਨਕ ਦੇਵ ਜੀ ਦੇ 555ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੋਵੇਗਾ ਇਸ ਦਾ ਉਦਘਾਟਨ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਕਰਨਗੇ ਅਤੇ ਅਰਜੁਨਾ ਐਵਾਰਡੀ ਸੱਜਣ ਸਿੰਘ ਚੀਮਾ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਣਗੇ। ਇਸ ਦੰਗਲ ਵਿੱਚ ਸਾਰੀਆਂ ਕੁਸ਼ਤੀਆਂ ਅੰਤਰਰਾਸ਼ਟਰੀ ਨਿਯਮਾਂ ਅਨੁਸਾਰ ਮੈਟ ਉੱਪਰ ਪਾਰਦਰਸ਼ੀ ਢੰਗ ਨਾਲ ਹੋਣਗੀਆਂ। ਉਨ੍ਹਾਂ ਦੱਸਿਆ ਕਿ ਕੁਸ਼ਤੀ ਦੇ ਇਸ ਮਹਾਂਦੰਗਲ ਲਈ ਧਰਮ ਸਿੰਘ ਮੈਰੀਪੁਰ ਯੂ ਐਸ ਏ,ਕੁਲਦੀਪ ਸਿੰਘ ਟੁਰਨਾ ਯੂ ਕੇ,ਨੱਥਾ ਸਿੰਘ ਢਿੱਲੋਂ ਤਾਸਪੁਰ ਯੂ ਐਸ ਏ,ਹਰਨੇਕ ਸਿੰਘ ਨੇਕਾ ਮੈਰੀਪੁਰ ਯੂ ਕੇ, ਸਤਨਾਮ ਸਿੰਘ ਕਾਂਜਲੀ ਯੂ ਐਸ ਏ, ਸਾਬਕਾ ਡੀ ਐਸ ਪੀ ਪਿਆਰਾ ਸਿੰਘ ਬਿੱਲਾ ਪਾਜੀਆਂ ਵਾਲਾ ,ਬਲਬੀਰ ਸਿੰਘ ਡੇਰਾ ਨੰਦ ਸਿੰਘ, ਰਣਧੀਰ ਸਿੰਘ ਧੀਰਾ ਯੂ ਐਸ ਏ ਅਤੇ ਜੋਤਸਾਹ ਸਿੰਘ ਸੇਠੀ ਬੀ ਐਲ ਜੀ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਜਾ ਰਿਹਾ ਹੈ।ਰੈਸਲਿੰਗ ਐਸੋਸੀਏਸ਼ਨ ਦੇ ਜਨਰਲ ਸਕੱਤਰ ਸਾਬਕਾ ਡੀ ਐਸ ਪੀ ਪਿਆਰਾ ਸਿੰਘ ਬਿੱਲਾ ਪਾਜੀਆਂ ਵਾਲਾ ਨੇ ਦੱਸਿਆ ਕਿ ਇਸ ਕੁਸ਼ਤੀ ਦੰਗਲ ਵਿੱਚ ਪੰਜਾਬ ਕੇਸਰੀ 80 ਕਿਲੋਗ੍ਰਾਮ, ਪੰਜਾਬ ਕੁਮਾਰ ਅੰਡਰ 80 ਕਿਲੋਗ੍ਰਾਮ, ਸ਼ਾਨੇ ਪੰਜਾਬ ਅੰਡਰ 85 ਕਿਲੋਗ੍ਰਾਮ ਅਤੇ ਬਾਲ ਕੇਸਰੀ ਟਾਈਟਲ ਹੇਠ ਮੁਕਾਬਲੇ ਕਰਵਾਏ ਜਾਣਗੇ।ਉੱਘੇ ਪਹਿਲਵਾਨ ਮਲਕੀਤ ਸਿੰਘ ਕਾਂਜਲੀ ਨੇ ਦੱਸਿਆ ਕਿ ਇਸ ਮਹਾਂਕੁੰਭ ਵਿੱਚ ਲੜਕੀਆਂ ਦੇ 75 ਕਿਲੋਗ੍ਰਾਮ ਭਾਰ ਵਰਗ ਦੇ ਮੁਕਾਬਲੇ ਵੀ ਕਰਵਾਏ ਜਾਣਗੇ, ਜਿਸ ਵਿੱਚ ਅੰਤਰਰਾਸ਼ਟਰੀ ਪੱਧਰ ਦੀਆਂ ਲੜਕੀਆਂ ਭਾਗ ਲੈਣਗੀਆਂ। ਇਸ ਮੌਕੇ ਐਸੋਸੀਏਸ਼ਨ ਦੇ ਮੈਂਬਰ ਕੁਲਬੀਰ ਸਿੰਘ ਵਲਨੀ, ਪ੍ਰੈਸ ਸਕੱਤਰ ਜਗਮੋਹਣ ਸਿੰਘ, ਮਾਸਟਰ ਰੇਸ਼ਮ ਸਿੰਘ ਬੂੜੇਵਾਲ, ਬਲਵਿੰਦਰ ਸਿੰਘ ਲਾਡੀ,ਗੋਰਵ ਧੀਰ, ਜਤਿੰਦਰ ਸੇਠੀ, ਅਮਰਜੀਤ ਸਿੰਘ ਆਦਿ ਹਾਜ਼ਰ ਸਨ।

ਹੁਸ਼ਿਆਰਪੁਰ ਨੇ ਜਲੰਧਰ ਨੂੰ ਸੈਮੀਫਾਈਨਲ ਮੁਕਾਬਲੇ 'ਚ 3-2 ਨਾਲ ਹਰਾਇਆ

ਮਾਹਿਲਪੁਰ (ਸਫਰੀ)-ਪੰਜਾਬ ਸਰਕਾਰ ਖੇਡ ਵਿਭਾਗ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ 2024 ਅਧੀਨ ਰਾਜ ਪੱਧਰੀ ਖੇਡ ਫੁੱਟਬਾਲ ਦਾ ਟੂਰਨਾਮੈਂਟ ਦੇ ਤੀਜੇ ਦਿਨ ਵੀ ਵੱਖ-ਵੱਖ ਖੇਡ ਵੈਨਿਊ ਤੇ ਸੈਮੀਫਾਈਨਲ ਮੁਕਾਬਲੇ ਕਰਵਾਏ ਗਏ। ਗੁਰਪ੍ਰੀਤ ਸਿੰਘ ਬਾਜਵਾ ਨੇ ਦੱਸਿਆ ਕਿ ਰਾਜ ਪੱਧਰ ਫੁੱਟਬਾਲ ਟੂਰਨਾਮੈਂਟਾਂ 'ਚ ਪੰਜਾਬ ਰਾਜ ਦੇ ਸਮੂਹ ਜਿਲ੍ਹਿਆਂ 'ਚੋਂ ਅੰਡਰ 14, 17, 21, 21-30, 31-40 ਸਾਲ ਦੇ ਖਿਡਾਰੀ ਭਾਗ ਲੈ ਰਹੇ ਹਨ। ਇਹ ਟੂਰਨਾਮੈਂਟ 4 ਨਵੰਬਰ ਤੋਂ 7 ਨਵੰਬਰ ਤੱਕ ਲੜਕੇ /ਮਰਦ ਅਤੇ 8 ਨਵੰਬਰ ਤੋਂ 10 ਨਵੰਬਰ ਤੱਕ ਲੜਕੀਆਂ/ ਔਰਤਾਂ ਦੇ ਮੁਕਾਬਲੇ ਕਰਵਾਏ ਜਾਣਗੇ। 6 ਅਕਤੂਬਰ ਦੇ ਹੁਣ ਤੱਕ ਦੇ ਸੈਮੀਫਾਈਨਲ ਮੁਕਾਬਲਿਆਂ ਦੇ ਨਤੀਜਿਆ 'ਚ ਅੰਡਰ-14 (ਲੜਕੇ) ਵਿਚੋਂ ਜ਼ਿਲ੍ਹਾ ਹੁਸ਼ਿਆਰਪੁਰ ਨੇ ਜ਼ਿਲ੍ਹਾ ਜਲੰਧਰ ਨੂੰ ਸੈਮੀਫਾਈਨਲ ਮੁਕਾਬਲੇ ਵਿੱਚੋਂ 3-2 ਅਤੇ ਮਾਨਸਾ ਨੇ ਜ਼ਿਲ੍ਹਾ ਰੂਪਨਗਰ ਨੂੰ ਹਰਾ ਕੇ ਫਾਈਨਲ ਵਿੱਚ ਪਰਵੇਸ਼ ਕੀਤਾ। ਇਸੇ ਤਰ੍ਹਾਂ ਅੰਡਰ 17 ਸਾਲ ਲੜਕਿਆਂ ਦੀ ਜਿਲ੍ਹਾ ਰੂਪਨਗਰ ਦੀ ਟੀਮ ਨੇ ਜਿਲਾ ਗੁਰਦਾਸਪੁਰ ਨੂੰ 01-0 ਨਾਲ ਹਰਾਇਆ ਅਤੇ ਫਾਈਨਲ ਮਕਾਬਲੇ ਵਿਚ ਪੈਰ ਰੱਖਿਆ। ਅੰਡਰ-21 ਵਿਚੋਂ ਲੜਕਾਂ ਦੀ ਜ਼ਿਲ੍ਹਾ ਹੁਸ਼ਿਆਰਪੁਰ ਦੀ ਟੀਮ ਨੇ ਜ਼ਿਲ੍ਹਾ ਮਲੇਰਕੋਟਲਾ ਨੂੰ 03-00 ਨਾਲ, ਅਤੇ ਜ਼ਿਲ੍ਹਾ ਅੰਮ੍ਰਿਤਸਰ ਨੇ ਜ਼ਿਲ੍ਹਾ ਪਟਿਆਲਾ ਨੂੰ 03-02 ਨਾ ਹਰਾਇਆ ਅਤੇ ਫਾਈਨਲ ਮੁਕਾਬਲੇ ਵਿਚ ਪਰਵੇਸ਼ ਕੀਤਾ। ਇਸੇ ਤਰ੍ਹਾਂ ਉਮਰ ਵਰਗ 21-30 ਸਾਲ ਲੜਕਿਆਂ ਦੀ ਜ਼ਿਲ੍ਹਾ ਅੰਮ੍ਰਿਤਸਰ ਦੀ ਟੀਮ ਨੇ ਪਟਿਆਲਾ ਨੂੰ 04-03 ਦੇ ਫਰਕ ਨਾਲ, ਜ਼ਿਲ੍ਹਾ ਜਲੰਧਰ ਨੇ ਗੁਰਦਾਸਪੁਰ ਨੂੰ 02-01 ਨਾਲ ਅਤੇ ਲੁਧਿਆਣਾ ਨੇ ਜ਼ਿਲ੍ਹਾ ਸੰਗਰੂਰ ਨੂੰ 03-00 ਦੇ ਫਰਕ ਨਾਲ ਹਰਾ ਕੇ ਫਾਈਨਲ ਮੁਕਾਬਲਿਆਂ ਵਿਚ ਪਰਵੇਸ਼ ਕੀਤਾ। ਇਸੇ ਤਰ੍ਹਾ ਖੇਡਾਂ ਵਤਨ ਪੰਜਾਬ ਦੀਆਂ ਅਧੀਨ ਚੱਲ ਰਹੇ ਟੂਰਨਾਮੈਂਟ ਦਾ ਤੀਜਾ ਦਿਨ ਵੀ ਸਫਲਤਾ ਪੂਰਵਕ ਹੋ ਨਿਬੜਿਆ।

ਸਾਹਿਤ ਪੜ੍ਹਨ ਦੀ ਬਿਰਤੀ ਘਟਣ ਨਾਲ ਪੰਜਾਬ ਦੀ ਬੌਧਿਕ ਪਰੰਪਰਾ ਕਮਜ਼ੋਰ ਪੈ ਰਹੀ : ਗਿਆਨੀ ਪਿੰਦਰਪਾਲ ਸਿੰਘ

ਸ਼ਾਹਕੋਟ (ਗਿਆਨ ਸੈਦਪੁਰੀ) ਵਿਸ਼ਵ ਪ੍ਰਸਿੱਧ ਕਥਾ ਵਾਚਕ ਤੇ ਉੱਘੇ ਲੇਖਕ ਗਿਆਨੀ ਪਿੰਦਰਪਾਲ ਸਿੰਘ ਨੇ ਸ਼ਹੀਦ ਭਗਤ ਸਿੰਘ ਨਗਰ ਵਿਖੇ ਪੰਜਾਬੀ ਲੋਕ ਵਿਰਾਸਤ ਅਕਾਡਮੀ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਤੇ ਹੋਰਨਾਂ ਨਾਲ ਵਿਚਾਰ ਵਟਾਂਦਰਾ ਕਰਦਿਆਂ ਕਿਹਾ ਹੈ ਕਿ ਪੁਰਾਤਨ ਤੇ ਨਵੀਨ ਸਾਹਿਤ ਪੜ੍ਹਨ ਦੀ ਬਿਰਤੀ ਘਟਣ ਕਾਰਨ ਪੰਜਾਬ ਦੀ ਬੌਧਿਕ ਪਰੰਪਰਾ ਕਮਜ਼ੋਰ ਪੈ ਰਹੀ ਹੈ। ਗਿਆਨ ਦੇ ਸੋਮਿਆਂ ਤੀਕ ਖੁਦ ਪਹੁੰਚਣ ਦੀ ਥਾਂ ਅਸੀਂ ਕਿਸੇ ਹੋਰ ਦੇ ਪੜ੍ਹੇ ਪੜ੍ਹਾਏ 'ਤੇ ਨਿਰਭਰ ਹੋ ਰਹੇ ਹਾਂ। ਇਸ ਬਾਰੇ ਸਭ ਧਿਰਾਂ ਨੂੰ ਸਿਰ ਜੋੜ ਕੇ ਸ਼ਬਦ ਚੇਤਨਾ ਲਹਿਰ ਚਲਾਉਣ ਦੀ ਸਖਤ ਲੋੜ ਹੈ। ਉਨ੍ਹਾਂ ਇਸ ਮੌਕੇ ਪ੍ਰੋ. ਗੁਰਭਜਨ ਸਿੰਘ ਗਿੱਲ ਨੂੰ "ਗੁਰਮੁਖੀ ਵਿਰਸਾ ਤੇ ਵਰਤਮਾਨ ਹੱਥ ਲਿਖਤਾਂ ਦੇ ਪ੍ਰਸੰਗ ਵਿੱਚ" ਤੇ ਖਾਲਸਾ ਪੰਥ ਦੇ ਪਰਚਮ ਦਾ ਇੱਕ ਪੰਨਾ "ਮੋਰਚਾ ਗੰਗ ਸਰ ਜੈਤੋ" ਭੇਂਟ ਕੀਤੀਆਂ।

ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਗਿਆਨੀ ਪਿੰਦਰਪਾਲ ਸਿੰਘ ਦੇ ਵਿਚਾਰਾਂ ਨਾਲ ਸਹਿਮਤੀ ਪ੍ਰਗਟਾਉਂਦਿਆਂ ਕਿਹਾ ਕਿ ਸਿੱਖਿਆ, ਧਰਮ, ਖੇਡ ਸੱਭਿਆਚਾਰ ਤੇ ਲੋਕ ਸੇਵਾ ਅਦਾਰਿਆਂ ਨੂੰ ਸਿਰ ਜੋੜ ਕੇ ਇਸ ਪਾਸੇ ਧਿਆਨ ਦੇਣਾ ਚਾਹੀਦਾ ਹੈ। ਖੁਸ਼ੀ ਗਮੀ ਦੇ ਮੌਕੇ ਕਿਤਾਬਾਂ ਦਾ ਆਦਾਨ ਪ੍ਰਦਾਨ ਕਰਨਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਪਿਛਲੇ 16 ਸਾਲ ਤੋਂ ਲਗਾਤਾਰ ਅਸੀਂ ਪਿੰਡ ਕੋਟਲਾ ਸਾਹੀਆ (ਬਟਾਲਾ) ਵਿਖੇ ਹਰ ਸਾਲ ਖਿਡਾਰੀਆਂ ਨੂੰ ਨਕਦ ਇਨਾਮਾਂ ਦੇ ਨਾਲ ਨਾਲ ਤਿੰਨ ਕਿਤਾਬਾਂ ਦਾ ਸੈੱਟ ਵੀ ਭੇਂਟ ਕਰਦੇ ਹਾਂ ਜਿਸ ਵਿੱਚ ਇੱਕ ਕਿਤਾਬ ਧਰਮ ਨਾਲ ਸਬੰਧਤ, ਦੂਸਰੀ ਖੇਡਾਂ ਨਾਲ ਸਬੰਧਤ ਤੇ ਤੀਸਰੀ ਨਿਰੋਲ ਸਾਹਿੱਤ ਨਾਲ ਸਬੰਧਤ ਹੁੰਦੀ ਹੈ। ਖਿਡਾਰੀਆਂ ਦੇ ਸਰੀਰਕ ਬਲ ਦੇ ਨਾਲ ਨਾਲ ਮਾਨਸਿਕ ਵਿਕਾਸ ਲਈ ਵੀ ਹੁਣ ਤੀਕ ਕੀਤੇ ਯਤਨ ਚੰਗੇ ਨਤੀਜੇ ਦੇ ਰਹੇ ਹਨ। ਪ੍ਰੋ. ਗਿੱਲ ਨੇ ਗਿਆਨੀ ਪਿੰਦਰਪਾਲ ਸਿੰਘ ਨੂੰ ਆਪਣੀ ਲਾਇਬਰੇਰੀ ਵਿੱਚੋਂ ਪੰਥ ਰਤਨ ਮਾਸਟਰ ਤਾਰਾ ਸਿੰਘ ਵੱਲੋਂ ਲਿਖੀਆਂ ਗਈਆਂ ਪੰਜ ਪੁਸਤਕਾਂ ਦਾ ਸੈੱਟ ਤੇ ਕੁਝ ਹੋਰ ਮਹੱਤਵਪੂਰਨ ਪੁਸਤਕਾਂ ਦਾ ਪਰਾਗਾ ਭੇਂਟ ਕੀਤਾ। ਪ੍ਰੋ. ਗਿੱਲ ਨੇ ਕਿਹਾ ਕਿ ਮਾਸਟਰ ਤਾਰਾ ਸਿੰਘ ਸਿਰਫ ਸਿਆਸੀ ਆਗੂ ਨਹੀਂ ਬਲਕਿ ਇੱਕ ਰਾਸ਼ਟਰਵਾਦੀ ਸਿੱਖ ਨੇਤਾ ਸਨ ਜਿਨ੍ਹਾਂ ਨੇ ਕੌਮਾਂਤਰੀ ਪੱਧਰ 'ਤੇ ਸਿੱਖ ਪਛਾਣ ਨੂੰ ਸਥਾਪਿਤ ਕਰਨ ਦੇ ਨਾਲ ਨਾਲ ਜੰਗੇ ਆਜਾਦੀ ਵਿੱਚ ਵੀ ਵੱਡੀ ਭੂਮਿਕਾ ਨਿਭਾਈ। ਉਨ੍ਹਾਂ ਦੀਆਂ ਪੁਸਤਕਾਂ ਵਿੱਚੋਂ ਨਾਵਲ ਪ੍ਰੇਮ ਲਗਨ ਤੇ ਬਾਬਾ ਤੇਗਾ ਸਿੰਘ ਵਿੱਚੋਂ ਉਨ੍ਹਾਂ ਦੀ ਦੂਰ-ਅੰਦੇਸ਼ ਸੋਚ ਤੇ ਵਿਲੱਖਣ ਸ਼ਖਸੀਅਤ ਸਾਫ ਨਜਰ ਆਉਂਦੀ ਹੈ। ਇਨ੍ਹਾਂ ਪੁਸਤਕਾਂ ਦਾ ਪ੍ਰਕਾਸ਼ਨ ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ ਨੇ ਕੀਤਾ ਹੈ। ਇਸ ਮੌਕੇ ਜਸਜੀਤ ਸਿੰਘ ਨੱਤ ਯੂ ਐੱਸ ਏ, ਅੰਮ੍ਰਿਤਪਾਲ ਸਿੰਘ ਗਿੱਲ, ਕਸ਼ਮੀਰ ਸਿੰਘ ਵਿਰਕ, ਜਸਵਿੰਦਰ ਕੌਰ ਗਿੱਲ, ਰਵਨੀਤ ਕੌਰ ਗਿੱਲ, ਅਸੀਸ ਕੌਰ ਤੇ ਕੁਲਦੀਪ ਕੌਰ ਗਿੱਲ ਵੀ ਹਾਜਰ ਸਨ। ਗਿਆਨੀ ਪਿੰਦਰਪਾਲ ਸਿੰਘ ਨੇ ਬੇਟੀ ਸਿਰਜਣ ਕੌਰ ਗਿੱਲ ਦੇ ਜਨਮ ਦਿਨ ਮੌਕੇ ਅਸ਼ੀਰਵਾਦ ਵੀ ਦਿੱਤਾ।

ਆਰ ਬੀ ਯੂ ਦੇ ਅਲਫਾ ਸਕੂਲ ਨੇ ਮਿਲੀਪਿਕਸਲ ਨਾਲ ਕੀਤਾ ਸਮਝੌਤਾ

ਮੋਹਾਲੀ, ਕੁਰਾਲੀ (ਗੁਰਜੀਤ ਬਿੱਲਾ, ਮੋਹਨ ਅਗਰਵਾਲ)-ਰਿਆਤ ਬਾਹਰਾ ਗਰੁੱਪ ਦੇ ਅਲਫਾ ਸਕੂਲ ਨੇ ਮਿਲੀਪਿਕਸਲ ਇੰਟਰਐਕਟਿਵ, ਸੇਰੇਬ੍ਰੈਂਟ ਗਰੁੱਪ ਨਾਲ ਸਮਝੌਤਾ ਪੱਤਰ (ਐਮਓਯੂ) 'ਤੇ ਹਸਤਾਖਰ ਕੀਤੇ ਹਨ । ਇਹ ਸਾਂਝੀ ਕੋਸ਼ਿਸ਼ ਦੋਨੋਂ ਪੱਖਾਂ ਲਈ ਲਾਭਕਾਰੀ ਸਹਿਯੋਗ ਦੀ ਸ਼ੁਰੂਆਤ ਹੈ, ਜਿਸ ਦਾ ਮੁੱਖ ਮਕਸਦ ਟੈਕਨੋਲੋਜੀ , ਪ੍ਰਬੰਧਨ ਅਤੇ ਅਕਾਦਮਿਕ ਸਿਖਲਾਈ ਵਿੱਚ ਸਮੂਹਿਕ ਮੁਹਾਰਤ ਦਾ ਲਾਭ ਉਠਾਉਣ ਦੇ ਉਦੇਸ਼ ਨਾਲ ਪ੍ਰਭਾਵਸ਼ਾਲੀ ਸਿੱਖਣ ਦੇ ਮੌਕੇ ਪੈਦਾ ਕਰਨਾ ਹੈ। ਇਸ ਮੌਕੇ ਰਿਆਤ ਬਾਹਰਾ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ: ਪਰਵਿੰਦਰ ਸਿੰਘ,ਡਾ. ਐਸ ਕੇ ਬੰਸਲ ਡੀਨ ਅਕਾਦਮਿਕ, ਡਾ. ਸਿਮਰਜੀਤ ਕੌਰ ਡੀਨ ਵਿਦਿਆਰਥੀ ਭਲਾਈ ਅਤੇ ਹੋਰ ਪਤਵੰਤੇ ਫੈਕਲਟੀ ਮੈਂਬਰਾਂ ਤੋਂ ਇਲਾਵਾ ਅਲਫਾ ਸਕੂਲ ਦੀ ਡਾਇਰੈਕਟਰ ਸਾਕਸੀ ਮਹਿਤਾ, ਪ੍ਰੋਗਰਾਮ ਮੈਨੇਜਰ ਸ੍ਰਿਆ ਵੀ ਹਾਜਰ ਸਨ। ਜਦਕਿ ਮਿਲੀਪਿਕਸਲ ਇੰਟਰਐਕਟਿਵ ਤੋਂ ਹਰਜੀਤ ਐਸ. ਗੁਲਾਟੀ, ਸੀਈਓ, ਅਤੇ ਸਵੇਤਾ ਸਰਮਾ, ਐਚਆਰ ਦੇ ਗਰੁੱਪ ਵੀਪੀ, ਮੌਜੂਦ ਸਨ। ਰਿਆਤ ਬਾਹਰਾ ਯੂਨੀਵਰਸਿਟੀ ਦੇ ਰਜਿਸਟਰਾਰ ਡਾ: ਦਿਨੇਸ ਸਰਮਾ ਨੇ ਆਰਬੀਯੂ ਦੀ ਤਰਫੋਂ ਸਹਿਮਤੀ ਪੱਤਰ 'ਤੇ ਦਸਤਖਤ ਕੀਤੇ। ਇਸ ਸਾਂਝੇਦਾਰੀ ਦਾ ਮੁੱਖ ਟੀਚਾ ਉਦਯੋਗ ਦੀਆਂ ਮੰਗਾਂ ਅਤੇ ਅਕਾਦਮਿਕ ਸਰੋਤਾਂ ਵਿਚਕਾਰ ਅੰਤਰ ਨੂੰ ਪੂਰਾ ਕਰਨਾ ਤੇ ਵਿਦਿਆਰਥੀਆਂ ਨੂੰ ਵਿਕਾਸਸ਼ੀਲ ਨੌਕਰੀ ਬਾਜਾਰ ਲਈ ਜਰੂਰੀ ਹੁਨਰਾਂ ਨਾਲ ਲੈਸ ਕਰਨਾਹੈ।

ਫੁਗਲਾਨਾ ਵਿਖੇ ਬਾਬਾ ਬੰਦਾ ਸਿੰਘ ਬਹਾਦਰ ਦੇ ਜਨਮ ਦਿਹਾੜੇ ਨੂੰ ਸਮਰਪਤ ਫੁੱਟਬਾਲ ਟੂਰਨਾਮੈਂਟ ਕਰਵਾਇਆ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਵਿਸ਼ਵ ਦੋਆਬਾ ਰਾਜਪੂਤ ਸਭਾ ਪੰਜਾਬ ਵਲੋਂ ਪਹਿਲਾ ਸਾਲਾਨਾ ਫੁੱਟਬਾਲ ਟੂਰਨਾਮੈਂਟ ਪਿੰਡ ਫੁਗਲਾਣਾ ਦੀ ਗਰਾਊਂਡ ਵਿੱਚ ਕਰਵਾਇਆ ਗਿਆ । ਜਥੇਦਾਰ ਬਲਵੀਰ ਸਿੰਘ ਫੁਗਲਾਣਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਫੁੱਟਬਾਲ ਟੂਰਨਾਮੈਂਟ ਦਾ ਉਦਘਾਟਨ ਫਤਿਹ ਸਿੰਘ ਪਰਹਾਰ ਅਤੇ ਦਵਿੰਦਰ ਸਿੰਘ ਪਰਮਾਰ ਨੇ ਸਾਂਝੇ ਤੌਰ 'ਤੇ ਅਰਦਾਸ ਹੋਣ ਉਪਰੰਤ ਰੀਬਨ ਕੱਟ ਕੇ ਕੀਤਾ। ਟੂਰਨਾਮੈਂਟ ਵਿਚ ਉਪਨ ਫੁੱਟਬਾਲ ਦੀਆਂ 16 ਟੀਮਾਂ ਅਤੇ 2007 ਦੀਆਂ 08 ਟੀਮਾਂ ਨੇ ਹਿੱਸਾ ਲਿਆ। ਫਾਈਨਲ ਮੈਚ ਰਿਹਾਣਾ ਜੱਟਾਂ ਅਤੇ ਫੁਗਲਾਣਾ ਵਿਚਕਾਰ ਕਰਵਾਇਆ ਗਿਆ। ਜਿਸ ਵਿੱਚ ਪਿੰਡ ਫੁਗਲਾਣਾ ਦੀ ਟੀਮ ਜੇਤੂ ਰਹੀ। ਇਸੇ ਤਰ੍ਹਾਂ 2007 ਰਿਹਾਣਾ ਜੱਟਾਂ ਅਤੇ ਫੁਗਲਾਣਾ ਵਿਚਕਾਰ ਮੈਚ ਕਰਵਾਇਆ ਗਿਆ ਤੇ ਰਿਹਾਣਾ ਜੱਟਾਂ ਦੀ ਟੀਮ ਜੇਤੂ ਰਹੀ। ਲੜਕੀਆਂ ਦਾ ਫੁੱਟਬਾਲ ਟੂਰਨਾਮੈਂਟ ਮੈਚ ਲਵਲੀ ਯੂਨੀਵਰਸਿਟੀ ਜਲੰਧਰ ਅਤੇ ਗੁਰੂ ਨਾਨਕ ਯੂਨੀਵਰਸਿਟੀ ਅੰਮ੍ਰਿਤਸਰ ਵਿਚਕਾਰ ਹੋਇਆ। ਜਿਸ ਵਿਚ ਗੁਰੂ ਨਾਨਕ ਯੂਨੀਵਰਸਿਟੀ ਅੰਮ੍ਰਿਤਸਰ ਜੇਤੂ ਟੀਮ ਜੇਤੂ ਰਹੀ। ਉਨ੍ਹਾਂ ਦੱਸਿਆ ਕਿ ਉਪਨ ਫੁੱਟਬਾਲ ਵਿੱਚ ਪਹਿਲੇ ਸਥਾਨ 'ਤੇ ਰਹਿਣ ਵਾਲੀ ਟੀਮ ਨੂੰ 51000 ਰੁਪਏ ਅਤੇ ਦੂਜੇ ਸਥਾਨ ਉਪਰ ਰਹਿਣ ਵਾਲੀ ਟੀਮ ਨੂੰ 41000 ਰੁਪਏ ਦਿੱਤੇ ਜਾਣਗੇ। ਇਸੇ ਤਰ੍ਹਾਂ 2007 ਪਹਿਲੇ ਸਥਾਨ ਉਪਰ ਰਹਿਣ ਵਾਲੀ ਟੀਮ ਨੂੰ 21000 ਰੁਪਏ ਅਤੇ ਦੂਸਰੇ ਸਥਾਨ ਉਪਰ ਰਹਿਣ ਵਾਲੀ ਟੀਮ ਨੂੰ 15000 ਰੁਪਏ ਦਿੱਤੇ ਜਾਣਗੇ। ਪੰਜਾਬ ਦੇ ਮਸ਼ਹੂਰ ਕਲਾਕਾਰ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ।

ਮੁੱਖ ਮਹਿਮਾਨ ਸੋਹਣ ਸਿੰਘ ਠੰਡਲ ਸਾਬਕਾ ਕੈਬਨਿਟ ਮੰਤਰੀ ਪੰਜਾਬ ਅਤੇ ਭਾਰਤੀ ਜਨਤਾ ਪਾਰਟੀ ਹਲਕਾ ਚੱਬੇਵਾਲ ਦੇ ਉਮੀਦਵਾਰ, ਡਾਕਟਰ ਬਲਜੀਤ ਕੌਰ ਕੈਬਨਿਟ ਮੰਤਰੀ ਪੰਜਾਬ, ਡਾਕਟਰ ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਹੁਸ਼ਿਆਰਪੁਰ, ਡਾਕਟਰ ਰਵਜੋਤ ਸਿੰਘ ਕੈਬਨਿਟ ਮੰਤਰੀ ਪੰਜਾਬ ਸਾਂਝੇ ਤੌਰ 'ਤੇ ਜੇਤੂ ਅਤੇ ਉਪ ਜੇਤੂ ਟੀਮਾਂ ਨੂੰ ਇਨਾਮਾਂ ਦੀ ਵੰਡ ਕੀਤੀ । ਇਸ ਮੌਕੇ ਫਤਿਹ ਸਿੰਘ ਪਰਹਾਰ, ਦਵਿੰਦਰ ਸਿੰਘ ਪਰਮਾਰ, ਉਂਕਾਰ ਸਿੰਘ ਮਿਨਹਾਸ, ਜਸਪਾਲ ਸਿੰਘ ਪਰਮਾਰ, ਸੁਖਜੀਤ ਸਿੰਘ ਪਰਮਾਰ, ਬਲਵੀਰ ਸਿੰਘ ਫੁਗਲਾਣਾ ਪ੍ਰਧਾਨ ਬ